## ਜ਼ਰੂਰੀ ਸੂਚਨਾ

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬੰਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551



Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 5 ▪ ਅੰਕ 17 ▪ 16 ਅਪ੍ਰੈਲ 2026 ▪ ਵੀਰਵਾਰ ▪ ਸਫ਼ੇ 6 ▪ ਮੁੱਲ 2 ਰੁਪਏ ▪ ਸ੍ਰੀ ਮੁਕਤਸਰ ਸਾਹਿਬ



## ਪੱਤਰਕਾਰਾਂ ਦੀ ਲੋੜ ਹੈ

ਸ੍ਰੀ ਮੁਕਤਸਰ ਸਾਹਿਬ ਤੋਂ ਰੋਜ਼ਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ।

ਮੋ. 78890-72071


## ਰੈਡੀਮੇਡ ਸਟੋਰ '.ਗੈਰੀ ਕਲੈਕਸ਼ਨ ਧਰਮਕੋਟ' ਦੇ ਮਾਲਕ ਨੇ ਆਪਣੇ ਹੀ ਪਿਸਟਲ ਨਾਲ ਕੀਤੀ ਖੁਦਕੁਸ਼ੀ



**ਧਰਮਕੋਟ, 15 ਅਪ੍ਰੈਲ (ਸਤਨਾਮ ਸਿੰਘ ਘਾਰੂ/ ਰਾਜੂ ਆਹੂਜਾ)** ਸਥਾਨਕ ਸ਼ਹਿਰ ਧਰਮਕੋਟ ਦੇ ਗੈਰੀ ਕੁਲੈਕਸ਼ਨ ਸਟੋਰ (ਰੈਡੀਮੇਡ) ਦੇ ਮਾਲਕ ਗੁਰਪ੍ਰੀਤ ਸਿੰਘ ਉਰਫ ਗੈਰੀ ਵੱਲੋਂ ਜਲੰਧਰ ਰੋਡ ਪਿੰਡ ਪੰਡੋਰੀ ਅਰਾਈਆਂ ਦੇ ਨਜ਼ਦੀਕ ਆਪਣੇ ਖੁਦ ਦੇ ਪਿਸਟਲ ਨਾਲ ਗੋਲੀ ਮਾਰ ਕੇ ਖੁਦਕਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ । ਮਿਲੀ ਜਾਣਕਾਰੀ ਮੁਤਾਬਿਕ ਗੈਰੀ ਕਲੈਕਸ਼ਨ ਦੇ ਨਾਮ ਉੱਤੇ ਰਾਜਿੰਦਰਾ ਰੋਡ ਵਿਖੇ ਰੇਡੀਮੇਡ ਕੱਪੜਿਆਂ ਦੀ ਦੁਕਾਨ ਕਰਦਾ ਸੀ, ਪੁਲਿਸ ਨੂੰ ਪਰਿਵਾਰਿਕ ਮੈਂਬਰਾਂ ਨੇ ਸੂਚਨਾ ਦਿੱਤੀ ਗਈ ਅਤੇ ਪੁਲਿਸ ਮਾਮਲੇ ਦੀ ਜਾਂਚ ਵਿੱਚ ਲੱਗ ਗਈ ਹੈ। ਬੁੱਧਵਾਰ ਸਵੇਰੇ ਉਹ ਆਪਣੇ ਭਰਾ ਨੂੰ ਦੱਸਣ ਤੋਂ ਪਹਿਲਾਂ ਥੋੜੀ ਦੇਰ ਲਈ ਆਪਣੀ ਦੁਕਾਨ ਤੇ ਗਿਆ ਤੇ ਉਹ ਆਪਣੀ ਗੱਡੀ ਨੂੰ ਧਵਾਉਣ ਲਈ ਬਾਹਰ ਗਿਆ, ਉਸ ਤੋਂ ਬਾਅਦ ਵਾਪਸ ਨਹੀਂ ਆਇਆ, ਜਦੋਂ ਵਾਰ-ਵਾਰ ਫੋਨ ਕਰਨ ਤੇ ਕਾਲਾਂ ਦਾ ਜਵਾਬ ਨਹੀਂ ਮਿਲਿਆ ਤਾਂ ਪਰਿਵਾਰਿਕ ਮੈਂਬਰਾਂ ਨੇ ਜੀਪੀਐਸ ਦੀ ਵਰਤੋਂ ਕਰਕੇ ਉਸ ਦੀ ਗੱਡੀ ਨੂੰ ਟਰੈਕ ਕੀਤਾ ਅਤੇ ਐਸ.ਯੂ.ਵੀ ਦੇ ਅੰਦਰ ਖੂਨ ਨਾਲ ਲੱਥਪੱਥ ਹਾਲਤ ਵਿੱਚ ਪਾਇਆ ਗਿਆ। ਉਸ ਨੂੰ ਪਰਿਵਾਰਿਕ ਮੈਂਬਰਾਂ ਦੇ ਵੱਲੋਂ ਸਿਵਲ ਹਸਪਤਾਲ ਮੋਗਾ ਵਿਖੇ ਲਿਜਾਇਆ ਗਿਆ ਜਿੱਥੇ ਡਾਕਟਰਾਂ ਦੇ ਵੱਲੋਂ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਥਾਣਾ ਧਰਮਕੋਟ ਦੇ ਐਸਐਚਓ ਲਛਮਣ ਸਿੰਘ ਨੇ ਦੱਸਿਆ ਕਿ ਪਰਿਵਾਰਿਕ ਮੈਂਬਰਾਂ ਦੇ ਬਿਆਨਾਂ ਉੱਪਰ ਧਾਰਾ 174 ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

### ਮੋਰਿੰਡਾ-ਚੁੰਨੀ ਮਾਰਗ ਦੀ ਖ਼ਸਤਾ ਹਾਲਤ ਹੋਣ ਕਾਰਨ ਬੱਸ ਹਾਦਸਾ

## ਇੱਕੋ ਪਰਿਵਾਰ ਦੇ ਤਿੰਨ ਮੈਂਬਰਾਂ ਸਮੇਤ ਅੱਠ ਸ਼ਰਧਾਲੂਆਂ ਦੀ ਮੌਤ ਤੇ 25 ਜ਼ਖ਼ਮੀ

**ਬੱਸੀ ਪਠਾਣਾਂ, ਰਾਜਨ ਭੱਲਾ-** ਕੱਲ ਦੇਰ ਰਾਤ ਬਸੀ ਪਠਾਣਾਂ ਸਬ ਡਵੀਜਨ ਅਧੀਨ ਪੈਂਦੇ ਪਿੰਡ ਭਟਹੇੜੀ ਕੋਲ ਮੋਰਿੰਡਾ-ਚੁੰਨੀ ਮਾਰਗ ਤੇ ਬਸ ਪਲਟਨ ਨਾਲ ਇੱਕੋ ਪਰਿਵਾਰ ਦੇ ਤਿੰਨ ਮੈਂਬਰਾਂ ਸਮੇਤ ਅੱਠ ਸ਼ਰਧਾਲੂਆਂ ਦੀ ਮੌਤ ਅਤੇ 25 ਦੇ ਕਰੀਬ ਵਿਅਕਤੀਆਂ ਜ਼ਖਮੀ ਹੋ ਗਏ। ਘਟਨਾ ਸਥਲ ਤੇ ਹਾਜ਼ਰ ਪਿੰਡ ਵਾਸੀਆਂ ਨੇ ਦੱਸਿਆ ਕਿ ਕੱਲ ਰਾਤ ਸਾਢੇ ਨੌਂ ਵਜੇ ਦੇ ਕਰੀਬ ਜਦੋਂ ਇਹ ਬਸ ਮੋਰਿੰਡਾ - ਚੁੰਨੀ ਮਾਰਗ ਤੇ ਸਥਿਤ ਪਿੰਡ ਭਟਹੇੜੀ ਲਾਗਲੇ ਪਿੰਡ ਹਿੰਮਤਪੁਰਾ ਦੇ ਲੋਕਲ ਬਸ ਸਟੌਪ ਤੇ ਪਹੁੰਚੀ ਤਾਂ ਸੜਕ ਤੇ ਪਏ ਟੋਇਆਂ ਵਿੱਚ ਟਕਰਾਉਣ ਨਾਲ ਬਸ ਨਿਯੰਤਰਣ ਤੋਂ ਬਾਹਰ ਹੋਕੇ ਪਲਟਨ ਤੋਂ ਬਾਅਦ ਸੜਕ ਕੰਡੇ ਖੜ੍ਹੇ ਬਿਜਲੀ ਦੇ ਖੰਬੇ ਨਾਲ ਟਕਰਾ ਗਈ।ਸਰਕਾਰੀ ਸਹਾਇਤਾ ਆਉਣ ਤੋਂ ਪਹਿਲਾਂ ਲਾਗਲੇ ਪਿੰਡਾਂ ਦੇ ਲੋਕਾਂ ਨੇ ਜਖਮੀਆਂ ਅਤੇ ਮ੍ਰਿਤਕਾਂ ਨੂੰ ਬਸ ਤੋਂ ਬਾਹਰ ਕੱਢਿਆ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇਸ ਹਾਦਸੇ ਦਾ ਮੁੱਖ ਕਾਰਨ ਸੜਕ ਦੀ ਖ਼ਸਤਾ ਹਾਲਤ ਹੈ, ਅਤੇ



ਹਰ ਰੋਜ ਹੀ ਇਸ ਸੜਤ ਤੇ ਹਾਦਸੇ ਹੁੰਦੇ ਰਹਿੰਦੇ ਹਨ ਪਰ ਪ੍ਰਸ਼ਾਸਨ ਨੇ ਇਸ ਦੀ ਸਾਰ ਨਹੀ ਲਈ ਅਤੇ ਰਾਜਨੀਤਿਕ ਲੋਕਾਂ ਨੇ ਸਿਰਫ ਖੋਖਲੇ ਵਾਅਦੇ ਹੀ ਕੀਤੇ ਹਨ ਪਰ ਜਮੀਨ ਤੇ ਕੋਈ ਕੰਮ ਨਹੀ ਹੋਇਆ। ਜਦੋਂ ਇਸ ਹਾਦਸੇ ਬਾਰੇ ਐਸ.ਡੀ.ਐਮ. ਬਸੀ ਪਠਾਣਾਂ ਹਰਵੀਰ ਕੌਰ ਨਾਲ ਗਲਬਾਤ ਕੀਤੀ ਤਾਂ ਉਨ੍ਹਾਂ ਹਾਦਸੇ ਤੇ ਗਹਿਰਾ ਦੁੱਖ ਜ਼ਾਹਿਰ ਕਰਦਿਆਂ ਦੱਸਿਆ ਕਿ ਦੇਰ ਰਾਤ ਜਦੋਂ ਉਹਨਾਂ ਨੂੰ ਇਸ ਹਾਦਸੇ ਦਾ ਪਤਾ ਲੱਗਿਆ ਤਾਂ ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਹਾਦਸੇ ਵਾਲੇ ਸਥਾਨ ਤੇ ਤੁਰੰਤ ਰਵਾਨਾ ਹੋ ਕੇ ਪੀੜਤਾਂ ਨੂੰ ਰਾਹਤ ਦੇਣ ਦੇ ਹੁਕਮ ਦਿੱਤੇ। ਉਨ੍ਹਾਂ ਖੁਦ ਵੀ ਹਾਦਸੇ ਵਾਲੇ ਸਥਾਨ ਦਾ ਦੌਰ੍ਹਾਂ ਕੀਤਾ। ਐਸ.ਡੀ.ਐਮ. ਹਰਵੀਰ ਕੌਰ ਨੇ ਇੱਕ ਮਹਿਲਾ ਸਮੇਤ ਅੱਠ ਵਿਅਕਤੀਆਂ ਦੀ ਮੌਤ ਦੀ ਪੁਸ਼ਟੀ ਵੀ ਕੀਤੀ ਹੈ। ਐਸ.ਡੀ.ਐਮ. ਨੇ ਕਿਹਾ ਕਿ ਹਾਦਸੇ ਦੇ ਕਾਰਨ ਜਾਂਚ ਦਾ ਵਿਸ਼ਾ ਹਨ ਹਲੇ ਸਾਡੀ ਪ੍ਰਾਥਮਿਕਤਾ ਜ਼ਖ਼ਮੀਆਂ ਦਾ ਇਲਾਜ ਕਰਵਾਉਣਾ ਹੈ। ਡੀ.ਐਸ.ਪੀ. ਬਸੀ ਪਠਾਣਾਂ ਰਾਜ ਕੁਮਾਰ ਸ਼ਰਮਾ ਨੇ ਦੱਸਿਆ ਕਿ ਮ੍ਰਿਤਕਾਂ ਵਿੱਚ ਰਣਜੀਤ ਕੌਰ ਪਤਨੀ ਬਲਜੀਤ ਸਿੰਘ, ਜਗਵਿੰਦਰ ਸਿੰਘ ਪੁਤੱਰ ਜਰਨੈਲ ਸਿੰਘ, ਲਖਵੀਰ ਸਿੰਘ ਪੁੱਤਰ ਚਰਮੇਲ ਸਿੰਘ, ਪਰਦੀਪ ਕੌਰ ਪਤਨੀ ਗੁਰਸੇਵਕ ਸਿੰਘ ਅਤੇ ਗੁੰਥੀ ਇਕਬਾਲ ਸਿੰਘ ਪੁੱਤਰ ਜਸਵਿੰਦਰ ਸਿੰਘ, ਹਰਵੀਰ ਸਿੰਘ ਪੁੱਤਰ ਚਰਮੇਲ ਸਿੰਘ ਅਤੇ ਹਰਚੰਦ ਸਿੰਘ ਪੁੱਤਰ ਗੁਰਮੇਲ ਸਿੰਘ ਸਾਰੇ ਪਿੰਡ ਮੈਣ ਮਾਜਰੀ ਦੇ ਵਸਨੀਕ, ਕੁਲਵਿੰਦਰ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਕਜੱਲ ਮਾਜਰਾ, ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਮੌਤ ਹੋ ਚੁੱਕੀ ਹੈ। ਇਨ੍ਹਾਂ ਵਿੱਚ ਹਰਵੀਰ ਸਿੰਘ, ਪਰਦੀਪ ਕੌਰ ਤੇ ਕੁਲਜਿੰਦਰ ਸਿੰਘ ਦੀ ਲਾਸ਼ ਮੋਰਿੰਡਾ ਦੇ ਸਰਕਾਰੀ ਹਸਪਤਾਲ , ਲਖਵੀਰ ਸਿੰਘ ਤੇ ਜਗਵਿੰਦਰ ਸਿੰਘ ਲਾਸ਼ ਬਸੀ ਪਠਾਣਾਂ ਅਤੇ ਅਤੇ ਗੁੰਥੀ ਇਕਬਾਲ ਸਿੰਘ ਦੀ ਲਾਸ਼ ਫ਼ਤਹਿਗੜ੍ਹ ਸਾਹਿਬ ਦੇ ਸਿਵਲ ਹਸਪਤਾਲ ਦੀ ਮੌਰਚਰੀ ਵਿੱਚ ਰਖਵਾਈ ਗਈ ਹੈ ਜਦੋਂ ਕਿ ਰਣਜੀਤ ਕੌਰ ਦੀ ਲਾਸ਼ ਪੀ.ਜੀ.ਆਈ. ਚੰਡੀਗੜ੍ਹ ਦੀ ਮੌਰਚਰੀ ਵਿੱਚ ਰੱਖੀ ਹੋਈ ਹੈ।ਇਸ ਹਾਦਸੇ ਵਿੱਚ ਜ਼ਖ਼ਮੀ ਹੋਏ ਸ਼ਰਧਾਲੂਆਂ ਨੂੰ ਨੇੜੇ ਦੇ ਵੱਖ ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ, ਜਿੱਥੇ ਉਹ ਜ਼ੇਰੇ ਇਲਾਜ ਹਨ।

## ਮਹਿਲਾ ਏਐਸਆਈ ਦੀ ਦਰਿੰਦਗੀ, ਪੋਤਰੀ ਨੂੰ ਹੱਥ ਪੈਰ-ਬੰਨ੍ਹ ਕੇ ਗੇਟ ਨਾਲ ਬੰਨ੍ਹਿਆ, ਵੀਡੀਓ ਵਾਇਰਲ ਹੋਣ 'ਤੇ ਸਸਪੈਂਡ



**ਕੋਟਕਪੂਰਾ, 15 ਅਪ੍ਰੈਲ (ਟਿੰਕੂ ਕੁਮਾਰ)** ਡੋਗਰ ਬਸਤੀ ਫਰੀਦਕੋਟ ਦੇ ਇਲਾਕੇ ਵਿੱਚ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲੀ ਇਕ ਘਟਨਾ ਸਾਹਮਣੇ ਆਈ ਹੈ, ਜਿੱਥੇ ਇਕ ਮਹਿਲਾ ਏਐਸਆਈ ਵੱਲੋਂ ਆਪਣੀ 5 ਸਾਲਾਂ ਦੀ ਪੋਤਰੀ ਨਾਲ ਕਠੋਰਤਾ ਦੀ ਹੱਦ ਪਾਰ ਕਰ ਦਿੱਤੀ ਗਈ। ਦੱਸਿਆ ਜਾ ਰਿਹਾ ਹੈ ਕਿ ਔਰਤ ਨੇ ਬੱਚੀ ਦੇ ਹੱਥ-ਪੈਰ ਬੰਨ ਕੇ ਉਸ ਨੂੰ ਘਰ ਦੇ ਬਾਹਰ ਗੇਟ ਨਾਲ ਕਈ ਘੰਟਿਆਂ ਲਈ ਧੁੱਪ ਵਿੱਚ ਬੰਨ ਕੇ ਰੱਖਿਆ। ਇਹ ਮਹਿਲਾ ਏਐਸਆਈ ਥਾਣਾ ਸਦਰ ਵਿਖੇ ਮਹਿਲਾ ਮਿੱਤਰ ਵਜੋਂ ਤਾਇਨਾਤ ਹੈ। ਇਸ ਘਟਨਾ ਦੀ ਵੀਡੀਓ ਜਿਵੇਂ ਹੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ, ਤੁਰੰਤ ਪੁਲਿਸ ਪ੍ਰਸ਼ਾਸਨ ਹਰਕਤ ਵਿੱਚ ਆ ਗਿਆ। ਡਾ. ਪ੍ਰਗਿਆ ਜੈਨ ਐਸਐਸਪੀ ਫਰੀਦਕੋਟ ਨੇ ਗੰਭੀਰ ਨੋਟਿਸ ਲੈਂਦੇ ਹੋਏ ਉਕਤ ਮਹਿਲਾ ਏਐਸਆਈ ਨੂੰ ਤੁਰੰਤ ਪ੍ਰਭਾਵ ਨਾਲ ਸਸਪੈਂਡ ਕਰਨ ਦੇ ਹੁਕਮ ਜਾਰੀ ਕਰ ਦਿੱਤੇ ਹਨ। ਮਿਲੀ ਜਾਣਕਾਰੀ ਮੁਤਾਬਕ ਜਦੋਂ ਗੁਆਂਢੀਆਂ ਨੂੰ ਇਸ ਘਟਨਾ ਬਾਰੇ ਪਤਾ ਲੱਗਾ ਤਾਂ ਉਹਨਾਂ ਨੇ ਘਰ ਦਾ ਦਰਵਾਜਾ ਖੜਕਾਇਆ ਪਰ ਅੰਦਰੋਂ ਕਿਸੇ ਨੇ ਦਰਵਾਜ਼ਾ ਨਹੀਂ ਖੋਲਿਆ। ਇਸ ਤੋਂ ਬਾਅਦ ਮੁਹੱਲਾ ਵਾਸੀਆਂ ਨੇ ਖੁਦ ਬੱਚੀ ਨੂੰ ਛੁਡਾਉਣ ਦੀ ਕੋਸ਼ਿਸ਼ ਕੀਤੀ ਪਰ ਔਰਤ ਬਾਹਰ ਆ ਕੇ ਬੱਚੀ ਨੂੰ ਚੁੱਕ ਕੇ ਅੰਦਰ ਲੈ ਗਈ। ਇਸ ਮਾਮਲੇ ਨੂੰ ਲੈ ਕੇ ਇਲਾਕਾ ਵਾਸੀਆਂ ਵਿੱਚ ਗੁੱਸਾ ਪਾਇਆ ਜਾ ਰਿਹਾ ਹੈ ਅਤੇ ਉਹਨਾਂ ਵੱਲੋਂ ਸਰਕਾਰ ਕੋਲੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਹੈ। ਉਧਰ ਬਾਲ ਭਲਾਈ ਕਮੇਟੀ ਵੱਲੋਂ ਵੀ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਤਰਲੋਚਨ ਸਿੰਘ ਡੀਐਸਪੀ ਫਰੀਦਕੋਟ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਮਹਿਲਾ ਏਐਸਆਈ ਨੂੰ ਤੁਰੰਤ ਪ੍ਰਭਾਵ ਨਾਲ ਸਸਪੈਂਡ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਢਲੀ ਪੜਤਾਲ ਵਿਚ ਸਾਹਮਣੇ ਆਇਆ ਹੈ ਕਿ ਬੱਚੀ ਦੇ ਮਾਤਾ-ਪਿਤਾ ਪੁਰਤਗਾਲ ਗਏ ਹੋਏ ਹਨ ਅਤੇ ਉਕਤ ਮਹਿਲਾ ਏਐਸਆਈ ਵਲੋਂ ਉਸਦੀ ਦੇਖਭਾਲ ਕੀਤੀ ਜਾਂਦੀ ਹੈ। ਬੱਚੀ ਨਾਲ ਹੋਈ ਇਸ ਤਰ੍ਹਾਂ ਦੀ ਘਟਨਾ ਬਿਲਕੁਲ ਅਸਵੀਕਾਰਯੋਗ ਹੈ ਅਤੇ ਪੁਲਸ ਨੇ ਮੁਲਜ਼ਮ ਖ਼ਿਲਾਫ਼ ਕਾਰਵਾਈ ਬਾਲ ਭਲਾਈ ਕਮੇਟੀ ਨੂੰ ਲਿਖ ਦਿੱਤਾ ਗਿਆ ਹੈ।

## ਭਾਰਤੀ ਆਈਸ ਸਕੇਟਿੰਗ ਹਾਕੀ ਟੀਮ ਵਿੱਚ ਧਰਮਵੀਰ ਸਿੰਘ ਦੀ ਚੋਣ ਗਿੱਦੜਬਾਹਾ ਅਤੇ ਪੂਰੇ ਪੰਜਾਬ ਲਈ ਮਾਣ ਵਾਲੀ ਗੱਲ



**ਗਿੱਦੜਬਾਹਾ, 15 ਅਪ੍ਰੈਲ (ਕੁਲਭੂਸ਼ਨ ਗਰਗ)** ਗਿੱਦੜਬਾਹਾ ਦੇ ਜੰਮਪਲ ਧਰਮਵੀਰ ਸਿੰਘ ਸੁਪੁੱਤਰ ਗੁਰਸੇਵਕ ਸਿੰਘ ਦੀ ਭਾਰਤੀ ਆਈਸ ਸਕੈਟਿੰਗ ਹਾਕੀ ਦੀ ਖੇਲੋ ਇੰਡੀਆ ਟੀਮ ਲਈ ਚੋਣ ਹੋ ਗਈ। ਇਸ ਚੋਣ ਨਾਲ ਧਰਮਵੀਰ ਸਿੰਘ ਦੇ ਸਕੂਲ ਓਰੇਕਲ ਇੰਟਰਨੈਸ਼ਨਲ ਸਕੂਲ, ਪਰਿਵਾਰ ਅਤੇ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਧਰਮਵੀਰ ਸਿੰਘ ਦੇ ਦਾਦਾ ਜੀ ਸਰਦਾਰ ਰਾਜਵੀਰ ਸਿੰਘ ਨੰਬਰਦਾਰ ਨੇ ਦੱਸਿਆ ਕਿ ਭਾਰਤੀ ਆਈਸ ਸਕੈਟਿੰਗ ਹਾਕੀ ਟੀਮ ਲਈ ਉਹਨਾਂ ਦੇ ਪੋਤਰੇ ਦੀ ਚੋਣ ਪੂਰੇ ਪੰਜਾਬ ਲਈ ਮਾਣ ਵਾਲੀ ਗੱਲ ਹੈ। ਉਹਨਾਂ ਦੱਸਿਆ ਕਿ ਇਸ ਚੋਣ ਲਈ ਧਰਮਵੀਰ ਦੀ ਅਣਥੱਕ ਮਿਹਨਤ, ਉਸਦੀ ਕੋਚ ਸੋਨਾਲੀ ਮੈਡਮ, ਸਕੂਲ ਦਾ ਸਹਿਯੋਗ ਅਤੇ ਉਸਦੀ ਮਾਤਾ ਰਮਨਦੀਪ ਕੌਰ ਦਾ ਵੀ ਪੂਰਾ ਸਮਰਪਣ ਹੈ, ਜਿਸਦੇ ਨਤੀਜੇ ਵਜੋਂ ਅੱਜ ਧਰਮਵੀਰ ਸਿੰਘ ਮੈਂਬਰ ਵਜੋਂ ਲੇਹ ਲੱਦਾਖ ਵਿਖੇ ਭਾਰਤ ਦੀ ਪ੍ਰਤੀਨਿਧਤਾ ਕਰਦਾ ਨਜ਼ਰ ਆਵੇਗਾ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਧਰਮਵੀਰ ਇਟਲੀ ਵਿੱਚ ਹੋਏ ਸਕੇਟਿੰਗ ਹਾਕੀ ਟੂਰਨਾਮੈਂਟ ਵਿੱਚ ਭਾਰਤੀ ਟੀਮ ਵਿੱਚ ਆਪਣੇ ਜੌਹਰ ਦਿਖਾ ਚੁੱਕਾ ਹੈ। ਧਰਮਵੀਰ ਸਿੰਘ ਪੰਜਾਬ ਦੇ ਗਿਣੇ ਚੁਣੇ ਖਿਡਾਰੀਆਂ ਵਿੱਚੋਂ ਇੱਕ ਹੈ ਜਿਸਦੀ ਭਾਰਤੀ ਟੀਮ ਵਿੱਚ ਚੋਣ ਹੋਈ ਹੈ।ਇਸ ਤੋਂ ਪਹਿਲਾਂ 'ਸਕੂਲ, ਜਿਲ੍ਹਾ ਅਤੇ ਪੰਜਾਬ ਦੇ ਮੁਕਾਬਲਿਆਂ ਵਿੱਚ ਜੇਤੂ ਰਹੀਆਂ ਟੀਮਾਂ ਵੱਲੋਂ ਖੇਡਦੇ ਹੋਏ ਧਰਮਵੀਰ ਨੇ ਉਮਦਾ ਪ੍ਰਦਰਸ਼ਨ ਕੀਤਾ ਸੀ।

## ਦਾਜ ਲਈ ਤੰਗ ਪਰੇਸ਼ਾਨ ਕਰਨ ਦੇ ਦੋਸ਼, ਪੁਲਿਸ ਨੇ ਪਤੀ ਖਿਲਾਫ ਮਾਮਲਾ ਦਰਜ ਕੀਤਾ

**ਸਿਰਸਾ, 15 ਅਪਰੈਲ (ਜਗਤਾਰ ਸਮਾਲਸਰ)** ਏਲਨਾਬਾਦ ਸ਼ਹਿਰ ਦੇ ਵਾਰਡ ਨੰਬਰ 8 ਵਾਸੀ ਜਸਪਿੰਦਰ ਕੌਰ ਪਤਨੀ ਅਮਨਦੀਪ ਸਿੰਘ ਨੇ ਪੁਲੀਸ ਨੂੰ ਸ਼ਿਕਾਇਤ ਦੇ ਕੇ ਸਹੁਰੇ ਪਰਿਵਾਰ ਤੇ ਉਸਨੂੰ ਦਾਜ ਲਈ ਤੰਗ ਪਰੇਸ਼ਾਨ ਕਰਨ ਦੇ ਗੰਭੀਰ ਦੋਸ਼ ਲਗਾਏ ਹਨ। ਸ਼ਿਕਾਇਕਰਤਾ ਜਸਪਿੰਦਰ ਕੌਰ ਪਤਨੀ ਅਮਨਦੀਪ ਸਿੰਘ ਨੇ ਪੁਲੀਸ ਸ਼ਿਕਾਇਤ ਵਿੱਚ ਦੱਸਿਆ ਕਿ ਉਸਦਾ ਵਿਆਹ ਅਮਨਦੀਪ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਜੈਤੋਂ ਜ਼ਿਲ੍ਹਾ ਫਰੀਦਕੋਟ ਪੰਜਾਬ ਨਾਲ 29 ਨਵੰਬਰ 2024 ਨੂੰ ਹੋਇਆ ਸੀ। ਵਿਆਹ ਅਤੇ ਮੰਗਣੀ ਦੀ ਰਸਮ ਦੌਰਾਨ ਉਸਦੇ ਪਰਿਵਾਰ ਨੇ ਕਰੀਬ 26 ਲੱਖ ਰੁਪਏ ਖਰਚ ਕੀਤੇ ਸਨ। ਵਿਆਹ ਤੋਂ ਕੁਝ ਦਿਨਾਂ ਬਾਅਦ ਅਮਨਦੀਪ ਸਿੰਘ (ਪਤੀ) ਅਰਵਿੰਦਰ ਕੌਰ (ਸੱਸ) ਸਵਰਨ ਸਿੰਘ (ਸਹੁਰਾ) ਹਰਸਿਮਰਨ ਕੌਰ (ਨਨਦ) ਵਾਸੀ ਜੈਤੋਂ ਅਤੇ ਸਰਗੁਨ ਕੌਰ ਪਤਨੀ ਸਰਵਜੀਤ ਸਿੰਘ ਵਾਸੀ ਬਾਘਾ ਪੁਰਾਣਾ ਜ਼ਿਲ੍ਹਾ ਮੋਗਾ ਨੇ ਬਿਨੈਕਾਰ ਨੂੰ ਘੱਟ ਦਾਜ ਲਿਆਉਣ ਲਈ ਮਾਨਸਿਕ ਅਤੇ ਸਰੀਰਕ ਤੌਰ ਤੇ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ । ਇਸਤੋਂ ਬਾਅਦ ਕਈ ਵਾਰ ਪੰਚਾਇਤੀ ਤੌਰ ਤੇ ਵੀ ਮਾਮਲੇ ਨੂੰ ਸੁਲਝਾਉਣ ਦੀ ਕੋਸ਼ਿਸ਼ ਹੋਈ ਪਰ ਉਸਦਾ ਸਹੁਰਾ ਪਰਿਵਾਰ ਲਗਾਤਾਰ ਤੰਗ ਪਰੇਸ਼ਾਨ ਕਰਦਾ ਰਿਹਾ। ਇਸ ਸਮੇਂ ਦੌਰਾਨ ਉਹ ਗਰਭਵਤੀ ਹੋ ਗਈ ਪਰ ਇਸ ਨਾਜ਼ੁਕ ਹਾਲਤ ਵਿੱਚ ਉਸਦੀ ਦੇਖਭਾਲ ਕਰਨ ਦੀ ਬਜਾਏ ਉਪਰੋਕਤ ਵਿਅਕਤੀਆਂ ਨੇ ਉਸਨੂੰ ਮਾਨਸਿਕ ਅਤੇ ਸਰੀਰਕ ਤੌਰ ਤੇ ਤਸੀਹੇ ਦਿੱਤੇ ਅਤੇ ਸਾਰਾ ਦਿਨ ਘਰੇਲੂ ਕੰਮ ਕਰਵਾਇਆ। ਉਸਦਾ 21 ਸਤੰਬਰ 2025 ਨੂੰ ਜਬਰਦਸਤੀ ਗਰਭਪਾਤ ਕਰਵਾਇਆ ਗਿਆ। ਸ਼ਿਕਾਇਤਕਰਤਾ ਨੇ ਉਪਰੋਕਤ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਅਤੇ ਉਸਦੇ ਗਹਿਣੇ ਆਦਿ ਉਸਨੂੰ ਦਿਵਾਏ ਜਾਣ ਦੀ ਮੰਗ ਕੀਤੀ ਹੈ। ਇਸ ਮਾਮਲੇ ਦੀ ਜਾਂਚ ਅਧਿਕਾਰੀ ਸਬ-ਇੰਸਪੈਕਟਰ ਕਿਰਨਪਾਲ ਕੌਰ ਦੇ ਅਨੁਸਾਰ ਜਾਂਚ ਦੌਰਾਨ ਸ਼ਿਕਾਇਤਕਰਤਾ ਦੇ ਸਹੁਰੇ ਸਵਰਨ ਸਿੰਘ, ਸੱਸ ਅਰਵਿੰਦਰ ਕੌਰ, ਨਨਦ ਹਰਸਿਮਰਨ ਕੌਰ ਅਤੇ ਸਰਗੁਣ ਕੌਰ ਖਿਲਾਫ ਲਗਾਏ ਦੋਸ਼ ਸਾਬਤ ਨਹੀਂ ਹੋਏ ਹਨ ਜਦੋਕਿ ਸ਼ਿਕਾਇਤਕਰਤਾ ਦੇ ਪਤੀ ਅਮਨਦੀਪ ਸਿੰਘ ਵਿਰੁੱਧ ਦੋਸ਼ ਸਾਬਤ ਹੋਏ ਹਨ ਪਰ ਗਰਭਪਾਤ ਕਰਵਾਏ ਜਾਣ ਸੰਬੰਧੀ ਪੁਸ਼ਟੀ ਨਹੀਂ ਹੋਈ ਹੈ। ਇਸ ਮਾਮਲੇ ਵਿੱਚ ਧਾਰਾ 85, 115, 351 (2) ਬੀਐਨਐਸ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

## ਬੰਦ ਪਏ ਘਰ ਵਿਚ ਚੋਰੀ, ਪੁਲਿਸ ਵੱਲੋਂ ਅਣਪਛਾਤੇ ਚੋਰ ਖਿਲਾਫ ਮੁਕੱਦਮਾ ਦਰਜ

**ਗਿੱਦੜਬਾਹਾ, 15 ਅਪ੍ਰੈਲ (ਕੁਲਭੂਸ਼ਨ ਗਰਗ)** ਥਾਣਾ ਕੋਟਭਾਈ ਅਧੀਨ ਆਉਂਦੇ ਪਿੰਡ ਆਸਾ ਬੁੱਟਰ ਵਿਖੇ ਚੋਰਾਂ ਨੇ ਇਕ ਬੰਦ ਪਏ ਘਰ ਨੂੰ ਨਿਸ਼ਾਨਾ ਬਣਾਉਂਦਿਆ ਚੋਰੀ ਦਾ ਘਟਨਾ ਨੂੰ ਅੰਜਾਮ ਦਿੱਤਾ ਹੈ। ਪੁਲਿਸ ਨੂੰ ਦਿੱਤੇ ਬਿਆਨ ਵਿਚ ਪੀੜ੍ਹਿਤ ਅੰਮ੍ਰਿਤਪਾਲ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਆਸਾ ਬੁੱਟਰ ਨੇ ਦੱਸਿਆ ਕਿ ਉਹ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਸ੍ਰੀ ਮੁਕਤਸਰ ਸਾਹਿਬ ਵਿਖੇ ਗਿਆ ਹੋਇਆ ਸੀ, ਜਦੋਂ ਉਹ ਘਰ ਵਾਪਿਸ ਆਏ ਤਾਂ ਉਨ੍ਹਾਂ ਦੇ ਰਿਹਾਇਸ਼ੀ ਕਮਰੇ ਦਾ ਤਾਲਾ ਟੁੱਟਿਆ ਹੋਇਆ ਸੀ ਜਦੋਂ ਕਮਰੇ ਅੰਦਰਾ ਸਮਾਨ ਖਿਲਰਿਆ ਹੋਇਆ ਸੀ। ਉਸਨੂੰ ਕਮਰਾ ਚੈਕ ਕਰਨ ਤੇ ਪਤਾ ਲੱਗਾ ਕਿ ਉਸਦੀ ਅਲਮਾਰੀ ਵਿਚੋਂ ਹਜਾਰਾਂ ਰੁਪਏ ਮੁੱਲ ਦੇ ਸੋਨੇ ਤੇ ਚਾਂਦੀ ਗਹਿਣੇ ਕਿਸੇ ਵਿਅਕਤੀ ਵੱਲੋਂ ਚੋਰੀ ਕਰ ਲਏ ਗਏ ਹਨ। ਉਕਤ ਮਾਮਲੇ ਵਿਚ ਥਾਣਾ ਕੋਟਭਾਈ ਪੁਲਿਸ ਨੇ ਅਣਪਛਾਤੇ ਚੋਰ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## 25 ਡੱਬੇ ਸ਼ਰਾਬ ਸਮੇਤ ਇਕ ਕਾਬੂ, ਪੁਲਿਸ ਵੱਲੋਂ ਮੁਕੱਦਮਾ ਦਰਜ

**ਗਿੱਦੜਬਾਹਾ, 15 ਅਪ੍ਰੈਲ (ਕੁਲਭੂਸ਼ਨ ਗਰਗ)** ਥਾਣਾ ਗਿੱਦੜਬਾਹਾ ਪੁਲਿਸ ਨੇ ਇਕ ਨੂੰ 25 ਡੱਬੇ ਸ਼ਰਾਬ ਸਮੇਤ ਕਾਬੂ ਕਰਕੇ ਉਸਦੇ ਖਿਲਾਫ ਮੁਕੱਦਮਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਏ.ਐੱਸ.ਆਈ. ਸਰਬਜੀਤ ਸਿੰਘ ਸਾਥੀ ਪੁਲਿਸ ਕਰਮਚਾਰੀਆ ਨਾਲ ਦੌਰਾਨੇ ਗਸ਼ਤ ਜਦੋਂ ਪਿਓਰੀ ਤਿਕੋਨੀ ਨੇੜੇ ਪਾਰਕ ਗਿੱਦੜਬਾਹਾ ਵਿਖੇ ਮੌਜੂਦ ਸੀ ਤਾਂ ਮੁਖਬਰ ਨੇ ਇਤਲਾਹ ਦਿੱਤੀ ਕਿ ਬਿੱਕਰ ਸਿੰਘ ਪੱਤਰ ਚੰਦ ਸਿੰਘ ਵਾਸੀ ਪਿੰਡ ਪਿਓਰੀ ਸ਼ਰਾਬ ਦੇ ਠੇਕੇ ਤੋਂ ਸਸਤੇ ਭਾਅ ਵਿਚ ਸ਼ਰਾਬ ਲਿਆ ਕੇ ਅੱਗੇ ਮਹਿੰਗੇ ਭਾਅ ਤੇ ਵੇਚਣ ਦਾ ਆਦੀ ਹੈ ਅਤੇ ਅੱਜ ਵੀ ਆਪਣੇ ਘਰ ਪਿੰਡ ਪਿਓਰੀ ਵਿਖੇ ਸ਼ਰਾਬ ਵੇਚ ਰਿਹਾ ਹੈ। ਉਕਤ ਇਤਲਾਹ ਤੇ ਕਾਰਵਾਈ ਕਰਦੇ ਪੁਲਿਸ ਨੇ ਬਿੱਕਰ ਸਿੰਘ ਪੁੱਤਰ ਚੰਦ ਸਿੰਘ ਨੂੰ 25 ਡੱਬੇ ਸ਼ਰਾਬ ਮਾਰਕਾ ਰਾਂਝਾ ਸੋਫੀਆ ਪੰਜਾਬ ਸਮੇਤ ਕਾਬੂ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਡੋਡਾ ਚੂਰਾ ਪੋਸਤ ਸਮੇਤ ਪਤਨੀ ਕਾਬੂ ਪਤੀ ਫਰਾਰ, ਪੁਲਿਸ ਵੱਲੋਂ ਮੁਕੱਦਮਾ ਦਰਜ

**ਗਿੱਦੜਬਾਹਾ, 15 ਅਪ੍ਰੈਲ (ਕੁਲਭੂਸ਼ਨ ਗਰਗ)** ਥਾਣਾ ਗਿੱਦੜਬਾਹਾ ਪੁਲਿਸ ਨੇ ਇਕ ਔਰਤ ਨੂੰ ਡੋਡਾ ਚੂਰਾ ਪੋਸਤ ਸਮੇਤ ਗ੍ਰਿਫਤਾਰ ਕਰ ਲਿਆ ਜਦੋਂ ਉਸਦਾ ਪਤੀ ਮੌਕਾ ਤੋਂ ਫਰਾਰ ਹੋਣ ਵਿਚ ਕਾਮਯਾਬ ਹੋ ਗਿਆ। ਪੁਲਿਸ ਨੇ ਪਤੀ-ਪਤਨੀ ਦੋਵਾਂ ਖਿਲਾਫ ਮੁਕੱਦਮਾ ਦਰਜ ਕਰਕੇ ਮੁਕੱਦਮੇ ਵਿਚ ਨਾਮਜਦ ਕਥਿਤ ਦੋਸ਼ੀ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਐੱਸ.ਐੱਚ.ਓ. ਹਰਗੋਬਿੰਦ ਸਿੰਘ ਮਾਨ ਨੇ ਦੱਸਿਆ ਕਿ ਗਿੱਦੜਬਾਹਾ ਪੁਲਿਸ ਨੇ ਪਿੰਡ ਪਿਓਰੀ ਤੋਂ ਜੰਗੀਰਾਣਾ ਸੜਕ ਤੇ ਨਾਕਾਬੰਦੀ ਕੀਤੀ ਸੀ ਤਾਂ ਇਸੇ ਦੌਰਾਨ ਪਿੰਡ ਜੰਗੀਰਾਣਾ ਦੀ ਤਰਫੋਂ ਇਕ ਕਾਰ ਮਾਰਕਾ ਹੌਂਡਾ ਸਿਟੀ ਨੰਬਰ ਡੀ.ਐੱਲ.8ਸੀ.ਐੱਲ.-6495 ਆਉਂਦੀ ਦਿਖਾਈ ਦਿੱਤੀ। ਪੁਲਿਸ ਵੱਲੋਂ ਸ਼ੱਕ ਦੇ ਆਧਾਰ ਤੇ ਜਦੋਂ ਕਾਰ ਨੂੰ ਚੈਕਿੰਗ ਲਈ ਰੁਕਣ ਦਾ ਇਸ਼ਾਰਾ ਕੀਤਾ ਤਾਂ ਕਾਰ ਚਾਲਕ ਨੇ ਰਕਣ ਦੀ ਬਜਾਏ ਕਾਰ ਨੂੰ ਭਜਾ ਲਿਆ ਜਦੋਂਕਿ ਕਾਰ ਦੀ ਅਗਲੀ ਸੀਟ ਦੇ ਚਾਲਕ ਦੇ ਨਾਲ ਇਕ ਮਹਿਲਾ ਵੀ ਬੈਠੀ ਸੀ। ਪੁਲਿਸ ਵੱਲੋਂ ਕਾਰ ਦਾ ਪਿੱਛਾ ਕਰਨ ਤੇ ਉਕਤ ਕਾਰ ਫਿਰਨੀ ਪਿੰਡ ਪਿਓਰੀ ਤੋਂ ਹੁੰਦੀ ਹੋਈ ਇਕ ਘਰ ਦੇ ਸਾਹਮਣੇ ਵਾੜੇ ਵਿਚ ਚਲੀ ਗਈ। ਇਸੇ ਦੌਰਾਨ ਕਾਰ ਚਾਲਕ ਕਾਰ ਵਿਚੋਂ ਨਿਕਲ ਦੇ ਖੇਤਾਂ ਵੱਲ ਦੌੜ ਗਿਆ ਜਦੋਂ ਕਾਰ ਵਿਚ ਮੌਜੂਦ ਮਹਿਲਾ ਨੂੰ ਮਹਿਲਾ ਸੀਨੀਅਰ ਸਿਪਾਹੀ ਅਮਨਪ੍ਰੀਤ ਕੌਰ ਨੇ ਕਾਬੂ ਕਰਕੇ ਜਦੋਂ ਉਸਦਾ ਨਾਮ ਪੁੱਛਿਆ ਤਾਂ ਉਸਨੇ ਆਪਣਾ ਨਾਮ ਗਗਨਜੀਤ ਕੌਰ ਪਤਨੀ ਬਲਦੇਵ ਸਿੰਘ ਅਤੇ ਭਾਰ ਵਿਚੋਂ ਭੱਜੇ ਕਾਰ ਚਾਲਕ ਦਾ ਨਾਮ ਬਲਦੇਵ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀਆਨ ਪਿੰਡ ਪਿਓਰੀ ਹੋਣਾ ਦੱਸਿਆ। ਪੁਲਿਸ ਵੱਲੋਂ ਤਲਾਸ਼ੀ ਲੈਣ ਤੇ ਕਾਰ ਦੀ ਪਿਛਲੀ ਸੀਟ ਤੇ ਪਏ ਪਲਾਸਟਿਕ ਦੇ ਗੱਟੇ ਵਿਚੋ 21 ਕਿਲੋ 755 ਗ੍ਰਾਮ ਡੋਡਾ ਚੂਰਾ ਪੋਸਤ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਪੁਲਿਸ ਨੇ ਉਕਤ ਕਾਰ ਅਤੇ 21 ਕਿਲੋ 755 ਗ੍ਰਾਮ ਡੋਡਾ ਚੂਰਾ ਪੋਸਤ ਬਰਾਮਦ ਕਰਦੇ ਹੋਏ ਕਥਿਤ ਦੋਸ਼ੀਆਨ ਗਗਨਜੀਤ ਕੌਰ ਅਤੇ ਇਸਦੇ ਪਤੀ ਬਲਦੇਵ ਸਿੰਘ ਖਿਲਾਫ ਐੱਨਡੀਪੀਐੱਸ ਐਕਟ ਅਧੀਨ ਮੁਕੱਦਮਾ ਦਰਜ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਮੁਕੱਦਮੇ ਵਿਚ ਨਾਮਜਦ ਬਲਦੇਵ ਸਿੰਘ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

## ਬੱਚਿਆਂ ਦੀ ਤਕਰਾਰ ਨੂੰ ਲੈ ਕੇ ਘਰਾਂ ਦੇ ਸਮਾਨ ਦੀ ਬੁਰੀ ਤਰ੍ਹਾਂ ਭੰਨ ਤੋੜ ਕਰਨ ਦੇ ਲੱਗੇ ਦੋਸ਼, ਇੱਕ ਔਰਤ ਸਮੇਤ 2 ਵਿਅਕਤੀ ਗੰਭੀਰ ਜ਼ਖਮੀ



**ਅੰਮ੍ਰਿਤਸਰ, 15 ਅਪ੍ਰੈਲ (ਸੋਨੂ ਨਰੂਲਾ)-** ਪਿੰਡ ਮੰਝ ਵਿਖੇ ਮਾਮੂਲੀ ਤਕਰਾਰ ਨੂੰ ਲੈ ਕੇ ਘਰਾਂ ਦੀ ਭੰਨਤੋੜ ਕਰਕੇ ਇੱਕ ਔਰਤ ਸਮੇਤ 2 ਵਿਅਕਤੀਆਂ ਨੂੰ ਗੰਭੀਰ ਜ਼ਖਮੀ ਕਰਨ ਦੀ ਖਬਰ ਹੈ।ਇਸ ਮੌਕੇ ਦਸ਼ਮੇਸ਼ ਤਰਨਾ ਦਲ ਦੇ ਸੇਵਾਦਾਰ ਬਾਬਾ ਮਾਨ ਸਿੰਘ ਡੱਗਤੂਤ ਨੇ ਸਰਕਾਰੀ ਹਸਪਤਾਲ ਲੋਪੋਕੇ ਵਿਖੇ ਪਹੁੰਚ ਕੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਦੱਸਿਆ ਕਿ ਪਿੰਡ ਮੰਝ ਵਿਖੇ ਬੱਚਿਆਂ ਦੀ ਮਾਮੂਲੀ ਤਕਰਾਰ ਨੂੰ ਲੈ ਕੇ ਸਾਹਿਲ ਨੇ ਬਲਜੀਤ ਕੌਰ ਦੀ ਕੁੱਟਮਾਰ ਕੀਤੀ। ਇਸ ਸਬੰਧੀ ਪਿੰਡ ਦੇ ਮੋਹਤਬਰਾਂ ਨੇ ਕੱਲ ਰਾਜ਼ੀਨਾਵਾਂ ਰੱਖਿਆ ਗਿਆ ਸੀ। ਬੀਤੀ ਰਾਤ ਤਰਸੇਮ ਸਿੰਘ ਪੁੱਤਰ ਗੇਜਾ ਸਿੰਘ ਨਾਲ ਸਾਹਿਲ, ਹੈਪੀ, ਸੁਰਜੀਤ, ਪ੍ਰੇਮਾ, ਤਲਵਿੰਦਰ ਨਾਲ ਹੋਰਨਾਂ ਅਣਪਛਾਤੇ ਵਿਅਕਤੀਆਂ ਨੇ ਮਾਰੂ ਹਥਿਆਰਾ ਨਾਲ ਲੈਸ ਹੋ ਕੇ ਤਰਸੇਮ ਸਿੰਘ ਦੇ ਘਰ ਹਮਲਾ ਕਰਕੇ ਐਲ.ਈ.ਡੀ, ਵਾਸ਼ਿੰਗ ਮਸ਼ੀਨ, ਬੂਹੇ, ਬਾਰੀਆਂ ਤੇ ਹੋਰ ਕੀਮਤੀ ਸਮਾਨ ਦੀ ਬੁਰੀ ਤਰ੍ਹਾਂ ਭੰਨਤੋੜ ਕੀਤੀ। ਬਸ਼ੀਰ ਕੌਰ, ਬਾਊ ਸਿੰਘ ਅਤੇ ਪਲਵਿੰਦਰ ਸਿੰਘ ਨੂੰ ਸੱਟਾਂ ਲਗਾ ਦਿੱਤੀਆਂ। ਜਖਮੀ ਹਾਲਤ ਵਿੱਚ ਉਨ੍ਹਾਂ ਨੂੰ ਲੈ ਕੇ ਸਰਕਾਰੀ ਹਸਪਤਾਲ ਦਾਖਲ ਕਰਵਾਇਆ ਗਿਆ। ਇਸ ਸਬੰਧੀ ਪੁਲਿਸ ਚੌਂਕੀ ਕੱਕੜ ਵਿਖੇ ਲਿਖਤੀ ਦਰਖਾਸਤ ਵੀ ਦਿੱਤੀ ਗਈ ਹੈ। ਇਸ ਸਬੰਧੀ ਵਿਰੋਧੀ ਧਿਰ ਦੇ ਤਰਸੇਮ ਸਿੰਘ ਪੁੱਤਰ ਗੇਜਾ ਸਿੰਘ ਨੇ ਲੱਗੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਬੀਤੇ ਦਿਨੀਂ ਬੱਚਿਆਂ ਦੀ ਮਾਮੂਲੀ ਤਕਰਾਰ ਨੂੰ ਲੈ ਕੇ ਬਲਜੀਤ ਕੌਰ ਨੇ 8/10 ਵਿਅਕਤੀਆਂ ਨੂੰ ਨਾਲ ਲੈ ਕੇ ਸਾਡੇ ਘਰ ਇੱਟਾਂ ਰੋੜਿਆਂ ਨਾਲ ਹਮਲਾ ਕਰਕੇ ਫਰਿਜ਼, ਟੀ.ਵੀ. ਬੂਹੇ ਬਾਰੀਆਂ ਤੇ ਮੋਟਰਸਾਈਕਲ ਦੀ ਭੰਨਤੋੜ ਕੀਤੀ। ਅਸੀਂ ਲੁੱਕ ਕੇ ਆਪਣੀਆਂ ਜਾਨਾਂ ਬਚਾਈਆਂ। ਇਸ ਸਬੰਧੀ ਪੁਲਿਸ ਨੂੰ ਦਰਖਾਸਤ ਵੀ ਦਿੱਤੀ ਤੇ ਪੁਲਿਸ ਨੇ ਮੌਕਾ ਵੀ ਵੇਖਿਆ। ਪੁਲਿਸ ਚੌਂਕੀ ਕੱਕੜ ਨਾਲ ਸੰਪਰਕ ਕਰਨ ਤੇ ਉਨ੍ਹਾਂ ਕਿਹਾ ਕਿ ਦੋਵਾਂ ਧਿਰਾਂ ਦੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ। ਅਗਲੀ ਕਾਰਵਾਈ ਕੀਤੀ ਜਾਵੇਗੀ।

## ਪਿੰਡ ਜਮਾਲ ਦੀ ਮਹਿਲਾ ਸਰਪੰਚ, ਉਸਦੇ ਪਤੀ ਅਤੇ ਭਤੀਜੇ ਵਿਰੁੱਧ ਮਾਮਲਾ ਦਰਜ

**ਸਿਰਸਾ, 15 ਅਪਰੈਲ (ਜਗਤਾਰ ਸਮਾਲਸਰ)** ਪਿੰਡ ਜਮਾਲ ਦੀ ਸਰਪੰਚ ਵਿਨੋਦ ਰਾਣੀ, ਉਸ ਦੇ ਪਤੀ ਓਮ ਪ੍ਰਕਾਸ਼ ਅਤੇ ਭਤੀਜੇ ਸੁਰਿੰਦਰ ਕੁਮਾਰ ਖ਼ਿਲਾਫ਼ ਸ਼ਿਕਾਇਤਕਰਤਾ ਮੋਹਨ ਲਾਲ ਦੀ ਸ਼ਿਕਾਇਤ ਦੇ ਆਧਾਰ ਤੇ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਵਿੱਚ ਓਮ ਪ੍ਰਕਾਸ਼, ਸੁਰਿੰਦਰ ਕੁਮਾਰ ਪੁੱਤਰ ਭਰਤ ਸਿੰਘ ਅਤੇ ਆਸ਼ਾ ਪਤਨੀ ਕਾਲੂ ਰਾਮ ਨੂੰ ਵੀ ਨਾਮਜ਼ਦ ਕੀਤਾ ਗਿਆ ਹੈ। ਮੁਲਜ਼ਮਾਂ ਨੇ ਸਿਕਾਇਤਕਰਤਾ ਮੋਹਨ ਲਾਲ ਨੂੰ ਬਲੈਕਮੇਲ ਕਰਨ ਅਤੇ ਉਸ ਦੀ ਸਮਾਜਿਕ ਛਵੀ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਸੀ। ਸ਼ਿਕਾਇਤਕਰਤਾ ਮੋਹਨ ਲਾਲ ਨੇ ਪੁਲਿਸ ਨੂੰ ਦੱਸਿਆ ਕਿ ਉਸਨੇ 18 ਜਨਵਰੀ 2024 ਨੂੰ ਆਰਟੀਆਈ ਰਾਹੀ ਪਿੰਡ ਦੀ ਪੰਚਾਇਤ ਦੇ ਵਿਕਾਸ ਕਾਰਜਾਂ ਅਤੇ ਸਰਪੰਚ ਦੀ ਵਿਦਿਅਕ ਯੋਗਤਾ ਦੇ ਵੇਰਵੇ ਮੰਗੇ ਸਨ। ਇਸ ਤੋਂ ਬਾਅਦ ਜੁਲਾਈ ਅਤੇ ਅਗਸਤ ਵਿੱਚ ਉਸਨੇ ਸਿਰਸਾ ਦੇ ਡਿਪਟੀ ਕਮਿਸ਼ਨਰ ਅਤੇ ਹਰਿਆਣਾ ਦੇ ਮੁੱਖ ਮੰਤਰੀ ਨੂੰ ਸਰਪੰਚ ਵੱਲੋਂ ਨਾਲੀਆਂ ਦੇ ਫਰਜ਼ੀ ਬਿੱਲ ਬਣਾਉਣ ਅਤੇ ਘੱਟ ਕੰਮ ਲਈ ਵੱਧ ਭੁਗਤਾਨਾਂ ਬਾਰੇ ਸ਼ਿਕਾਇਤ ਕੀਤੀ ਸੀ । ਇਸ ਕਾਰਵਾਈ ਤੋਂ ਖਫਾ ਹੋ ਕੇ ਸਰਪੰਚ ਵਿਨੋਦ ਰਾਣੀ, ਉਸਦੇ ਪਤੀ ਓਮ ਪ੍ਰਕਾਸ਼, ਸੁਰਿੰਦਰ ਕੁਮਾਰ ਅਤੇ ਆਸ਼ਾ ਵਾਸੀ ਜਮਾਲ ਨੇ ਉਸਦੇ ਖਿਲਾਫ ਇੱਕ ਸਾਜ਼ਿਸ਼ ਰਚੀ। ਜੁਲਾਈ 2024 ਵਿੱਚ ਆਸ਼ਾ ਨੇ ਸ਼ਿਕਾਇਤਕਰਤਾ ਮੋਹਨ ਲਾਲ ਤੇ ਅਸ਼ਲੀਲ ਵਿਵਹਾਰ ਦਾ ਫਰਜ਼ੀ ਦੋਸ਼ ਲਗਾਉਂਦੇ ਹੋਏ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ। ਮੋਹਨ ਲਾਲ ਨੇ ਤੁਰੰਤ ਪੁਲਿਸ ਨੂੰ ਸਾਜ਼ਿਸ਼ ਦੀ ਜਾਣਕਾਰੀ ਦਿੱਤੀ ਅਤੇ ਨਿਰਪੱਖ ਜਾਂਚ ਦੀ ਮੰਗ ਕੀਤੀ। ਜਦੋਂ ਪੁਲਿਸ ਜਾਂਚ ਦੌਰਾਨ ਸੱਚਾਈ ਸਾਹਮਣੇ ਆਉਣ ਲੱਗੀ ਤਾਂ ਔਰਤ ਅਤੇ ਉਸਦੇ ਸਾਥੀਆਂ ਨੇ ਆਪਣੀ ਸ਼ਿਕਾਇਤ ਵਾਪਸ ਲੈ ਲਈ। ਇਸ ਘਟਨਾ ਤੋਂ ਬਾਅਦ ਮੋਹਨ ਲਾਲ ਨੇ ਪੁਲਿਸ ਸੁਪਰਡੈਂਟ ਕੋਲ ਇੱਕ ਲਿਖਤੀ ਸ਼ਿਕਾਇਤ ਦਰਜ ਕਰਵਾਈ, ਜਿਸ ਵਿੱਚ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਗਈ। ਇਸ ਸ਼ਿਕਾਇਤ ਦੇ ਆਧਾਰ ਤੇ ਨਾਥੂਸਰੀ ਚੌਪਟਾ ਥਾਣਾ ਪੁਲਿਸ ਨੇ ਸਰਪੰਚ ਵਿਨੋਦ ਰਾਣੀ, ਉਸਦੇ ਪਤੀ ਓਮ ਪ੍ਰਕਾਸ਼, ਸੁਰਿੰਦਰ ਅਤੇ ਆਸ਼ਾ ਵਿਰੁੱਧ ਧਾਰਾ120ਬੀ, 166, 195ਏ, 211, 384, 500, 506 ਆਈਪੀਸੀ ਤਹਿਤ ਮਾਮਲਾ ਦਰਜ ਕਰਕੇ ਆਗਾਮੀ ਜਾਂਚ ਸ਼ੁਰੂ ਕੀਤੀ ਹੈ। ਇਹ ਮਾਮਲਾ ਹੁਣ ਜਮਾਲ ਪਿੰਡ ਵਿੱਚ ਚਰਚਾ ਦਾ ਵਿਸ਼ਾ ਬਣ ਗਿਆ ਹੈ ਅਤੇ ਪੁਲਿਸ ਹਰ ਕੋਣ ਤੋਂ ਸਰਗਰਮੀ ਨਾਲ ਸਬੂਤ ਇਕੱਠੇ ਕਰ ਰਹੀ ਹੈ।

## ਬੀਕੇਯੂ ਡਕੌਂਦਾ ਵੱਲੋਂ ਪਿੰਡ ਕੱਲਰ ਭੈਣੀ ਦੀ ਪਾਣੀ ਦੀ ਨਿਕਾਸੀ ਨੂੰ ਲੈ ਕੇ ਡਿਪਟੀ ਕਮਿਸ਼ਨਰ ਪਟਿਆਲਾ ਦੇ ਦਫਤਰ ਮੂਹਰੇ ਕੀਤਾ ਗਿਆ ਰੋਸ ਪ੍ਰਦਰਸ਼ਨ



**ਪਟਿਆਲਾ, 15 ਅਪ੍ਰੈਲ (ਅਮਨ ਸਿੱਧੂ ਮੱਲੇਵਾਲ)** ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਪਟਿਆਲਾ ਜਿਲਾ ਦੇ ਪ੍ਰੈੱਸ ਸਕੱਤਰ ਟਹਿਲ ਸਿੰਘ ਕੱਕੇਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਕੱਲਰ ਭੈਣੀ ਦੇ ਸੂਬਾ ਖਾਨ, ਮੁਸਤਾਕ ਅਲੀ, ਅਲੀਫ ਸਾਨੀ, ਬਲੀ ਖਾਨ ਦੇ ਘਰਾਂ ਦੇ ਪਾਣੀ ਦੀ ਸਮੱਸਿਆ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਵੱਲੋਂ ਡਿਪਟੀ ਕਮਿਸ਼ਨਰ ਪਟਿਆਲਾ ਦੇ ਦਫਤਰ ਮੂਹਰੇ ਰੋਸ ਮੁਜ਼ਾਰਾ ਕੀਤਾ ਗਿਆ। ਇਹ ਰੋਸ ਮੁਜਾਰਾ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਦੇ ਜਿਲ੍ਹਾ ਪ੍ਰਧਾਨ ਗੁਰਬਚਨ ਸਿੰਘ ਕਨਸੂਹਾ ਕਲਾਂ ਦੀ ਅਗਵਾਈ ਹੇਠ ਕੀਤਾ ਗਿਆ। ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜਿਲਾ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਪੰਜੋਲਾ ਨੇ ਕਿਹਾ ਕਿ ਪਿੰਡ ਦੇ ਕੁਝ ਪਰਿਵਾਰਾਂ ਵੱਲੋਂ ਜਾਣ ਬੁਝ ਕੇ ਸਿਆਸੀ ਤੌਰ ਤੇ ਪਿੰਡ ਦੀ ਪੰਚਾਇਤ ਵੱਲੋਂ ਪਿੰਡ ਦੇ ਪਾਣੀ ਦੀ ਸਹੀ ਨਿਕਾਸੀ ਨਹੀਂ ਹੋਣ ਦਿੱਤੀ ਜਾ ਰਹੀ ਹੈ। ਬਲਜੀਤ ਸਿੰਘ ਪੰਜੋਲਾ ਨੇ ਕਿਹਾ ਕਿ ਜਿਸ ਦੇ ਸਬੰਧ ਵਿੱਚ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਵੱਲੋਂ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਵਾਰ-ਵਾਰ ਮਿਲਣ ਤੇ ਵੀ ਇਸ ਮਸਲੇ ਦਾ ਕੋਈ ਵੀ ਹੱਲ ਨਹੀਂ ਹੋਇਆ ਹੈ। ਉਨਾ ਕਿਹਾ ਕਿ ਜਿਸ ਦੇ ਸਬੰਧ ਵਿੱਚ ਅੱਜ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਵੱਲੋਂ ਇਹ ਪ੍ਰੋਗਰਾਮ ਉਲੀਕਿਆ ਗਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਇਸ ਮਸਲੇ ਦਾ ਕੋਈ ਪੁਖਤਾ ਪ੍ਰਬੰਧ ਕਰਨ ਲਈ ਕਿਹਾ ਗਿਆ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਬਚਨ ਸਿੰਘ ਕਨਸੂਹਾ ਕਲਾਂ ਜਿਲਾ ਪ੍ਰਧਾਨ, ਟਹਿਲ ਸਿੰਘ ਕੱਕੇਪੁਰ ਜਿਲਾ ਪ੍ਰੈੱਸ ਸਕੱਤਰ, ਬਲਜੀਤ ਸਿੰਘ ਪੰਜੋਲਾ ਜਿਲਾ ਸੀਨੀਅਰ ਮੀਤ ਪ੍ਰਧਾਨ, ਹਰਭਗਵਾਨ ਸਿੰਘ ਖੇੜੀ ਮਾਨੀਆ ਜ਼ਿਲਾ ਖਜਾਨਚੀ, ਸੁਖਵਿੰਦਰ ਸਿੰਘ ਫਤਿਹ ਮਾਜਰੀ ਬਲਾਕ ਪ੍ਰਧਾਨ ਸਮਾਣਾ, ਮੁਖਤਿਆਰ ਸਿੰਘ ਕੱਕੇਪੁਰ ਬਲਾਕ ਪ੍ਰਧਾਨ ਸਨੌਰ, ਸੁਰਜੀਤ ਸਿੰਘ ਲਚਕਾਣੀ ਬਲਾਕ ਪ੍ਰਧਾਨ ਪਟਿਆਲਾ-2, ਗੁਰਵਿੰਦਰ ਸਿੰਘ ਲੰਗ ਅਤੇ ਰਣਧੀਰ ਸਿੰਘ ਫਤਿਹ ਮਾਜਰੀ ਆਦਿ ਹੋਰ ਬਹੁਤ ਸਾਰੇ ਕਿਸਾਨ ਆਗੂ ਸਾਮਲ ਸਨ।

## ਕੈਸ਼ਲੈਸ ਟੋਲ ਨੀਤੀ ਖ਼ਿਲਾਫ਼ ਪੰਜਾਬ ਭਰ 'ਚ ਵਿਰੋਧ, ਕਾਲਾਝਾੜ ਟੋਲ ਪਲਾਜ਼ਾ 3 ਘੰਟੇ ਲਈ ਮੁਫ਼ਤ





**ਭਵਾਨੀਗੜ੍ਹ, 15 ਅਪ੍ਰੈਲ (ਰਾਜ ਖੁਰਮੀ):** ਨੇੜਲੇ ਪਿੰਡ ਕਾਲਾਝਾੜ ਟੋਲ ਪਲਾਜ਼ਾ 'ਤੇ ਅੱਜ ਟੋਲ ਪਲਾਜ਼ਾ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਕੇਂਦਰ ਸਰਕਾਰ ਦੀ ਕੈਸ਼ਲੈਸ ਟੋਲ ਪ੍ਰਣਾਲੀ ਦੇ ਖ਼ਿਲਾਫ਼ ਤਿੱਖਾ ਵਿਰੋਧ ਦਰਜ ਕਰਵਾਇਆ ਗਿਆ। ਇਸ ਦੌਰਾਨ ਯੂਨੀਅਨ ਦੀ ਅਪੀਲ 'ਤੇ ਸੂਬਾ ਭਰ ਦੇ ਕਈ ਟੋਲ ਪਲਾਜ਼ਿਆਂ ਨੂੰ ਤਿੰਨ ਘੰਟਿਆਂ ਲਈ ਟੋਲ ਮੁਕਤ ਕੀਤਾ ਗਿਆ, ਜਿਸ ਨਾਲ ਵਾਹਨ ਚਾਲਕਾਂ ਨੂੰ ਵੱਡੀ ਰਾਹਤ ਮਿਲੀ।ਯੂਨੀਅਨ ਆਗੂਆਂ ਨੇ ਕਿਹਾ ਕਿ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਵੱਲੋਂ ਲਾਗੂ ਕੀਤੀ ਗਈ ਕੈਸ਼ਲੈਸ ਨੀਤੀ ਜ਼ਮੀਨੀ ਹਕੀਕਤਾਂ ਨਾਲ ਮੇਲ ਨਹੀਂ ਖਾਂਦੀ। ਉਨ੍ਹਾਂ ਦੱਸਿਆ ਕਿ ਦੇਸ਼ ਦੇ ਵੱਡੇ ਹਿੱਸੇ ਦੇ ਲੋਕ ਅਜੇ ਵੀ ਨਕਦ ਭੁਗਤਾਨ 'ਤੇ ਨਿਰਭਰ ਹਨ ਅਤੇ ਹਰ ਕੋਈ ਯੂ.ਪੀ.ਆਈ., ਨੈੱਟ ਬੈਂਕਿੰਗ ਜਾਂ ਗੂਗਲ ਪੇ ਵਰਗੀਆਂ ਡਿਜੀਟਲ ਸਹੂਲਤਾਂ ਦੀ ਵਰਤੋਂ ਨਹੀਂ ਕਰਦਾ।ਉਨ੍ਹਾਂ ਕਿਹਾ ਕਿ ਕਈ ਵਾਰ ਸਰਵਰ ਡਾਊਨ ਹੋਣ ਜਾਂ ਨੈੱਟਵਰਕ ਸਮੱਸਿਆਵਾਂ ਕਾਰਨ ਟੋਲ ਪਲਾਜ਼ਿਆਂ 'ਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਜਾਂਦੀਆਂ ਹਨ, ਜਿਸ ਨਾਲ ਲੋਕਾਂ ਨੂੰ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਤੋਂ ਇਲਾਵਾ ਕੈਸ਼ ਬੰਦ ਹੋਣ ਨਾਲ ਟੋਲ ਕਰਮਚਾਰੀਆਂ ਅਤੇ ਵਾਹਨ ਚਾਲਕਾਂ ਵਿਚਕਾਰ ਝਗੜਿਆਂ ਦੇ ਮਾਮਲੇ ਵੀ ਵੱਧ ਰਹੇ ਹਨ, ਜਿਸ ਨਾਲ ਕਰਮਚਾਰੀਆਂ ਦੀ ਸੁਰੱਖਿਆ 'ਤੇ ਵੀ ਸਵਾਲ ਖੜ੍ਹੇ ਹੋ ਰਹੇ ਹਨ।ਯੂਨੀਅਨ ਨੇ ਇਹ ਵੀ ਦਲੀਲ ਦਿੱਤੀ ਕਿ ਦੇਸ਼ ਦੀ ਆਪਣੀ ਕਰੰਸੀ ਨੂੰ ਸਵੀਕਾਰ ਨਾ ਕਰਨਾ ਸੰਵਿਧਾਨਕ ਆਤਮਾ ਦੇ ਖ਼ਿਲਾਫ਼ ਹੈ, ਇਸ ਲਈ ਇਹ ਨੀਤੀ ਤੁਰੰਤ ਵਾਪਸ ਲਈ ਜਾਵੇ।ਮੁੱਖ ਮੰਗਾਂ:ਕੈਸ਼ਲੈਸ ਟੋਲ ਪ੍ਰਣਾਲੀ ਨੂੰ ਤੁਰੰਤ ਰੱਦ ਕੀਤਾ ਜਾਵੇ।ਟੋਲ ਪਲਾਜ਼ਿਆਂ 'ਤੇ ਕੈਸ਼ ਅਤੇ ਡਿਜੀਟਲ ਦੋਵਾਂ ਭੁਗਤਾਨ ਲਾਜ਼ਮੀ ਕੀਤੇ ਜਾਣ।ਟੋਲ ਕਰਮਚਾਰੀਆਂ ਦੀ ਸੁਰੱਖਿਆ ਲਈ ਪੁਲਿਸ ਸਹਾਇਤਾ ਯਕੀਨੀ ਬਣਾਈ ਜਾਵੇ।ਯੂਨੀਅਨ ਨਾਲ ਸੰਵਾਦ ਕਰਕੇ ਜ਼ਮੀਨੀ ਹਾਲਾਤਾਂ ਨੂੰ ਸਮਝਿਆ ਜਾਵੇ।ਪ੍ਰਦਰਸ਼ਨ ਦੌਰਾਨ ਕਿਸਾਨ, ਮਜ਼ਦੂਰ ਜਥੇਬੰਦੀਆਂ ਅਤੇ ਲੋਕ ਇਨਸਾਫ਼ ਸੰਗਠਨਾਂ ਵੱਲੋਂ ਯੂਨੀਅਨ ਨੂੰ ਭਰਪੂਰ ਸਮਰਥਨ ਮਿਲਿਆ। ਉਗਰਾਹਾਂ ਜਥੇਬੰਦੀ ਦੇ ਬਲਾਕ ਪ੍ਰਧਾਨ ਅਜਾਇਬ ਸਿੰਘ ਲੱਖੇਵਾਲ ਸਮੇਤ ਵੱਖ-ਵੱਖ ਪਿੰਡਾਂ ਦੇ ਵਰਕਰ ਅਤੇ ਟੋਲ ਪ੍ਰਧਾਨ ਦਵਿੰਦਰਪਾਲ ਸਿੰਘ ਭੱਟੀਵਾਲ, ਮਨਪ੍ਰੀਤ ਸਿੰਘ ਸੋਨੀ, ਨਰੈਣ ਸਿੰਘ, ਨਾਜਰ ਖਾਨ ਆਦਿ ਵੀ ਮੌਜੂਦ ਰਹੇ।ਅੰਤ ਵਿੱਚ ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਜੇ ਕੇਂਦਰ ਸਰਕਾਰ ਵੱਲੋਂ ਕੈਸ਼ਲੈਸ ਪ੍ਰਣਾਲੀ ਨੂੰ ਵਾਪਸ ਨਾ ਲਿਆ ਗਿਆ ਤਾਂ ਆਉਣ ਵਾਲੇ ਸਮੇਂ 'ਚ ਟੋਲ ਪਲਾਜ਼ਿਆਂ ਨੂੰ ਅਣਮਿੱਥੇ ਸਮੇਂ ਲਈ ਮੁਫ਼ਤ ਕੀਤਾ ਜਾ ਸਕਦਾ ਹੈ। ਯੂਨੀਅਨ ਨੇ ਕੇਂਦਰੀ ਸੜਕ ਤੇ ਆਵਾਜਾਈ ਮੰਤਰੀ ਨਿਤਿਨ ਗਡਕਰੀ ਤੋਂ ਮੰਗ ਕੀਤੀ ਹੈ ਕਿ ਇਸ ਮਸਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਜਲਦ ਫੈਸਲਾ ਕੀਤਾ ਜਾਵੇ।

# ਇਲਾਕੇ ਦੀ ਨਾਮਵਰ ਸੰਸਥਾ ਗੁਰੂਕੁਲ ਅਕੈਡਮੀ ਉੱਭਾ ਦੇ ਅੱਠਵੀਂ ਜਮਾਤ ਦਾ ਨਜੀਤਾ ਸ਼ਾਨਦਾਰ, ਬੱਚਿਆਂ ਨੇ ਮਾਰੀਆਂ ਮੱਲਾਂ




**ਮਾਨਸਾ 15 ਅਪ੍ਰੈਲ (ਗੋਪਾਲ ਅਕਲੀਆ)** ਪੰਜਾਬ ਸਕੂਲ ਸਿੱਖਿਆ ਬੋਰਡ ਮਹਾਲੀ ਦੁਆਰਾ ਐਲਾਨੇ ਗਏ ਐਨਵੀਂ ਜਮਾਤ ਦੇ ਨਤੀਜਾ ਵਿੱਚ ਗੁਰੂਕੁਲ ਅਕੈਡਮੀ ਉੱਭਾ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਮੁਖੀ ਹਰਪ੍ਰੀਤ ਸਿੰਘ ਪੁਰਬਾ ਨੇ ਦੱਸਿਆ ਕਿ ਸਕੂਲ ਦੇ ਸਾਰੇ ਹੀ ਵਿਦਿਆਰਥੀ ਨੇ ਚੰਗੇ ਅੰਕ ਹਾਸਲ ਕਰਕੇ ਕਲਾਸ ਨੂੰ ਪਾਸ ਕੀਤਾ ਹੈ। ਉਨ੍ਹਾਂ ਦੱਸਿਆ ਕਿ ਐਲਾਨੇ ਨਤੀਜਿਆਂ ਵਿੱਚ ਸਕੂਲ ਦੀ ਵਿਦਿਆਰਥਣ ਖੁਸ਼ਮੀਤ ਕੌਰ ਨੇ 541/600 ਅੰਕ ਹਾਸਲ ਕਰਕੇ ਪਹਿਲਾ, ਨਵਰੀਤ ਸਿੱਧੂ, ਨਵਰੀਤ ਕੌਰ ਅਤੇ ਗਗਨਦੀਪ ਸਿੰਘ ਨੇ 529/600 ਅੰਕ ਹਾਸਲ ਕਰਕੇ ਦੂਜੇ ਅਤੇ ਅਭਿਨਰ ਕੌਰ 520/600 ਅੰਕ ਹਾਸਲ ਕਰਕੇ ਤੀਜਾ ਸਥਾਨ ਹਾਸਲ ਕੀਤਾ ਹੈ। ਸਕੂਲ ਪ੍ਰਬੰਧਕ ਸੁਭਾਸ਼ ਗਰਗ ਤੇ ਸਕੂਲ ਮੁਖੀ ਹਰਪ੍ਰੀਤ ਸਿੰਘ ਪੁਰਬਾ ਨੇ ਬੱਚਿਆਂ ਵਲੋਂ ਚੰਗੇ ਅੰਕ ਹਾਸਲ ਕਰਨ ਤੇ ਪ੍ਰਸ਼ੰਸਾ ਕਰਦਿਆਂ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਆ। ਇਸ ਮੌਕੇ ਸਕੂਲ ਸਟਾਫ, ਸਕੂਲੀ ਬੱਚੇ ਹਾਜ਼ਰ ਸਨ।

# ਯੂਰੀਆ ਅਤੇ ਡੀ.ਏ..ਪੀ. ਖਾਦਾਂ ਦੀ ਕਾਲਾ ਬਾਜਾਰੀ ਨੂੰ ਰੋਕਣ ਲਈ ਅਚਨਚੇਤ ਚੈਕਿੰਗ

## ਖੇਤੀ ਸਬੰਧੀ ਸਮੱਸਿਆ ਲਈ ਕਿਸਾਨ ਹੈਲਪ ਡੈਸਕ ਨੰਬਰ 98781-66287 'ਤੇ ਸੰਪਰਕ ਕਰਨ- ਡਾ. ਜਗਸੀਰ ਸਿੰਘ ਮੁੱਖ ਖੇਤੀਬਾੜੀ ਅਫਸਰ



**ਸ੍ਰੀ ਮੁਕਤਸਰ ਸਾਹਿਬ, 15 ਅਪ੍ਰੈਲ (ਮਾਲਵਾ ਬਾਣੀ)** ਖੇਤੀਬਾੜੀ ਮੰਤਰੀ ਪੰਜਾਬ, ਗੁਰਮੀਤ ਸਿੰਘ ਖੁੱਡੀਆਂ ਦੀ ਰਹਿਨੁਮਾਈ ਅਤੇ ਡਾ. ਗੁਰਜੀਤ ਸਿੰਘ ਬਰਾੜ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਯੂਰੀਆ ਅਤੇ ਡੀ.ਏ.ਪੀ. ਖਾਦ ਦੀ ਕਾਲ-ਬਜਾਰੀ ਨੂੰ ਰੋਕਣ ਲਈ ਵਿਸੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਡਾ. ਕਰਨਜੀਤ ਸਿੰਘ ਗਿੱਲ, ਸੰਯੁਕਤ ਡਾਇਰੈਕਟਰ ਖੇਤੀਬਾੜੀ ਵੱਲੋ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਕੁਆਲਟੀ ਕੰਟਰੋਲ ਦੀ ਟੀਮ ਨੂੰ ਨਾਲ ਲੈ ਕੇ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਦੇ ਵੱਖ-ਵੱਖ ਖਾਦ ਵਿਕਰੇਤਾਵਾਂ ਅਤੇ ਯੂਰੀਆ ਦੀ ਡਾਈਵਰਸਨ ਸਬੰਧੀ ਪਲਾਈਵੁੱਡ ਇੰਡਸਟਰੀਜ ਦੀ ਅਚਨਚੇਤ ਚੈਕਿੰਗ ਕੀਤੀ ਗਈ। ਉਨ੍ਹਾਂ ਵੱਲੋ ਚੈਕਿੰਗ ਦੌਰਾਨ ਖਾਦ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਗਈ ਕਿ ਯੂਰੀਆ ਅਤੇ ਡੀ.ਏ.ਪੀ. ਖਾਦ ਦੀ ਕਿਸੇ ਤਰਾਂ ਦੀ ਕਾਲਾ-ਬਾਜਾਰੀ ਨਾਂ ਕੀਤੀ ਜਾਵੇ। ਉਨ੍ਹਾਂ ਖਾਦ ਵਿਕਰੇਤਾਵਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਯੂਰੀਆ ਅਤੇ ਡੀ.ਏ.ਪੀ. ਜਾਂ ਹੋਰ ਕਿਸੇ ਸਬਸਿਡੀ ਵਾਲੀ ਖਾਦ ਕਿਸੇ ਵੀ ਉਦਯੋਗਿਕ ਧੰਦੇ ਲਈ ਵਿਕਰੀ ਨਾਂ ਕੀਤੀ ਜਾਵੇ। ਉਨਾਂ ਵੱਲੋਂ ਮੌਕੇ ਫਰਮ ਵੱਲੋ ਕਿਸਾਨਾਂ ਨੂੰ ਖਾਦ ਦੇ ਕੱਟੇ ਗਏ ਬਿੱਲ ਦੇ ਅਧਾਰ ਤੇ ਖਾਦ ਨੂੰ ਵੈਰੀਫਾਈ ਕਰਨ ਲਈ ਨਿੱਜੀ ਤੌਰ ਕਿਸਾਨਾਂ ਨੂੰ ਕਾਲ ਵੀ ਕੀਤੀ ਗਈ। ਇਸ ਸਮੇਂ ਡਾ. ਜਗਸੀਰ ਸਿੰਘ ਮੁੱਖ ਖੇਤੀਬਾੜੀ ਅਫਸਰ ਸ੍ਰੀ ਮੁਕਤਸਰ ਸਾਹਿਬ ਵੱਲੋ ਵੱਖ ਖਾਦ ਡੀਲਰਾਂ ਨੂੰ ਹਦਾਇਤ ਕੀਤੀ ਗਈ ਕਿ ਯੂਰੀਆ ਅਤੇ ਡੀ.ਏ.ਪੀ. ਖਾਦ ਦੀ ਵਿਕਰੀ ਸਮੇਂ ਕਿਸਾਨਾਂ ਨੂੰ ਪੱਕਾ ਬਿੱਲ ਹੀ ਦਿੱਤਾ ਜਾਵੇ। ਕਿਸੇ ਵੀ ਕਿਸਾਨ ਨੂੰ ਖਾਦ ਨਾਲ ਕੋਈ ਵੀ ਅਣਚਾਹੀ ਵਸਤੂ ਨਾਂ ਦਿੱਤੇ ਜਾਵੇ ਅਤੇ ਖਾਦ ਦੀ ਵਿਕਰੀ ਪੀ.ਓ.ਐਸ. ਮਸ਼ੀਨ ਰਾਹੀ ਹੀ ਕੀਤੀ ਜਾਵੇ। ਉਨਾਂ ਕਿਹਾ ਕਿ ਜੇਕਰ ਕੋਈ ਡੀਲਰ ਕਿਸੇ ਤਰਾਂ ਦੀ ਕਾਲਾ- ਬਾਜਾਰੀ ਕਰਦਾ ਪਾਇਆ ਗਿਆ ਤਾਂ ਉਸ ਦੇ ਖਿਲਾਫ ਖਾਦ ਕੰਟਰੋਲ ਹੁਕਮ 1985 ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਮੁੱਖ ਖੇਤੀਬਾੜੀ ਅਫਸਰ ਵੱਲੋ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਅਨੁਸਾਰ ਹੀ ਖਾਦਾਂ ਦੀ ਵਰਤੋ ਕਰਨ ਅਤੇ ਕੋਈ ਵੀ ਖੇਤੀ ਵਸਤਾਂ ਪੱਕੇ ਬਿੱਲ ਤੋਂ ਬਿਨਾਂ ਨਾਂ ਖਰੀਦ ਕਰਨ। ਇਸ ਤੋਂ ਇਲਾਵਾਂ ਜੇਕਰ ਖੇਤੀ ਸਬੰਧੀ ਹੋਰ ਸਮੱਸਿਆ ਆਉਂਦੀ ਹੈ ਜਾਂ ਕਿਸੇ ਕਿਸਮ ਦੀ ਤਕਨੀਕੀ ਜਾਣਕਾਰੀ ਲੈਣ ਲਈ ਆਪਣੇ ਇਲਾਕੇ ਦੇ ਖੇਤੀਬਾੜੀ ਵਿਕਾਸ ਅਫਸਰ ਜਾਂ ਕਿਸਾਨ ਹੈਲਪ ਡੈਸਕ ਨੰਬਰ 98781-66287 ਤੇ ਸੰਪਰਕ ਕਰਨ। ਇਸ ਵਿਸ਼ੇਸ਼ ਚੈਕਿੰਗ ਦੌਰਾਨ ਗਿਰੀਸ਼ ਕੁਮਾਰ ਐਗਰੋਨੋਮਿਸਟ ਮੁੱਖ ਦਫਤਰ, ਵਿਕਰਮਜੀਤ ਸਿੰਘ ਏਡੀਓ ਮੁੱਖ ਦਫਤਰ, ਰਾਜਵਿੰਦਰ ਸਿੰਘ ਏ.ਪੀ.ਪੀ.ਓ, ਜਗਮੋਹਨ ਸਿੰਘ ਏ.ਸੀ.ਈ.ਓ, ਮੰਗਲ ਸੈਨ ਏਡੀਓ, ਸੁਖਜਿੰਦਰ ਸਿੰਘ ਏ.ਡੀ.ਓ ਅਤੇ ਜ਼ਸ਼ਨਪ੍ਰੀਤ ਸਿੰਘ ਬਰਾੜ ਏ.ਡੀ.ਓ. ਤੋ ਇਲਾਵਾਂ ਹੋਰ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

# ਭਗਵਾਨ ਸ਼੍ਰੀ ਪਰਸ਼ੂਰਾਮ ਜੈਯੰਤੀ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਈ ਜਾਵੇਗੀ, ਸ਼੍ਰੀ ਬ੍ਰਾਹਮਣ ਸਭਾ ਯੁਵਾ ਮੋਰਚਾ ਦੀ ਹੋਈ ਅਹਿਮ ਮੀਟਿੰਗ



**ਸਮਰਾਲਾ 15 ਅਪ੍ਰੈਲ ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ** - ਸ਼੍ਰੀ ਬ੍ਰਾਹਮਣ ਸਭਾ ਯੂਵਾ ਮੋਰਚਾ ਤੇ ਸ਼ਹਿਰ ਨਿਵਾਸੀਆ ਦੀ ਇਕ ਅਹਿਮ ਮੀਟਿੰਗ ਸਥਾਨਕ ਸ਼੍ਰੀ ਦੁਰਗਾ ਮੰਦਿਰ ਵਿੱਚ ਬੁਲਾਈ ਗਈ ਜਿਸ ਵਿੱਚ ਭਗਵਾਨ ਸ਼੍ਰੀ ਪਰਸ਼ੂਰਾਮ ਜੈਯੰਤੀ ਮਨਾਉਣ ਨੂੰ ਲੈਕੇ ਅਹਿਮ ਚਰਚਾ ਕੀਤੀ ਗਈ । ਯੂਵਾ ਮੋਰਚਾ ਦੇ ਪ੍ਰਧਾਨ ਪ੍ਰਵੀਨ ਸ਼ਰਮਾ ਨੇ ਦੱਸਿਆ 19 ਅਪ੍ਰੈਲ ਦਿਨ ਐਤਵਾਰ ਨੂੰ ਭਗਵਾਨ ਪਰਸ਼ੂਰਾਮ ਜੈਅੰਤੀ ਸ੍ਰੀ ਸ੍ਰੀ 1008 ਬਾਬਾ ਯੱਗ ਨਾਥ ਜੀ ਦੀ ਅਗਵਾਈ ਹੇਠ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਈ ਜਾ ਰਹੀ ਹੈ । ਜਿਸ ਵਿੱਚ ਸਮੂਹ ਬ੍ਰਾਹਮਣ ਸਮਾਜ ਨੂੰ ਅਤੇ ਸ਼ਹਿਰ ਨਿਵਾਸੀਆਂ ਨੂੰ ਸੱਦਾ ਦਿੱਤਾ ਜਾਂਦਾ ਹੈ। ਉਨਾਂ ਕਿਹਾ ਕਿ 19 ਅਪ੍ਰੈਲ ਐਤਵਾਰ ਨੂੰ ਸਵੇਰੇ 8:30 ਵਜੇ ਹਵਨ ਤੇ ਉਸ ਤੋਂ ਬਾਅਦ ਲੰਗਰ ਅਟੁੱਟ ਵਰਤਾਇਆ ਜਾਵੇਗਾ। ਉਨਾ ਕਿਹਾ ਕਿ ਭਗਵਾਨ ਪਰਸ਼ੂਰਾਮ ਜੀ ਦਾ ਆਸ਼ੀਰਵਾਦ ਲੈ ਕੇ ਉਸ ਨੂੰ ਕਿਸ ਤਰਾਂ ਵਧੀਆ ਤਰੀਕੇ ਨਾਲ ਮਨਾਇਆ ਜਾਵੇ ਉਹਦੇ ਲਈ ਸਾਰੇ ਬ੍ਰਾਹਮਣ ਸਮਾਜ ਨੇ ਵਿਚਾਰ ਵਟਾਂਦਰਾ ਕੀਤਾ। ਉਨਾਂ ਦੱਸਿਆ ਕਿ ਸ਼੍ਰੀ ਦੁਰਗਾ ਮੰਦਿਰ ਵਿੱਚ ਜੋ ਭਗਵਾਨ ਪਰਸ਼ੂਰਾਮ ਜੈਅੰਤੀ ਦੇ ਸੰਬੰਧ ਵਿੱਚ ਪ੍ਰੋਗਰਾਮ ਰੱਖਿਆ ਗਿਆ ਹੈ ਉਸ ਵਿੱਚ ਸਾਰੇ ਸ਼ਹਿਰ ਨਿਵਾਸੀਆ ਤੇ ਆਸਪਾਸ ਪਿੰਡ ਨਿਵਾਸੀਆ ਨੂੰ ਸ਼ਾਮਲ ਹੋਣ ਦਾ ਸੱਦਾ ਦਿੱਤਾ ਜਾਂਦਾ ਹੈ । ਉਨਾ ਬ੍ਰਾਹਮਣ ਸਮਾਜ ਨੂੰ ਇਕ ਜੁਟ ਹੋਣ ਦੀ ਅਪੀਲ ਕਰਦਿਆ ਕਿਹਾ ਕਿ ਸਮੂਹ ਬ੍ਰਾਹਮਣ ਸਮਾਜ ਤੇ ਹਿੰਦੂ ਸਮਾਜ ਨੂੰ ਇਕ ਜੁੱਟ ਹੋਣ ਦੀ ਜਰੂਰਤ ਹੈ ਤੇ ਵੱਧ ਤੋਂ ਵੱਧ ਆਪਾਂ ਇਸ ਨਾਲ ਜੁੜੀਏ ਤੇ ਆਪਣੇ ਪਰਿਵਾਰ ਨੂੰ ਵਾਧਾ ਕਰੀਏ ਤੇ ਇਹਨੂੰ ਆਪਣਾ ਸਮਝ ਕੇ ਆਪਾਂ ਸਾਰੀਆਂ ਚੀਜ਼ਾਂ ਨੂੰ ਅੱਗੇ ਵਧਾਈਏ । ਇਸ ਮੌਕੇ ਐਡਵੋਕੇਟ ਗਗਨਦੀਪ ਸ਼ਰਮਾਂ,ਆਸ਼ੂ ਚਹਿਲਾਂ, ਮਨੋਜ ਤਿਵਾੜੀ, ਬਲਰਾਮ ਸ਼ਰਮਾ, ਯਸ਼ਪਾਲ ਗੋਪਾਲ ਮਿੰਟਾ, ਰਾਜੇਸ਼ ਭਾਰਦਵਾਜ, ਸੁਸ਼ੀਲ ਸ਼ੁਕਲਾ ਮੋਟੀ ਤਿਵਾੜੀ,ਮਣੀ ਪਾਠਕ, ਨਵਨੀਤ ਤਿਵਾੜੀ, ਬੋਬੀ ਮਝੈਲ, ਰਾਜੀਵ ਸ਼ਰਮਾ ਨਿਕੂ, ਗਿਆਨ ਚੰਦ ਭੋਲਾ, ਪਵਨ ਸ਼ਰਮਾਂ ਬਾਬੂ,ਹਨੀ ਕੋਸ਼ਲ, ਸ਼ਿਟੂ ਅਤਰੇ, ਮੁਕੇਸ਼ ਸ਼ਰਮਾ, ਸ਼ੰਜੂ ਸ਼ਰਮਾ ਆਦਿ ਤੋ ਇਲਾਵਾ ਹੋਰ ਵੀ ਬ੍ਰਾਹਮਣ ਪਰਿਵਾਰ ਦੇ ਲੋਕ ਹਾਜ਼ਰ ਸਨ।

# ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿਖੇ ਗ੍ਰੈਜੂਏਸ਼ਨ ਸੈਰਾਮਨੀ ਸਮਾਗਮ ਆਯੋਜਿਤ




**ਸਮਰਾਲਾ 15 ਅਪ੍ਰੈਲ ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ** - ਸੈਂਟੀਨਲ ਇੰਟਰਨੈਸ਼ਨਲ ਸਕੂਲ, ਸਮਰਾਲਾ ਵਿਖੇ ਯੂ. ਕੇ. ਜੀ. ਦੇ ਵਿਦਿਆਰਥੀਆਂ ਲਈ ਗ੍ਰੈਜੂਏਸ਼ਨ ਸੈਰਾਮਨੀ ਦਾ ਆਯੋਜਨ ਕੀਤਾ ਗਿਆ।ਇਸ ਵਿੱਚ ਮੁੱਖ ਮਹਿਮਾਨ ਕਰਨਵੀਰ ਸਿੰਘ ਢਿੱਲੋਂ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ ਗਿਆ।ਗ੍ਰੈਜੂਏਸ਼ਨ ਸੈਰਾਮਨੀ ਵਿੱਚ ਪਹੁੰਚੇ ਸਤਿਕਾਰਯੋਗ ਮਾਪਿਆਂ ਅਤੇ ਪਤਵੰਤੇ ਸੱਜਣਾਂ ਨੂੰ ਵੀ ਜੀ-ਆਇਆ ਆਖਿਆ ਗਿਆ। ਬੱਚਿਆਂ ਦੁਆਰਾ ਮਹਿਫਿਲ ਨੂੰ ਚਾਰ ਚੰਨ ਲਾਉਣ ਲਈ ਆਏ ਮਹਿਮਾਨਾਂ ਦੇ ਸਵਾਗਤ ਵਿੱਚ ਵੈਲਕਮ ਡਾਂਸ, ਕੋਰੀਓਗ੍ਰਾਫੀ, ਪੰਜਾਬੀ ਡਾਂਸ ਆਦਿ ਪੇਸ਼ਕਾਰੀਆਂ ਰਾਹੀਂ ਸਭ ਦਾ ਮਨ ਮੋਹ ਲਿਆ ਗਿਆ। ਨੰਨੇ-ਮੁੰਨੇ ਬੱਚਿਆਂ ਰਾਹੀਂ ਆਪਣੀ ਪ੍ਰਤੀਭਾ ਅਤੇ ਮਿਹਨਤ ਰਾਹੀਂ ਪ੍ਰੀ-ਪ੍ਰਾਇਮਰੀ ਦਾ ਸਫ਼ਰ ਪੂਰਾ ਕਰਕੇ ਪ੍ਰਾਇਮਰੀ ਵਿੱਚ ਦਾਖਲ ਹੋ ਰਹੇ ਬੱਚਿਆਂ ਨੂੰ ਉਹਨਾਂ ਦੀ ਸ਼ਖ਼ਸ਼ੀਅਤ ਨੂੰ ਦਰਸਾਉਂਦੇ ਵੱਖ-ਵੱਖ ਤਰ੍ਹਾਂ ਦੇ ਖਿਤਾਬਾਂ ਦੇ ਨਾਲ ਨਿਵਾਜਿਆ ਗਿਆ 'ਤੇ ਸਨਮਾਨ ਚਿੰਨ੍ਹ ਭੇਂਟ ਕੀਤੇ ਗਏ। ਬੱਚਿਆਂ ਨੇ ਆਪਣੇ ਪਿਆਰੇ ਬੋਲਾਂ ਰਾਹੀਂ ਸਕੂਲ ਵਿੱਚ ਬਿਤਾਏ ਆਪਣੇ ਪਿਆਰੇ ਪਲਾਂ ਅਤੇ ਸਕੂਲ ਬਾਰੇ ਆਪਣੀਆਂ ਭਾਵਨਾਂਵਾਂ ਨੂੰ ਆਪਣੇ ਵਿਚਾਰਾਂ ਰਾਹੀਂ ਪ੍ਰਗਟ ਕੀਤਾ। ਸਮਾਰੋਹ ਦੌਰਾਨ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ ਅਤੇ ਸਮੂਹਿਕ ਤਸਵੀਰਾਂ ਖਿਚਵਾਈਆਂ ਗਈਆਂ। ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗੀਤ ਅਤੇ ਖੁਸ਼ੀ ਭਰੇ ਪਲ ਨਾਲ ਡਾਂਸ ਰਾਹੀਂ ਕੀਤੀ ਗਈ । ਇਹ ਸਮਾਰੋਹ ਵਿਦਿਆਰਥੀਆਂ ਅਤੇ ਮਾਪਿਆਂ ਲਈ ਯਾਦਗਾਰੀ ਹੋ ਨਿਬੜਿਆ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਮੈਡਮ ਅਤੇ ਮੁੱਖ ਮਹਿਮਾਨ ਵੱਲੋਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਆਦਰਸ਼ ਸਕੂਲ ਕੋਟਭਾਈ ਦੀ 8ਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ



**ਗਿੱਦੜਬਾਹਾ, 15 ਅਪ੍ਰੈਲ (ਕੁਲਭੂਸ਼ਨ ਗਰਗ)** ਪੰਜਾਬ ਸਕੂਲ ਸਿੱਖਿਆ ਬੋਰਡ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਕੋਟਭਾਈ ਦੀ ਅੱਠਵੀਂ ਜਮਾਤ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਪਿਛਲੇ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਕੋਟਭਾਈ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਬਹੁਤ ਹੀ ਸ਼ਾਨਦਾਰ ਰਿਹਾ। ਇਸ ਵਿੱਚ ਜਸਪ੍ਰੀਤ ਕੌਰ ਪੁੱਤਰੀ ਰਾਜਵੀਰ ਸਿੰਘ ਨੇ 92% ਨੰਬਰ ਲੈ ਕੇ ਪਹਿਲੀ ਪੁਜੀਸ਼ਨ ਹਾਸਲ ਕੀਤੀ, ਨਵਦੀਪ ਕੌਰ ਪੁੱਤਰੀ ਅਜੈਬ ਸਿੰਘ 89% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਰਾਜੂ ਪੁੱਤਰੀ ਕੁਲਦੀਪ ਸਿੰਘ, ਮੰਨਤ ਪੁੱਤਰੀ ਨਵਜੋਤ ਕੁਮਾਰ ਨੇ 88. 5% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਇਹਨਾਂ ਵਿਦਿਆਰਥਣਾਂ ਨੂੰ ਪ੍ਰਿੰਸੀਪਲ ਡਾਕਟਰ ਮਨੀਸ਼ਾ ਗੁਪਤਾ ਨੇ ਸਨਮਾਨ ਚਿੰਨ ਦੇ ਕੇ ਹੌਸਲਾ ਅਫਜਾਈ ਕੀਤੀ ਅਤੇ ਨਾਲ ਹੀ ਮਾਪਿਆਂ ਅਤੇ ਅਧਿਆਪਕਾਂ ਦੇ ਵਿਸ਼ੇਸ਼ ਯੋਗਦਾਨ ਦੀ ਸ਼ਲਾਘਾ ਕੀਤੀ।

# ਮਨਪ੍ਰੀਤ ਸਿੰਘ ਹੈਪੀ ਨੇ ਡਾ.ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਮਨਾਇਆ



**ਬੱਸੀ ਪਠਾਣਾਂ, ਰਾਜਨ ਭੱਲਾ**- ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਕੌਂਸਲਰ ਤੇ ਉੱਘੇ ਸਮਾਜ ਸੇਵੀ ਮਨਪ੍ਰੀਤ ਸਿੰਘ ਹੈਪੀ ਵੱਲੋ ਮੁਹੱਲਾ ਪੂਰਾ ਵਾਰਡ ਨੰਬਰ.5 ਵਿੱਖੇ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਅਤੇ ਬੱਚਿਆ ਨੂੰ ਸਟੇਸ਼ਨਰੀ ਵੰਡੀ ਗਈ। ਮਨਪ੍ਰੀਤ ਸਿੰਘ ਹੈਪੀ ਨੇ ਕਿਹਾ ਕਿ ਬਾਬਾ ਸਾਹਿਬ ਨੇ ਜਾਤ ਪ੍ਰਥਾ ਦੇ ਖ਼ਿਲਾਫ਼ ਲੰਮਾ ਸੰਘਰਸ਼ ਕਰਕੇ ਸਮਾਜ ਵਿਚ ਬਰਾਬਰੀ ਦਾ ਸਿਧਾਂਤ ਮਜ਼ਬੂਤ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੀ ਪੀੜ੍ਹੀ ਲਈ ਬਾਬਾ ਸਾਹਿਬ ਦੇ ਵਿਚਾਰ ਪ੍ਰੇਰਣਾ ਦਾ ਸਰੋਤ ਹਨ ਅਤੇ ਸਾਨੂੰ ਉਨ੍ਹਾਂ ਦੇ ਦੱਸੇ ਰਾਹ 'ਤੇ ਚੱਲਦਿਆਂ ਸਮਾਜ ਵਿੱਚ ਸਮਾਨਤਾ ਅਤੇ ਸਹਿਯੋਗ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਵੱਲੋਂ ਬਣਾਏ ਸੰਵਿਧਾਨ ਦੇ ਅਧਾਰ 'ਤੇ ਦੇਸ਼ ਚੱਲ ਰਿਹਾ ਹੈ ਤੇ ਅੱਗੇ ਵੀ ਚੱਲਦਾ ਰਹੇਗਾ। ਉਹਨਾਂ ਕਿਹਾ ਕਿ ਸੰਵਿਧਾਨਿਕ ਕਦਰਾਂ ਕੀਮਤਾਂ ਦਾ ਸਨਮਾਨ ਹਰ ਇੱਕ ਨਾਗਰਿਕ ਦੀ ਜਿੰਮੇਵਾਰੀ ਹੈ। ਇਸ ਮੌਕੇ ਬ੍ਰਿਜਈਸ਼ਵਰ ਸਿੰਘ ਪਾਸੀਂ ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਸੀ ਪਠਾਣਾਂ ਤੇ ਉੱਘੇ ਸਮਾਜ ਸੇਵੀ ਪਵਨ ਬਾਂਸਲ ਬਿੱਟਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਇਸ ਮੌਕੇ ਹਰਨੇਕ ਸਿੰਘ ਬਡਾਲੀ ਪੰਥਕ ਕਵੀ ਸ਼੍ਰੋਮਣੀ ਅਕਾਲੀ ਦਲ, ਦੀਵਾਲ ਕੁਮਾਰ ਹੈਰੀ, ਵਿੱਕੀ ਲੁਧਿਆਣਾ, ਰਾਜਿੰਦਰ, ਵਿਨੋਦ ਕੁਮਾਰ ਵਿੱਕੀ, ਵਿੱਕੀ ਚਟਨੀ, ਅਮਰਿੰਦਰ ਸਿੰਘ ਬਾਠ, ਸੋਨੂੰ, ਨੀਤਨ, ਸਨਮਦੀਪ ਸਿੰਘ, ਪ੍ਰਿੰਸ ਜੱਟੂ, ਲਾਲਿਤ, ਸੁਭਾਮ ਲਾਲ, ਸਾਹਿਲ, ਹਰਮਨ, ਕੇਸ਼ਵ ਕੁਮਾਰ, ਡਾ.ਦਿਵੇਸ਼ ਕੁਮਾਰ, ਲਾਲ ਚੰਦ, ਪ੍ਰੀਸ਼ਿਤ ਸਲਹੋਤਰਾ, ਕੁਲਦੀਪ ਸਿੰਘ, ਕਾਲਾ, ਲਵਦੀਪ ਸਿੰਘ ਬਸਰਾ, ਮੋਹਨ ਲਾਲ, ਰਾਜ ਨਰਾਇਣ, ਵਿਜੇ, ਕੇਸ਼ੋ ਪਾਸਵਾਨ, ਮਨਿੰਦਰ ਸਿੰਘ ਰਾਮ ਲਾਲ ਬਿੱਲਾਂ, ਸੁਰਜੀਤ ਕੁਮਾਰ, ਵਾਹਿ ਬਿਜਲੀ, ਪਰਮ, ਈਸ਼ਾਨ, ਨਿਰਮਲਜੀਤ ਕੌਰ, ਜਰਨੈਲ ਕੌਰ, ਹਰਜੀਤ ਕੌਰ, ਊਸ਼ਾ ਰਾਣੀ, ਰਾਜ ਰਾਣੀ, ਸੁਰਜੀਤ ਕੌਰ, ਕੀਰਤੀ, ਰੇਖਾ ਰਾਣੀ, ਦਰਸ਼ਨਾਂ ਦੇਵੀ, ਰਾਜ ਰਾਣੀ, ਕਲਾਸੋ ਦੇਵੀ, ਪ੍ਰੀਸ਼ਾ ਕੁੱਕੀ, ਸੁਨਾਮ, ਪੂਜਾ ਰਾਣੀ , ਕੁਲਵਿੰਦਰ ਕੌਰ, ਮਿੰਦਰ ਕੌਰ, ਸੁਨੀਤਾ, ਸਿੰਮਾ ਰਾਣੀ, ਰੇਨੂੰ, ਕੁਲਵਿੰਦਰ ਕੌਰ, ਕਰਮਜੀਤ ਕੌਰ, ਮਨਜੀਤ ਕੌਰ ਆਦਿ ਹਾਜ਼ਰ ਸਨ।

# ਜਿਲ੍ਹਾ ਫਾਜ਼ਿਲਕਾ ਕਾਂਗਰਸ ਕਮੇਟੀ ਦਾ ਵਿੱਕੀ ਧਵਨ ਨੂੰ ਬਣਾਇਆ ਵਾਈਸ ਪ੍ਰਧਾਨ

**ਜਲਾਲਾਬਾਦ 15 ਅਪ੍ਰੈਲ (ਗਗਨ ਵਾਟਸ)** ਜਿਲ੍ਹਾ ਫਾਜ਼ਿਲਕਾ ਕਾਂਗਰਸ ਕਮੇਟੀ ਵੱਲੋਂ ਵੱਡਾ ਫੈਸਲਾ ਲੈਂਦਿਆਂ ਵਿੱਕੀ ਧਵਨ (ਐਮ.ਸੀ) ਜਲਾਲਾਬਾਦ ਨੂੰ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਕਾਂਗਰਸ ਵਰਕਰਾਂ ਵਿੱਚ ਖੁਸ਼ੀ ਦੀ



ਲਹਿਰ ਦੇਖਣ ਨੂੰ ਮਿਲ ਰਹੀ ਹੈ। ਇਸ ਮੌਕੇ ਵਿੱਕੀ ਧਵਨ ਨੇ ਪਾਰਟੀ ਹਾਈ ਕਮਾਂਡ ਦਾ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੀ ਲਗਨ ਨਾਲ ਕੰਮ ਕਰਨਗੇ। ਉਨ੍ਹਾਂ ਨੇ ਖਾਸ ਤੌਰ 'ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ, ਸਾਬਕਾ ਵਿਧਾਇਕ ਰਮਿੰਦਰ ਆਂਵਲਾ, ਜਿਲ੍ਹਾ ਪ੍ਰਧਾਨ ਹਰਪ੍ਰੀਤ ਸਿੱਧੂ, ਯੂਥ ਆਗੂ ਰੂਬੀ ਗਿੱਲ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ 'ਤੇ ਵਿਸ਼ਵਾਸ ਜਤਾਇਆ। ਵਿੱਕੀ ਧਵਨ ਨੇ ਕਿਹਾ ਕਿ ਉਹ ਪਾਰਟੀ ਦੀਆਂ ਉਮੀਦਾਂ 'ਤੇ ਖਰੇ ਉਤਰਣ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।

# ਦਰਸ਼ਨ ਲਾਲ ਬਾਘਲਾ ਦੇ ਨਮਿੱਤ ਪਾਠ ਦਾ ਭੋਗ 17 ਅਪ੍ਰੈਲ ਨੂੰ



**ਗਿੱਦੜਬਾਹਾ, 15 ਅਪ੍ਰੈਲ (ਕੁਲਭੂਸ਼ਨ ਗਰਗ)** ਧਰਮਿੰਦਰ ਬਾਘਲਾ ਟੋਨਾ ਤੇ ਸੁਨੀਲ ਬਾਘਲਾ ਸੋਨੀ ਦੇ ਪਿਤਾ ਅਤੇ ਪ੍ਰੋਫੈਸਰ ਜਸਵਿੰਦਰ ਬਾਘਲਾ ਤੇ ਪੰਚਾਇਤ ਸਕੱਤਰ ਦਵਿੰਦਰ ਬਾਘਲਾ ਦੇ ਚਾਚਾ ਦਰਸ਼ਨ ਲਾਲ ਬਾਘਲਾ (ਭੂੰਦੜ ਵਾਲੇ) ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ। ਸਵ. ਦਰਸ਼ਨ ਲਾਲ ਬਾਘਲਾ ਦੀ ਬੇਵਕਤੀ ਮੌਤ ਤੇ ਗਿੱਦੜਬਾਹਾ ਦੀਆਂ ਸਮੂਹ ਸਮਾਜਿਕ ਸੰਸੰਥਾਵਾਂ, ਵਪਾਰਕ ਅਦਾਰਿਆਂ ਅਤੇ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਬਾਘਲਾ ਪਰਿਵਾਰ ਨਾਲ ਡੂੰਘੇ ਦੁੱਖ ਦਾ ਇਜਹਾਰ ਕੀਤਾ ਹੈ। ਸਵ. ਦਰਸ਼ਨ ਲਾਲ ਬਾਘਲਾ ਦੇ ਨਮਿੱਤ ਪਾਠ ਦਾ ਭੋਗ ਅਤੇ ਅੰਮਿਤ ਅਰਦਾਸ ਗੁਰਦੁਆਰਾ ਬਾਬਾ ਭੂੰਦੜ ਸਾਹਿਬ ਪਿੰਡ ਭੂੰਦੜ ਵਿਖੇ 17 ਅਪ੍ਰੈਲ ਦਿਨ ਸ਼ੁੱਕਰਵਾਰ ਨੂੰ 12:30 ਵਜੇ ਹੋਵੇਗੀ।

# ਰਾਮਪੁਰਾ ਫੂਲ ਵਿੱਚ ਬਾਲਾ ਜੀ ਦਾ ਵਿਸ਼ਾਲ ਸੰਕੀਰਤਨ ਤੇ ਭੰਡਾਰਾ 19 ਅਪ੍ਰੈਲ ਨੂੰ




**ਰਾਮਪੁਰਾ ਫੂਲ,15 ਅਪ੍ਰੈਲ (ਮਨਪ੍ਰੀਤ ਮਿੰਟੂ)** ਸਥਾਨਕ ਸ਼ਹਿਰ ਦੇ ਕੱਸੀ ਵਾਲਾ ਰੋਡ ਮਾਸਟਰ ਮੇਜਰ ਸਿੰਘ ਗਿੱਲ ਦੇ ਘਰ ਨੇੜੇ ਸਥਿਤ ਰਾਮਦੂਤ ਸ੍ਰੀ ਬਾਲਾ ਜੀ ਮੰਦਰ (ਨੇੜੇ ਪੁਰਾਣੀ ਸਬਜ਼ੀ ਮੰਡੀ) ਵਿਖੇ 19 ਅਪ੍ਰੈਲ ਦਿਨ ਐਤਵਾਰ ਨੂੰ ਬਾਲਾ ਜੀ ਦਾ ਵਿਸ਼ਾਲ ਸੰਕੀਰਤਨ ਅਤੇ ਭੰਡਾਰਾ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਭਗਤ ਅਸ਼ੋਕ ਗਰਗ (ਅਸ਼ੋਕੀ ਬਾਬਾ) ਨੇ ਦੱਸਿਆ ਕਿ ਸਮਾਗਮ ਦੌਰਾਨ ਪ੍ਰਸਿੱਧ ਭਜਨ ਗਾਇਕਾ ਸਵੇਤਾ ਅਗਰਵਾਲ (ਝਾਰਖੰਡ) ਅਤੇ ਭਜਨ ਗਾਇਕ ਅਨੁਜ ਮਿਸ਼ਰਾ (ਰਾਮਪੁਰਾ ਫੂਲ) ਵੱਲੋਂ ਰੂਹਾਨੀ ਭਜਨਾਂ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਸ਼ਾਮ 7 ਵਜੇ ਪੂਜਨ ਦੀ ਰਸਮ ਨਾਲ ਹੋਵੇਗੀ, ਜੋ ਅਸ਼ਵਨੀ ਜੋੜਾ ਵੱਲੋਂ ਅਦਾ ਕੀਤੀ ਜਾਵੇਗੀ। ਇਸ ਤੋਂ ਬਾਅਦ ਸ਼ਾਮ 7:15 ਵਜੇ ਫੁੱਲ ਮਾਲਾ ਅਰਪਣ ਦੀ ਰਸਮ ਅਮਰਜੀਤ ਸ਼ਰਮਾ ਵੱਲੋਂ ਨਿਭਾਈ ਜਾਵੇਗੀ ਅਤੇ ਸ਼ਾਮ 7:30 ਵਜੇ ਜੋਤੀ ਪ੍ਰਚੰਡ ਦੀ ਰਸਮ ਨੀਲਮ ਰਾਣੀ ਅਤੇ ਮੱਖਣ ਲਾਲ ਵੱਲੋਂ ਕੀਤੀ ਜਾਵੇਗੀ।

ਇਸ ਧਾਰਮਿਕ ਸਮਾਗਮ ਨੂੰ ਸਫਲ ਬਣਾਉਣ ਲਈ ਰਾਮਪਾਲ ਬਾਂਸਲ (ਕੋਲੇ ਵਾਲੇ), ਮਨਪ੍ਰੀਤ ਸਿੰਘ ਗਿੱਲ (ਪ੍ਰਧਾਨ ਪ੍ਰੈਸ ਕਲੱਬ ਬਲਾਕ ਰਾਮਪੁਰਾ) ਅਤੇ ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ।

ਇਸ ਮੌਕੇ ਹੈਪੀ ਗਰਗ, ਲੱਕੀ ਗਰਗ, ਇਸ਼ਨਾਨ ਗਰਗ, ਤੇਜ ਰਾਮ ਗੋਇਲ, ਕਰਮ ਸਿੰਘ ਅਤੇ ਵਿੱਕੀ ਬਾਂਸਲ ਸਮੇਤ ਹੋਰ ਸ਼ਰਧਾਲੂ ਵੀ ਮੌਜੂਦ ਸਨ।

ਆਯੋਜਕਾਂ ਵੱਲੋਂ ਇਲਾਕਾ ਵਾਸੀਆਂ ਨੂੰ ਵੱਡੀ ਗਿਣਤੀ ਵਿੱਚ ਪਹੁੰਚ ਕੇ ਸੰਕੀਰਤਨ ਵਿੱਚ ਸ਼ਾਮਿਲ ਹੋਣ ਅਤੇ ਭੰਡਾਰੇ ਦਾ ਪ੍ਰਸਾਦ ਪ੍ਰਾਪਤ ਕਰਨ ਦੀ ਅਪੀਲ ਕੀਤੀ ਗਈ ਹੈ।

# ਸਰਕਾਰਾਂ ਲੋਕ ਪੱਖੀ ਨੀਤੀਆਂ ਬਣਾਉਣ ਦੀ ਬਜਾਏ ਵੋਟ ਪੱਖੀ ਸਕੀਮਾਂ ਨੂੰ ਪਹਿਲ ਦੇਣ ਲੱਗੀਆਂ- ਇੰਜ.ਸੁਰਿੰਦਰ ਸਿੰਘ ਭਿੰਡਰ



**ਮੋਗਾ, 15 ਅਪ੍ਰੈਲ (ਸਤਨਾਮ ਸਿੰਘ ਘਾਰੂ)** ਅਧਿਕਾਰ ਸੰਘਰਸ਼ ਪਾਰਟੀ ਦੇ ਅਹੁਦੇਦਾਰਾਂ ਦੀ ਫਿਰੋਜ਼ਪੁਰ ਦੇ ਸਟੇਟ ਦਫ਼ਤਰ ਵਿਖੇ ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਪਾਰਟੀ ਪ੍ਰਧਾਨ ਇੰਜ ਗੁਰਬਖਸ਼ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਕੇਂਦਰੀ ਅਤੇ ਰਾਜ ਸਰਕਾਰਾਂ ਲੋਕਾਂ ਦੇ ਹਿੱਤਾਂ ਨੂੰ ਤਿਲਾਂਜਲੀ ਦੇ ਕੇ ਵੋਟਾਂ ਨੂੰ ਮੁੱਖ ਰੱਖ ਕੇ ਪਾਲਸੀਆਂ ਬਣਾਉਂਦੀਆਂ ਹਨ। ਰਵਾਇਤੀ ਸਰਕਾਰਾਂ ਸਰਮਾਏਦਾਰਾਂ ਦੀ ਮਰਜ਼ੀ ਮੁਤਾਬਕ ਕਨੂੰਨ ਬਣਾਉਂਦੀਆਂ ਹਨ ਅਤੇ ਰਾਜ ਭਾਗ ਤੇ ਕਾਬਜ਼ ਲੋਕਾਂ ਨੇ ਸਰਕਾਰੀ ਖ਼ਜ਼ਾਨਾ ਅਮੀਰ ਵਰਗਾਂ ਨੂੰ ਲੁਟਾਉਣਾ ਨਿਰੰਤਰ ਸ਼ੁਰੂ ਕੀਤਾ ਹੋਇਆ ਹੈ। ਜੇਕਰ ਇਕਾ ਦੁੱਕਾ ਕੋਈ ਪਾਲਸੀ ਗਰੀਬ ਵਰਗਾਂ ਦੇ ਹੱਕ ਵਿੱਚ ਬਣਾਈ ਵੀ ਜਾਂਦੀ ਹੈ ਤਾਂ ਉਸ ਦਾ ਲੋਕਾਂ ਦੀ ਭਲਾਈ ਕਰਨ ਦੀ ਬਿਜਾਏ ਵੱਧ ਪੈਸੇ ਮਸ਼ਹੂਰੀਆਂ ਤੇ ਖਰਚ ਕੀਤੇ ਜਾ ਰਹੇ ਹਨ, ਗਰੀਬ ਲੋਕਾਂ ਇਹ ਮਾਮੂਲੀ ਸਕੀਮਾਂ ਅੱਪੜਦੀਆਂ ਹੀ ਨਹੀਂ।

ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਕੇਂਦਰ ਸਰਕਾਰ ਲੋਕਾਂ ਨੂੰ ਰੋਜ਼ਗਾਰ ਦੇਣ ਦੀ ਬਜਾਏ 80 ਕਰੋੜ ਲੋਕਾਂ ਨੂੰ ਮੁਫ਼ਤ ਰਾਸ਼ਨ ਖੈਰਾਤ ਦੇ ਰੂਪ ਵਿੱਚ ਵੰਡ ਕੇ ਫ਼ਕਰ ਮਹਿਸੂਸ ਕਰ ਰਹੀ ਹੈ। ਪੰਜਾਬ ਸਰਕਾਰ ਨੇ ਵੀ ਪੁੜੀਆਂ ਅਤੇ ਲਫਾਫਿਆਂ ਵਿੱਚ ਰਾਸ਼ਨ ਦੇਣ ਤੋਂ ਪਹਿਲਾਂ ਕਰੋੜਾਂ ਰੁਪਏ ਮਸ਼ਹੂਰੀਆਂ ਤੇ ਖਰਚ ਕਰ ਦਿੱਤੇ ਹਨ। ਪੰਜਾਬੀਆਂ ਨੂੰ 10 ਲੱਖ ਦਾ ਮੁਫ਼ਤ ਇਲਾਜ ਦੇਣ ਦੀ ਸਕੀਮ ਵੀ ਫਰਜ਼ੀ ਹੈ, ਲੋਕਾਂ ਦੀਆਂ ਅੱਖਾਂ ਵਿਚ ਘੱਟਾ ਪਾਇਆ ਜਾ ਰਿਹਾ ਹੈ।

ਇੰਜ ਭਿੰਡਰ ਨੇ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਲੋਕਾਂ ਨੂੰ ਰੋਜ਼ਗਾਰ ਦੇ ਕੇ ਆਤਮ ਨਿਰਭਰ ਬਣਾਉਣਾ ਯਕੀਨੀਂ ਬਣਾਏਗੀ। ਪੰਜਾਬ ਪ੍ਰਧਾਨ ਭਿੰਡਰ ਨੇ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਲੈਂਡ ਸੀਲਿੰਗ ਸੁਧਾਰ ਐਕਟ 1972 ਤਹਿਤ ਮਾਲਕੀ ਜ਼ਮੀਨ ਅਲਾਟ ਕੀਤੀ ਜਾਵੇਗੀ ਅਤੇ ਗਰੀਬਾਂ ਨੂੰ ਸਿਹਤ ਤੇ ਸਿੱਖਿਆ ਹਰ ਪੱਧਰ ਦੀ ਮੁਫ਼ਤ ਦਿੱਤੀ ਜਾਵੇਗੀ। ਪੈਂਡੂ ਚੋਕੀਂਦਾਰਾਂ ਅਤੇ ਸਰਪੰਚਾਂ ਨੂੰ 5000 ਰੁਪਏ ਮਾਣ ਭੱਤਾ ਦਿੱਤਾ ਜਾਵੇਗਾ। ਇਸ ਮੌਕੇ ਸਤਿੰਦਰ ਕੌਰ ਧਾਲੀਵਾਲ ਸੀਨੀਅਰ ਵਾਇਸ ਪ੍ਰਧਾਨ ਪੰਜਾਬ, ਚੰਦਨਪ੍ਰੀਤ ਕੌਰ ਅਲਕਾ ਹਲਕਾ ਇੰਚਾਰਜ ਜੀਰਾ, ਸੁਲੱਖਣ ਸਿੰਘ ਜ਼ਿਲਾ ਜਨਰਲ ਸਕੱਤਰ ਅੰਮ੍ਰਿਤਸਰ, ਹਰਪ੍ਰੀਤ ਸਿੰਘ ਕੋਮੀ ਮੀਡੀਆ ਇੰਚਾਰਜ ਹਾਜ਼ਰ ਸਨ।

# ਸਿੱਖਿਆ ਕ੍ਰਾਂਤੀ ਤਹਿਤ ਮਾਡਲ ਸਕੂਲ ਕਾਉਣੀ ਲਈ ਆਰ.ਓ. ਸਿਸਟਮ ਲਈ ਗ੍ਰਾਂਟ ਜਾਰੀ- ਸੁਖਜਿੰਦਰ ਸਿੰਘ ਕਾਉਣੀ



**ਸ੍ਰੀ ਮੁਕਤਸਰ ਸਾਹਿਬ, 15 ਅਪ੍ਰੈਲ (ਮਾਲਵਾ ਬਾਣੀ)** ਸਿੱਖਿਆ ਕ੍ਰਾਂਤੀ ਅਧੀਨ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਿਦਿਆਰਥੀਆਂ ਨੂੰ ਬਿਹਤਰ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸੇ ਕੜੀ ਹੇਠ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਮਾਡਲ ਸਕੂਲ ਕਾਉਣੀ ਵਿੱਚ ਬੱਚਿਆਂ ਲਈ ਪੀਣ ਯੋਗ ਸਾਫ਼ ਅਤੇ ਠੰਡੇ ਪਾਣੀ ਦੀ ਸੁਵਿਧਾ ਯਕੀਨੀ ਬਣਾਉਣ ਲਈ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਆਰ.ਓ. ਸਿਸਟਮ ਲਗਵਾਉਣ ਲਈ ਗ੍ਰਾਂਟ ਜਾਰੀ ਕੀਤੀ ਗਈ ਹੈ।

ਇਸ ਮੌਕੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਵੱਡੇ ਪੱਧਰ 'ਤੇ ਸੁਧਾਰ ਕੀਤੇ ਜਾ ਰਹੇ ਹਨ ਅਤੇ ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਸਰਕਾਰ ਦੀ ਪਹਿਲ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸਿਹਤ ਅਤੇ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਸਾਫ਼ ਪਾਣੀ ਦੀ ਸੁਵਿਧਾ ਬਹੁਤ ਜ਼ਰੂਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਸਕੂਲਾਂ ਵਿੱਚ ਹੋਰ ਲੋੜੀਂਦੀਆਂ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਯਤਨ ਜਾਰੀ ਰਹਿਣਗੇ, ਤਾਂ ਜੋ ਵਿਦਿਆਰਥੀਆਂ ਨੂੰ ਉੱਚ ਮਿਆਰੀ ਸਿੱਖਿਆ ਦੇ ਨਾਲ-ਨਾਲ ਵਧੀਆ ਵਾਤਾਵਰਣ ਵੀ ਪ੍ਰਦਾਨ ਕੀਤਾ ਜਾ ਸਕੇ।

# ਸਨਅਤੀ ਮਜ਼ਦੂਰਾਂ 'ਤੇ ਜਬਰ ਦੀ ਨਿੰਦਾ, ਹੱਕੀ ਮੰਗਾਂ ਲਈ ਸੰਘਰਸ਼ ਨੂੰ ਸਮਰਥਨ



**ਭਵਾਨੀਗੜ੍ਹ, 15 ਅਪ੍ਰੈਲ (ਰਾਜ ਖੁਰਮੀ)** ਮਾਨੇਸਰ, ਫਰੀਦਾਬਾਦ ਅਤੇ ਦਿੱਲੀ ਦੇ ਆਲੇ-ਦੁਆਲੇ ਸਥਿਤ ਸਨਅਤੀ ਖੇਤਰਾਂ ਵਿੱਚ ਮਜ਼ਦੂਰਾਂ ਵੱਲੋਂ ਆਪਣੇ ਹੱਕਾਂ ਲਈ ਚਲ ਰਹੇ ਸੰਘਰਸ਼ ਨੂੰ ਪੈਪਸੀਕੋ ਵਰਕਰ ਯੂਨੀਅਨ ਏਟਕ (ਰਜਿ. ਨੰ. 23) ਵੱਲੋਂ ਪੂਰਾ ਸਮਰਥਨ ਦਿੱਤਾ ਗਿਆ ਹੈ। ਯੂਨੀਅਨ ਨੇ ਮਜ਼ਦੂਰਾਂ ਦੀ ਆਵਾਜ਼ ਨੂੰ ਕੁਚਲਣ ਲਈ ਕੀਤੇ ਜਾ ਰਹੇ ਪੁਲਿਸੀ ਜਬਰ ਦੀ ਤਿੱਖੀ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।

ਪ੍ਰੈਸ ਨੂੰ ਜਾਰੀ ਸਾਂਝੇ ਬਿਆਨ ਵਿੱਚ ਯੂਨੀਅਨ ਦੇ ਪ੍ਰਧਾਨ ਵਿਕਰਮਜੀਤ ਸਿੰਘ ਨਾਭਾ ਅਤੇ ਜਨਰਲ ਸਕੱਤਰ ਹਰਿੰਦਰ ਸਿੰਘ ਗੱਜੂ ਮਾਜਰਾ ਨੇ ਕਿਹਾ ਕਿ ਵੱਡੇ ਸਰਮਾਏਦਾਰਾਂ ਅਤੇ ਬਹੁ-ਕੌਮੀ ਕੰਪਨੀਆਂ ਵੱਲੋਂ ਸਨਅਤੀ ਮਜ਼ਦੂਰਾਂ ਦੀ ਅੰਨੀ ਲੁੱਟ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਮਜ਼ਦੂਰਾਂ ਨੂੰ ਨਿਗੂਣੀਆਂ ਉਜਰਤਾਂ ਅਤੇ ਔਖੀਆਂ ਕੰਮਕਾਜੀ ਹਾਲਤਾਂ ਵਿੱਚ ਨਿਚੋੜਿਆ ਜਾ ਰਿਹਾ ਹੈ, ਜਿਸ ਕਾਰਨ ਮਜ਼ਦੂਰ ਵਰਗ ਵਿੱਚ ਰੋਹ ਵਧ ਰਿਹਾ ਹੈ ਅਤੇ ਇਹ ਰੋਹ ਪੂਰੀ ਤਰ੍ਹਾਂ ਵਾਜਬ ਹੈ।ਉਹਨਾਂ ਕਿਹਾ ਕਿ ਮਜ਼ਦੂਰ ਆਪਣੀਆਂ ਬੁਨਿਆਦੀ ਮੰਗਾਂ ਜਿਵੇਂ ਕਿ ਨਿਰਧਾਰਿਤ ਕੰਮ ਘੰਟੇ, ਓਵਰਟਾਈਮ ਦੀ ਲੁੱਟ 'ਤੇ ਰੋਕ, ਐਤਵਾਰ ਦੀ ਛੁੱਟੀ, ਘੱਟੋ-ਘੱਟ ਉਜਰਤਾਂ ਦੀ ਲਾਗੂਅੰਦਾਜ਼ੀ ਅਤੇ ਹੋਰ ਸਹੂਲਤਾਂ ਲਈ ਸੰਘਰਸ਼ ਕਰ ਰਹੇ ਹਨ। ਪਰ ਸਰਕਾਰਾਂ ਵੱਲੋਂ ਇਹ ਮੰਗਾਂ ਮੰਨਣ ਦੀ ਥਾਂ ਉਲਟ ਮਜ਼ਦੂਰਾਂ 'ਤੇ ਜਬਰ ਕੀਤਾ ਜਾ ਰਿਹਾ ਹੈ, ਝੂਠੇ ਕੇਸ ਦਰਜ ਕਰਕੇ ਉਹਨਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ।

ਯੂਨੀਅਨ ਆਗੂਆਂ ਨੇ ਦੋਸ਼ ਲਾਇਆ ਕਿ ਇਹ ਸਾਰੀ ਕਾਰਵਾਈ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰੱਖਿਆ ਲਈ ਕੀਤੀ ਜਾ ਰਹੀ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਸਨਅਤੀ ਮਜ਼ਦੂਰ ਅਤੇ ਕਿਸਾਨ ਦੋਵੇਂ ਹੀ ਕਾਰਪੋਰੇਟ ਪੂੰਜੀਪਤੀਆਂ ਵੱਲੋਂ ਲੁੱਟੇ ਜਾ ਰਹੇ ਹਨ ਅਤੇ ਇਸ ਲੁੱਟ ਦੇ ਖਿਲਾਫ ਇਕੱਠੇ ਹੋ ਕੇ ਸੰਘਰਸ਼ ਕਰਨ ਦੀ ਅੱਜ ਬਹੁਤ ਵੱਡੀ ਲੋੜ ਹੈ ਅੰਤ ਵਿੱਚ ਉਹਨਾਂ ਮੰਗ ਕੀਤੀ ਕਿ ਗ੍ਰਿਫਤਾਰ ਮਜ਼ਦੂਰਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ, ਝੂਠੇ ਕੇਸ ਵਾਪਸ ਲਏ ਜਾਣ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਫੌਰੀ ਤੌਰ 'ਤੇ ਪ੍ਰਵਾਨ ਕੀਤਾ ਜਾਵੇ।

# ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਜਲਾਲਾਬਾਦ ਦੀ ਮੁੱਖ ਅਨਾਜ ਮੰਡੀ ਤੇ ਮੰਡੀ ਘੁਬਾਇਆ 'ਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ

## ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਸਰਕਾਰ ਵਚਨਬੱਧ-ਵਿਧਾਇਕ ਜਗਦੀਪ ਕੰਬੋਜ ਗੋਲਡੀ

**ਜਲਾਲਾਬਾਦ 15 ਅਪ੍ਰੈਲ (ਗਗਨ ਵਾਟਸ)** ਹਾੜੀ ਦੇ ਸੀਜ਼ਨ ਦੀ ਆਮਦ ਨਾਲ ਜਲਾਲਾਬਾਦ ਦੀ ਮੁੱਖ ਅਨਾਜ ਮੰਡੀ ਤੇ ਮੰਡੀ ਘੁਬਾਇਆ 'ਚ ਅੱਜ ਕਣਕ ਦੀ ਸਰਕਾਰੀ ਖਰੀਦ ਦੀ ਰਸਮੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ



ਵੱਲੋਂ ਮੁਖੀਜਾ ਟਰੇਡਿੰਗ ਕੰਪਨੀ ਤੋਂ ਕਣਕ ਦੀ ਪਹਿਲੀ ਢੇਰੀ ਸਰਕਾਰੀ ਖਰੀਦ ਏਜੰਸੀ ਪਨਸਪ ਰਾਹੀਂ ਖਰੀਦ ਕਰਵਾ ਕੇ ਸੀਜ਼ਨ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਿਸਾਨ ਆਪਣੀ ਫਸਲ ਨੂੰ ਛੇ ਮਹੀਨੇ ਪੁੱਤਾਂ ਵਾਂਗ ਪਾਲਦਾ ਹੈ ਅਤੇ ਮੰਡੀ ਵਿੱਚ ਵੇਚਣ ਦਾ ਦਿਨ ਬਹੁਤ ਅਹਿਮ ਹੁੰਦਾ ਹੈ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਕਣਕ ਦੀ ਫਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ ਅਤੇ ਕਿਸੇ ਵੀ ਕਿਸਾਨ ਨੂੰ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਸਾਰੇ ਪ੍ਰਬੰਧ ਪੂਰੇ ਕਰ ਲਏ ਗਏ ਹਨ ਅਤੇ ਆੜ੍ਹਤੀਆਂ ਨੂੰ ਬਾਰਦਾਨੇ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਵਿਧਾਇਕ ਗੋਲਡੀ ਨੇ ਵਿਰੋਧੀਆਂ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਪਿਛਲੇ ਸਮਿਆਂ ਵਿੱਚ ਚੁਣਿਦੇ ਆੜ੍ਹਤੀਆਂ ਨੂੰ ਹੀ ਤਰਜੀਹ ਮਿਲਦੀ ਸੀ, ਪਰ ਪਿਛਲੇ ਚਾਰ ਸਾਲਾਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਿਸੇ ਨਾਲ ਵੀ ਵਿਤਕਰਾ ਨਹੀਂ ਕੀਤਾ ਗਿਆ ਅਤੇ ਹਰ ਆੜ੍ਹਤੀ ਨੂੰ ਪਾਰਦਰਸ਼ੀ ਢੰਗ ਨਾਲ ਬਾਰਦਾਨਾ ਦਿੱਤਾ ਜਾ ਰਿਹਾ ਹੈ। ਇਸ ਮੌਕੇ ਐਸ.ਡੀ.ਐਮ ਜਲਾਲਾਬਾਦ ਕੰਵਰਜੀਤ ਸਿੰਘ ਮਾਨ, ਮਾਰਕੀਟ ਕਮੇਟੀ ਚੇਅਰਮੈਨ ਦੇਵਰਾਜ ਸ਼ਰਮਾ, ਆੜ੍ਹਤੀ ਯੂਨੀਅਨ ਦੇ ਪ੍ਰਧਾਨ ਮਨਜੀਤ ਸਿੰਘ ਦਰਗਨ, ਮਾਰਕੀਟ ਕਮੇਟੀ ਸਕੱਤਰ ਅਤੇ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਮੌਜੂਦ ਰਹੇ।

# ਕੋਟਕਪੂਰਾ ਵਿੱਚ 2 ਮਈ ਨੂੰ ਸਜੇਗਾ ਬਾਬਾ ਸ਼ਿਆਮ ਜੀ ਦਾ ਸੁੰਦਰ ਦਰਬਾਰ : ਧੀਰ/ਸਿੰਗਲਾ

## ਵਿਸ਼ਵ ਪ੍ਰਸਿੱਧ ਭਜਨ ਗਾਇਕ ਕਰਨਗੇ ਸ਼ਿਆਮ ਬਾਬਾ ਜੀ ਦਾ ਗੁਣਗਾਨ



**ਕੋਟਕਪੂਰਾ, 15 ਅਪ੍ਰੈਲ (ਟਿੰਕੂ ਕੁਮਾਰ)** ਸਥਾਨਕ ਸ਼ਹਿਰ ਦੀ ਪੁਰਾਣੀ ਦਾਣਾ ਮੰਡੀ ਵਿੱਚ 2 ਮਈ ਦਿਨ ਸ਼ਨੀਵਾਰ ਨੂੰ 'ਉਤਸਵ ਮੇਰੇ ਸ਼ਿਆਮ ਕਾ' ਧਾਰਮਿਕ ਪ੍ਰੋਗਰਾਮ ਬੜੀ ਹੀ ਧੂਮਧਾਮ ਅਤੇ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ। 'ਸ਼੍ਰੀ ਸ਼ਿਆਮ ਸਲੋਨਾ ਪਰਿਵਾਰ' ਕੋਟਕਪੂਰਾ ਵੱਲੋਂ ਕਰਵਾਈ ਜਾ ਰਹੀ ਇਸ ਭਜਨ ਸੰਧਿਆ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ। ਪ੍ਰਾਚੀਨ ਸ਼੍ਰੀ ਸ਼ਿਆਮ ਮੰਦਿਰ ਵਿਖੇ ਆਯੋਜਿਤ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਸੰਸਥਾ ਦੇ ਅਹੁਦੇਦਾਰਾਂ ਉਮੇਸ਼ ਧੀਰ, ਕਰਨ ਸਿੰਗਲਾ, ਸ਼ੁਭਮ ਗਰਗ, ਆਕਾਸ਼ ਗਰਗ, ਪ੍ਰਦੀਪ ਗਰਗ ਅਤੇ ਨੀਰਜ ਐਰਨ ਨੇ ਦੱਸਿਆ ਕਿ ਇਸ ਵਿਸ਼ਾਲ ਉਤਸਵ ਵਿੱਚ ਖਾਟੂ ਸ਼ਿਆਮ ਜੀ ਸਥਿਤ ਸ਼੍ਰੀ ਸ਼ਿਆਮ ਮੰਦਿਰ ਦੇ ਪ੍ਰਧਾਨ ਮਹਾਰਾਜ ਸ਼੍ਰੀ ਸ਼ਕਤੀ ਸਿੰਘ ਚੌਹਾਨ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸ਼ਰਧਾਲੂਆਂ ਨੂੰ ਆਪਣਾ ਅਸ਼ੀਰਵਾਦ ਦੇਣਗੇ ਅਤੇ ਬਾਬਾ ਸ਼ਿਆਮ ਦੀ ਮਹਿਮਾ ਦਾ ਗੁਣਗਾਨ ਕਰਨ ਲਈ ਦੇਸ਼ ਦੇ ਨਾਮਵਰ ਭਜਨ ਗਾਇਕ ਕੋਟਕਪੂਰਾ ਪਹੁੰਚ ਰਹੇ ਹਨ, ਇਹਨਾਂ ਵਿੱਚ ਮੁੱਖ ਤੌਰ 'ਤੇ ਸੌਰਭ ਸ਼ਰਮਾ (ਕਲਕੱਤਾ), ਸ਼ਰੁਤੀ ਸ਼ਰਮਾ (ਖਾਟੂ ਵਾਲੇ) ਅਤੇ ਰੇਸ਼ਮੀ ਸ਼ਰਮਾ (ਸਮਸਤੀਪੁਰ) ਆਪਣੀ ਸੁਰੀਲੀ ਆਵਾਜ਼ ਅਤੇ ਭਜਨਾਂ ਨਾਲ ਭਗਤਾਂ ਨੂੰ ਨਿਹਾਲ ਕਰਨਗੇ। 'ਸ਼੍ਰੀ ਸ਼ਿਆਮ ਸਲੋਨਾ ਪਰਿਵਾਰ' ਦੇ ਮੈਂਬਰਾਂ ਨੇ ਦੱਸਿਆ ਕਿ ਇਸ ਉਤਸਵ ਨੂੰ ਲੈ ਕੇ ਭਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸ਼੍ਰੀ ਸ਼ਿਆਮ ਯੁਵਾ ਵੈਲਫੇਅਰ ਸੁਸਾਇਟੀ ਕੋਟਕਪੂਰਾ ਦਾ ਵਿਸ਼ੇਸ਼ ਸਹਿਯੋਗ ਰਹੇਗਾ। ਇਸ ਸਮੇ ਲੰਗਰ ਅਤੇ ਭੰਡਾਰੇ ਦੀ ਸੇਵਾ 'ਸ਼੍ਰੀ ਸ਼ਿਆਮ ਨਿਸ਼ਕਾਮ ਸੇਵਾ ਮੰਡਲ' ਦੇ ਮੈਂਬਰਾਂ ਚੰਦਰ ਗਰਗ, ਮੋਹਿਤ ਮਹਿਤਾ, ਰਾਕੇਸ਼ ਗਰਗ ਅਤੇ ਕਮਲ ਕਟਾਰੀਆ ਵੱਲੋਂ ਨਿਭਾਈ ਜਾਵੇਗੀ। ਪ੍ਰਬੰਧਕਾਂ ਨੇ ਸ਼ਹਿਰ ਅਤੇ ਆਸ-ਪਾਸ ਦੇ ਸਮੂਹ ਸ਼ਿਆਮ ਪ੍ਰੇਮੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਪਾਵਨ ਉਤਸਵ ਵਿੱਚ ਪਹੁੰਚ ਕੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ।

# ਹਰਪ੍ਰੀਤ ਸਿੰਘ ਸੋਨੀ ਨੇ ਡਾ.ਭੀਮ ਰਾਓ ਅੰਬੇਡਕਰ ਨੂੰ ਪੁਸ਼ਪ ਅਰਪਿਤ ਕੀਤੇ



**ਬੱਸੀ ਪਠਾਣਾਂ, ਰਾਜਨ ਭੱਲਾ-** ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਹਲਕਾ ਬੱਸੀ ਪਠਾਣਾਂ ਦੇ ਸੀਨੀਅਰ ਕਾਗਰਸੀ ਆਗੂ ਹਰਪ੍ਰੀਤ ਸਿੰਘ ਸੋਨੀ ਵੱਲੋ ਪਿੰਡ ਮਨੈਲਾ ਵਿਖੇ ਭਾਰਤੀ ਸੰਵਿਧਾਨ ਨਿਰਮਾਤਾ ਅਤੇ ਮਹਾਨ ਸਮਾਜ ਸੁਧਾਰਕ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਨੂੰ ਸ਼ਰਧਾ ਪੁਸ਼ਪ ਅਰਪਿਤ ਕਰਦੇ ਹੋਏ ਉਨ੍ਹਾਂ ਨੂੰ ਨਮਨ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਨੇ ਆਪਣੇ ਜੀਵਨ ਦੌਰਾਨ ਸਮਾਜ ਵਿੱਚ ਬਰਾਬਰੀ, ਨਿਆਂ ਅਤੇ ਭਾਈਚਾਰੇ ਦੇ ਮੂਲ ਸਿਧਾਂਤਾਂ ਨੂੰ ਮਜ਼ਬੂਤ ਕੀਤਾ ਅਤੇ ਪਿੱਛੜੇ ਵਰਗਾਂ ਦੇ ਹੱਕਾਂ ਲਈ ਲਗਾਤਾਰ ਸੰਘਰਸ਼ ਕੀਤਾ। ਉਨ੍ਹਾਂ ਦਾ ਯੋਗਦਾਨ ਭਾਰਤੀ ਲੋਕਤੰਤਰ ਦੀ ਮਜ਼ਬੂਤੀ ਅਤੇ ਸਮਾਜਿਕ ਨਿਆਂ ਦੀ ਸਥਾਪਨਾ ਲਈ ਸਦਾ ਯਾਦਗਾਰੀ ਰਹੇਗਾ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ.ਅੰਬੇਡਕਰ ਦੇ ਵਿਚਾਰ ਅੱਜ ਵੀ ਸਮਾਜ ਲਈ ਓਨੇ ਹੀ ਪ੍ਰਸੰਗਿਕ ਹਨ, ਜਿੰਨੇ ਉਹਨਾਂ ਦੇ ਸਮੇਂ ਵਿੱਚ ਸਨ। ਉਨ੍ਹਾਂ ਕਿਹਾ ਕਿ ਸਾਨੂੰ ਬਾਬਾ ਸਾਹਿਬ ਦੇ ਦੱਸੇ ਰਸਤੇ 'ਤੇ ਚੱਲਦਿਆਂ ਸਮਾਜ ਵਿੱਚ ਹਰ ਵਰਗ ਨੂੰ ਬਰਾਬਰ ਮੌਕੇ ਅਤੇ ਸਨਮਾਨ ਯਕੀਨੀ ਬਣਾਉਣ ਲਈ ਮਿਲਜੁਲ ਕੇ ਕੰਮ ਕਰਨਾ ਚਾਹੀਦਾ ਹੈ।

# ਪਿੰਡ ਟਿਵਾਣਾ ਕਲਾਂ ਤੋਂ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ 38ਵੀਂ ਬੱਸ ਰਵਾਨਾ, ਸ਼ਰਧਾਲੂਆਂ 'ਚ ਖੁਸ਼ੀ ਦੀ ਲਹਿਰ



**ਜਲਾਲਾਬਾਦ 15 ਅਪ੍ਰੈਲ (ਗਗਨ ਵਾਟਸ)** ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਹਲਕਾ ਜਲਾਲਾਬਾਦ ਵਿੱਚ ਲਗਾਤਾਰ ਸ਼ਰਧਾਲੂਆਂ ਲਈ ਬੱਸਾਂ ਰਵਾਨਾ ਕੀਤੀਆਂ ਜਾ ਰਹੀਆਂ ਹਨ। ਇਸੇ ਕੜੀ ਤਹਿਤ ਅੱਜ ਪਿੰਡ ਟਿਵਾਣਾ ਕਲਾਂ ਤੋਂ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਸ਼ਰਧਾਲੂਆਂ ਦੀ 38ਵੀਂ ਬੱਸ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤੀ ਗਈ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਬਜ਼ੁਰਗ ਸ਼ਰਧਾਲੂਆਂ ਨੂੰ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵੱਲੋਂ ਸ਼ੁਰੂ ਕੀਤੀ ਗਈ ਇਸ ਯੋਜਨਾ ਦਾ ਮਕਸਦ ਅਸਮਰਥ ਅਤੇ ਬਜ਼ੁਰਗ ਲੋਕਾਂ ਨੂੰ ਸਰਕਾਰੀ ਖਰਚੇ 'ਤੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ। ਉਨ੍ਹਾਂ ਹੋਰ ਦੱਸਿਆ ਕਿ ਇਹ ਬੱਸ ਸ੍ਰੀ ਅਮ੍ਰਿਤਸਰ ਸਾਹਿਬ , ਦੁਰਗਿਆਣਾ ਮੰਦਰ ਅਤੇ ਜਲ੍ਹਿਆਂਵਾਲਾ ਬਾਗ ਵਿਖੇ ਪਹੁੰਚੇਗੀ, ਜਿੱਥੇ ਸ਼ਰਧਾਲੂ ਦਰਸ਼ਨ ਕਰਨਗੇ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਲਈ ਖਾਣ-ਪੀਣ ਅਤੇ ਰਹਿਣ ਦਾ ਸਾਰਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਾ ਆਵੇ। ਇਸ ਮੌਕੇ ਮਹਿਲਾ ਸਰਪੰਚ ਵੀਨਾ ਰਾਣੀ ਦੇ ਪਤੀ ਡਾ. ਸਤਨਾਮ ਸਿੰਘ ਨੇ ਵੀ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਕੀਤਾ ਗਿਆ ਇਹ ਉਪਰਾਲਾ ਬਜ਼ੁਰਗਾਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋ ਰਿਹਾ ਹੈ।

# ਅਨਾਜ ਮੰਡੀਆਂ ਵਿੱਚ ਖਰੀਦ ਦੇ ਮਾੜੇ ਪ੍ਰਬੰਧਾਂ ਨੂੰ ਲੈ ਕੇ ਭਾਕਿਯੂ ਏਕਤਾ ਉਗਰਾਹਾਂ ਦੀ ਬਲਾਕ ਪੱਧਰੀ ਮੀਟਿੰਗ ਹੋਈ



**ਗਿੱਦੜਬਾਹਾ, 15 ਅਪ੍ਰੈਲ (ਕੁਲਭੂਸ਼ਨ ਗਰਗ)** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਗਿੱਦੜਬਾਹਾ ਬਲਾਕ ਦੀ ਮੀਟਿੰਗ ਗੁਰਦੁਆਰਾ ਗੁਪਤਸਰ ਸਾਹਿਬ ਛੱਤੇਆਣਾ ਵਿਖੇ ਹੋਈ। ਜਿਸ ਵਿੱਚ ਅਨਾਜ ਮੰਡੀਆਂ ਵਿੱਚ ਖਰੀਦ ਦੇ ਪ੍ਰਬੰਧਾਂ ਨੂੰ ਲੈ ਕੇ ਅਤੇ ਖਰੀਦ ਸ਼ੁਰੂ ਨਾ ਕਰਨ ਕਾਰਨ, ਗੜੇਮਾਰੀ ਨਾਲ ਫਸਲਾਂ ਦੀ ਤਬਾਹੀ ਦਾ ਮੁਆਵਜ਼ਾ ਨਾ ਦੇਣ, ਧੂਲਕੋਟ ਵਿੱਚ ਜ਼ਮੀਨ 'ਤੇ ਕਬਜ਼ਾ ਰੋਕਣ ਆਦਿ ਮੰਗਾਂ ਅਤੇ 16 ਅਪ੍ਰੈਲ ਨੂੰ ਜ਼ਿਲ੍ਹਾ ਡੀਸੀ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਧਰਨਾ ਦੇਣ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਜ਼ਿਲ੍ਹਾ ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਨੇ ਪੰਜਾਬ ਅਤੇ ਕੇਂਦਰ ਸਰਕਾਰ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਦੋਵੇਂ ਸਰਕਾਰਾਂ ਇੱਕ-ਦੂਜੇ ਨੂੰ ਪ੍ਰਬੰਧਾਂ ਲਈ ਜ਼ਿੰਮੇਵਾਰ ਠਹਿਰਾ ਕੇ ਬਚਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਉੱਥੇ ਹੀ ਕੇਂਦਰ ਸਰਕਾਰ ਕਣਕ ਦੀ ਖਰੀਦ ਨਾ ਕਰਨ ਲਈ ਬਹਾਨੇ ਬਣਾ ਰਹੀ ਹੈ। 1 ਅਪ੍ਰੈਲ ਤੋਂ ਖਰੀਦ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਸੀ, ਪਰ 14 ਅਪ੍ਰੈਲ ਤੱਕ ਖਰੀਦ ਏਜੰਸੀਆਂ ਮੰਡੀਆਂ ਵਿੱਚ ਨਹੀਂ ਪਹੁੰਚੀਆਂ। ਭਾਰਤ ਦੇ 26 ਰਾਜਾਂ ਵਿੱਚ ਸਰਕਾਰ ਪਹਿਲਾਂ ਹੀ ਖਰੀਦ ਨਹੀਂ ਕਰਦੀ ਅਤੇ ਹੁਣ ਹਰਿਆਣਾ ਤੇ ਪੰਜਾਬ ਵਿੱਚ ਵੀ ਖਰੀਦ ਏਜੰਸੀਆਂ ਨੂੰ ਕਣਕ ਦੀ ਖਰੀਦ ਨਾ ਕਰਨ ਤੋਂ ਰੋਕਿਆ ਜਾ ਰਿਹਾ ਹੈ। ਪਹਿਲਾਂ ਬੇਮੌਸਮੀ ਬਾਰਿਸ਼ ਅਤੇ ਗੜੇਮਾਰੀ ਨਾਲ ਫਸਲਾਂ ਦੀ ਤਬਾਹੀ ਹੋਈ ਅਤੇ ਹੁਣ ਕੇਂਦਰ ਸਰਕਾਰ ਵੱਲੋਂ ਖਰੀਦ ਏਜੰਸੀਆਂ ਨੂੰ ਰੋਕ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ 9 ਮੈਂਬਰੀ ਟੀਮ ਪੰਜਾਬ ਵਿੱਚ ਆਈ ਹੋਈ ਹੈ। ਇਸ ਦਾ ਕਾਰਨ ਇਹ ਦੱਸਿਆ ਜਾ ਰਿਹਾ ਹੈ ਕਿ ਪਿਛਲੇ ਲਗਭਗ 10 ਦਿਨਾਂ ਤੋਂ ਬੇਮੌਸਮੀ ਬਾਰਿਸ਼ ਜਾਰੀ ਰਹੀ ਹੈ। ਕਿਸਾਨਾਂ ਨੇ ਕਣਕ ਬੀਜੀ ਅਤੇ ਖੁੱਲ੍ਹੇ ਮੈਦਾਨ ਵਿੱਚ ਰੱਖੀ ਹੈ, ਜਿਸ ਨਾਲ ਮੌਸਮ ਦਾ ਅਸਰ ਪਿਆ ਹੈ ਅਤੇ ਕਣਕ ਦੀ ਪੈਦਾਵਾਰ ਘਟਣ ਦੀ ਸੰਭਾਵਨਾ ਹੈ, ਜਿਸ ਲਈ ਕਿਸਾਨਾਂ ਨੂੰ ਬੋਨਸ ਮਿਲਣਾ ਚਾਹੀਦਾ ਹੈ। ਪਰ ਕੇਂਦਰ ਸਰਕਾਰ ਬਾਰਿਸ਼ ਦਾ ਬਹਾਨਾ ਬਣਾ ਕੇ ਪੰਜਾਬ ਵਿੱਚ ਟੀਮਾਂ ਭੇਜ ਰਹੀ ਹੈ, ਜਿਸ ਦਾ ਮਕਸਦ ਕਣਕ ਦੀ ਗੁਣਵੱਤਾ 'ਤੇ ਤਰ੍ਹਾਂ-ਤਰ੍ਹਾਂ ਦੇ ਸਵਾਲ ਖੜ੍ਹੇ ਕਰਕੇ ਖਰੀਦ ਤੋਂ ਪਿੱਛੇ ਹਟਣਾ ਹੈ। ਉਨ੍ਹਾਂ ਨੇ ਸਾਰੀਆਂ ਭਾਈਚਾਰਕ ਜਥੇਬੰਦੀਆਂ ਨੂੰ 16 ਅਪ੍ਰੈਲ ਦੇ ਰੋਸ ਪ੍ਰਦਰਸ਼ਨ ਵਿੱਚ ਪਰਿਵਾਰਾਂ ਸਮੇਤ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ। ਇਸ ਮੌਕੇ ਮੁਕਤਸਰ ਬਲਾਕ ਦੇ ਪ੍ਰਧਾਨ ਰਾਜਾ ਸਿੰਘ ਮਹਾਂਬੱਧਰ, ਗਿੱਦੜਬਾਹਾ ਬਲਾਕ ਦੇ ਕਮੇਟੀ ਮੈਂਬਰ ਹਰਪਾਲ ਸਿੰਘ ਚੀਮਾ ਧੂਲਕੋਟ, ਜਗਰਾਜ ਸਿੰਘ ਸੁਖਨਾ ਅਬਲੂ, ਨਾਹਰ ਸਿੰਘ ਦੌਲਾ, ਰਣਜੀਤ ਸਿੰਘ ਖਾਲਸਾ ਬੁੱਟਰ ਬਖੂਆ, ਅਜੈਬ ਸਿੰਘ, ਗੁਰਦੇਵ ਸਿੰਘ ਛੱਤੇਆਣਾ, ਜਸਵੀਰ ਸਿੰਘ ਪੱਪਲਾ, ਰਣਜੀਤ ਸਿੰਘ ਦੋਦਾ, ਜਗਰੂਪ ਸਿੰਘ, ਰਾਜ ਸਿੰਘ ਗੂੜੀ ਸੰਘਰ ਆਦਿ ਕਿਸਾਨ ਹਾਜ਼ਰ ਸਨ।

# ਸਰਕਾਰ ਦੇ ਖ਼ਰੀਦ ਪ੍ਰਬੰਧਾਂ ਦੀ ਨਿਕਲੀ ਫੂਕ, ਮੰਡੀਆਂ ਵਿੱਚ ਬਾਰਦਾਨੇ ਦੀ ਘਾਟ ਤੇ ਅਧਿਕਾਰੀ ਗਾਇਬ: ਪਿਰਮਲ ਧੌਲਾ



**ਤਪਾ ਮੰਡੀ, 15 ਅਪ੍ਰੈਲ (ਬੰਟੀ ਦੀਕਸ਼ਿਤ)** ਪੰਜਾਬ ਵਿੱਚ ਕਣਕ ਦੀ ਕਟਾਈ ਦਾ ਸੀਜ਼ਨ ਪੂਰੇ ਜੋਰਾਂ 'ਤੇ ਹੋਣ ਦੇ ਬਾਵਜੂਦ ਸਰਕਾਰੀ ਖ਼ਰੀਦ ਪ੍ਰਬੰਧਾਂ ਦੀ ਨਾਕਾਮੀ ਸਪਸ਼ਟ ਤੌਰ 'ਤੇ ਸਾਹਮਣੇ ਆ ਰਹੀ ਹੈ। ਸਬ ਡਿਵੀਜ਼ਨ ਤਪਾ ਦੀਆਂ ਅਨਾਜ ਮੰਡੀਆਂ ਵਿੱਚ ਕਿਸਾਨਾਂ ਨੂੰ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ, ਜਿੱਥੇ ਕਿਸਾਨਾਂ ਦੇ ਘਰਾਂ ਵਿੱਚ ਖੁਸ਼ੀ ਦਾ ਮਾਹੌਲ ਹੋਣਾ ਚਾਹੀਦਾ ਸੀ, ਉੱਥੇ ਉਹ ਆਪਣੀ ਫਸਲ ਦੀ ਰਾਖੀ ਲਈ ਮੰਡੀਆਂ ਵਿੱਚ ਰਾਤਾਂ ਗੁਜ਼ਾਰਨ ਲਈ ਮਜਬੂਰ ਹਨ। ਮੰਡੀਆਂ ਦੇ ਮੌਜੂਦਾ ਹਾਲਾਤ ਦਰਸਾਉਂਦੇ ਹਨ ਕਿ ਨਾ ਤਾਂ ਬਾਰਦਾਨੇ ਦਾ ਯਥੋਚਿਤ ਪ੍ਰਬੰਧ ਹੈ ਅਤੇ ਨਾ ਹੀ ਫਸਲ ਦੀ ਸਮੇਂ ਸਿਰ ਖਰੀਦ ਹੋ ਰਹੀ ਹੈ।ਕਈ ਦਿਨਾਂ ਤੋਂ ਮੰਡੀਆਂ ਵਿੱਚ ਬੈਠੇ ਕਿਸਾਨਾਂ ਦਾ ਕਹਿਣਾ ਹੈ ਕਿ ਸਰਕਾਰ ਵੱਲੋਂ ਕੀਤੇ ਵੱਡੇ-ਵੱਡੇ ਦਾਅਵੇ ਜ਼ਮੀਨੀ ਪੱਧਰ 'ਤੇ ਨਜ਼ਰ ਨਹੀਂ ਆ ਰਹੇ।ਉਨ੍ਹਾਂ ਦੇ ਅਨੁਸਾਰ ਖਰੀਦ ਪ੍ਰਕਿਰਿਆ ਲਗਭਗ ਠੱਪ ਪਈ ਹੋਈ ਹੈ, ਜਿਸ ਕਾਰਨ ਉਹ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ।ਇਸ ਮਾਮਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਹਲਕਾ ਭਦੌੜ ਦੇ ਸਾਬਕਾ ਵਿਧਾਇਕ ਅਤੇ ਕਾਂਗਰਸੀ ਆਗੂ ਪਿਰਮਲ ਸਿੰਘ ਧੌਲਾ ਨੇ ਕਿਹਾ ਕਿ ਮੌਜੂਦਾ ਸਰਕਾਰ ਕਿਸਾਨ ਵਿਰੋਧੀ ਨੀਤੀਆਂ ਅਪਣਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਘਾਟ ਦੇ ਨਾਲ ਨਾਲ ਪੀਣ ਵਾਲੇ ਪਾਣੀ ਅਤੇ ਛਾਂ ਵਰਗੀਆਂ ਬੁਨਿਆਦੀ ਸਹੂਲਤਾਂ ਦੀ ਵੀ ਕਮੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਜੇਕਰ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਹੁੰਦੀ ਤਾਂ ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਣਾ ਸਮੇਂ ਸਿਰ ਖਰੀਦਿਆ ਜਾਂਦਾ ਅਤੇ ਭੁਗਤਾਨ ਸਿੱਧਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤਾ ਜਾਂਦਾ।ਧੌਲਾ ਨੇ ਮੰਗ ਕੀਤੀ ਕਿ ਕਣਕ ਦੀ ਖਰੀਦ ਤੁਰੰਤ ਤੇਜ਼ ਕੀਤੀ ਜਾਵੇ, ਫਸਲ ਦੀ ਤੁਲਾਈ ਤੋਂ 24 ਘੰਟਿਆਂ ਅੰਦਰ ਭੁਗਤਾਨ ਯਕੀਨੀ ਬਣਾਇਆ ਜਾਵੇ ਅਤੇ ਮੰਡੀਆਂ ਵਿੱਚ ਬਾਰਦਾਨੇ ਦੀ ਕਮੀ ਨੂੰ ਫੌਰੀ ਤੌਰ 'ਤੇ ਦੂਰ ਕੀਤਾ ਜਾਵੇ।ਅੰਤ ਵਿੱਚ ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਕੀਤਾ ਤਾਂ ਕਾਂਗਰਸ ਪਾਰਟੀ ਕਿਸਾਨਾਂ ਦੇ ਹੱਕ ਵਿੱਚ ਸੜਕਾਂ 'ਤੇ ਉਤਰ ਕੇ ਪ੍ਰਦਰਸ਼ਨ ਕਰੇਗੀ। ਉਨ੍ਹਾਂ "ਕਿਸਾਨ ਬਚਾਓ, ਪੰਜਾਬ ਬਚਾਓ"ਦਾ ਨਾਅਰਾ ਲਗਾਉਂਦਿਆਂ ਕਿਸਾਨਾਂ ਦੇ ਨਾਲ ਖੜ੍ਹੇ ਰਹਿਣ ਦਾ ਭਰੋਸਾ ਵੀ ਦਿੱਤਾ।

# ਵੇਅਰਹਾਊਸ ਜਿਲਾ ਬਰਨਾਲਾ ਦੀ ਟੈਕਨੀਕਲ ਅਫਸਰ ਵੱਲੋਂ ਮੰਡੀਆਂ ਦਾ ਦੌਰਾ ਕਰਕੇ ਕਣਕ ਦੀ ਕੁਆਲਿਟੀ ਦਾ ਲਿਆ ਜਾਇਜਾ



**ਤਪਾ ਮੰਡੀ, 15 ਅਪ੍ਰੈਲ (ਬੰਟੀ ਦੀਕਸ਼ਿਤ, ਮੇਸੀ ਤਪਾ):** ਪੰਜਾਬ ਸਟੇਟ ਵੇਅਰਹਾਊਸ ਕਾਰਪੋਰੇਸ਼ਨ, ਜ਼ਿਲ੍ਹਾ ਬਰਨਾਲਾ ਦੀ ਟੈਕਨੀਕਲ ਅਫਸਰ ਮੈਡਮ ਸੰਦੀਪ ਕੌਰ ਵੱਲੋਂ ਤਪਾ ਦੀਆਂ ਅਨਾਜ ਮੰਡੀਆਂ ਦਾ ਦੌਰਾ ਕਰਕੇ ਕਣਕ ਦੀ ਕੁਆਲਿਟੀ ਦਾ ਜਾਇਜ਼ਾ ਲਿਆ ਗਿਆ।ਇਸ ਦੌਰਾਨ ਉਨ੍ਹਾਂ ਵੱਲੋਂ ਅੰਡਰ ਰਿਲੈਕਸ਼ੇਸਨ ਸਕੀਮ ਦੇ ਤਹਿਤ ਲਗਭਗ 500 ਗੱਟਿਆਂ ਦੀ ਕਣਕ ਦੀ ਬੋਲੀ ਲਗਾਈ ਗਈ।ਇਸ ਮੌਕੇ ਮੈਡਮ ਸੰਦੀਪ ਕੋਰ ਨੇ ਗੱਲਬਾਤ ਦੌਰਾਨ ਦੱਸਿਆ ਕਿ ਇਸ ਸਮੇਂ ਮੰਡੀਆਂ ਵਿੱਚ ਆ ਰਹੀ ਕਣਕ ਵਿੱਚ ਨਮੀ ਦੀ ਮਾਤਰਾ ਕਾਫੀ ਵੱਧ ਹੈ।ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕਾ ਕੇ ਹੀ ਮੰਡੀਆਂ ਵਿੱਚ ਲਿਆਂਦਾ ਜਾਵੇ।ਉਨ੍ਹਾਂ ਕਿਹਾ ਕਿ ਗਰਮੀ ਅਤੇ ਤਾਪਮਾਨ ਵੱਧ ਹੋਣ ਕਾਰਨ ਇੱਕ-ਅੱਧੇ ਦਿਨ ਵਿੱਚ ਕਣਕ ਸੁੱਕ ਸਕਦੀ ਹੈ।ਇਸ ਮੌਕੇ ਉਨ੍ਹਾਂ ਨਾਲ ਵੇਅਰਹਾਊਸ ਦੇ ਮੈਨੇਜਰ ਜਗਦੇਵ ਸਿੰਘ ਨੇ ਦੱਸਿਆ ਕਿ ਉਚ ਅਧਿਕਾਰੀਆਂ ਦੀਆਂ ਹਦਾਇਤਾਂ ਤੇ ਬਾਲਾ ਜੀ ਟਰੇਡਿੰਗ ਕੰਪਨੀ ਦੇ 200 ਗੱਟੇ, ਭੁੱਲਰ ਟਰੇਡਿੰਗ ਕੰਪਨੀ ਦੇ 150 ਅਤੇ ਮੈਸ.ਓਮ ਪ੍ਰਕਾਸ ਸੁਰੇਸ ਕੁਮਾਰ ਦੇ 200 ਗੱਟਿਆਂ ਦੀ ਬੋਲੀ (ਯੂ.ਆਰ.ਐਸ) ਅਧੀਨ ਲਗਾਈ ਗਈ ਹੈ ਅਤੇ ਜਲਦ ਹੀ ਪੂਰੀ ਤਰ੍ਹਾਂ ਖਰੀਦ ਪ੍ਰਕਿਰਿਆ ਸ਼ੁਰੂ ਹੋਣ ਦੀ ਸੰਭਾਵਨਾ ਹੈ।ਇਸ ਮੌਕੇ ਆੜ੍ਹਤੀਆਂ, ਕਿਸਾਨਾਂ ਅਤੇ ਮਜ਼ਦੂਰਾਂ ਨੇ ਵੀ ਇਸ ਉਪਰਾਲੇ ਦੀ ਸਰਾਹਨਾ ਕੀਤੀ। ਖਰੀਦ ਕਰ ਰਹੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਅਗਰ ਉਹ 12 ਪ੍ਰਤੀਸਤ ਨਮੀ ਤੋਂ ਵੱਧ ਕਣਕ ਦੀ ਖਰੀਦ ਕਰਕੇ ਸਟੋਰੇਜ ਕਰਦੇ ਹਨ ਤਾਂ ਕਟੌਤੀ ਦੀ ਮਾਤਰਾ ਘੱਟਦੀ ਹੈ, ਜੋ ਉਨ੍ਹਾਂ ਲਈ ਸਿਰਦਰਦੀ ਬਣਦੀ ਹੈ।ਇਸ ਲਈ ਸਾਰੇ ਕਿਸਾਨਾਂ ਨੂੰ ਅਪੀਲ ਕਿ ਉਹ ਅਨਾਜ ਮੰਡੀ 'ਚ ਸੁੱਕੀ ਅਤੇ ਮਿਆਰੀ ਕਣਕ ਹੀ ਮੰਡੀਆਂ ਵਿੱਚ ਲਿਆਉਣ, ਤਾਂ ਕਿ ਕਿਸਾਨਾਂ, ਆੜ੍ਹਤੀਆਂ ਮਜਦੂਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਇੰਸਪੈਕਟਰ ਅਸੋਕ ਕੁਮਾਰ ਵੇਅਰਹਾਊਸ, ਸੁਰੇਸ ਕੁਮਾਰ ਪੱਖੋ ਸਾਬਕਾ ਪ੍ਰਧਾਨ ਨਗਰ ਕੌਸਲ ਤਪਾ, ਮਦਨ ਲਾਲ ਘੁੜੈਲਾ, ਰਾਜ ਕੁਮਾਰ ਪੁਹਲੀ, ਆੜ੍ਹਤੀਏ ਅਤੇ ਮੰਡੀ ਮਜਦੂਰ ਹਾਜਰ ਸਨ।



# ਹਾਈਵੇ ਮਾਰਗ 'ਤੇ ਖੱਡਿਆਂ ਦਾ ਕਹਿਰ, ਸਟਰੀਟ ਘੁੜੈਲੀ ਚੌਂਕ ਓਵਰਬ੍ਰਿਜ ਨੇ ਲਿਆ ਹਾਦਸਿਆਂ ਦਾ ਰੂਪ

**ਤਪਾ ਮੰਡੀ 15 ਅਪ੍ਰੈਲ (ਬੰਟੀ ਦੀਕਸ਼ਿਤ):** ਬਰਨਾਲਾ-ਬਠਿੰਡਾ ਮਾਰਗ 'ਤੇ ਸਥਿਤ ਸਟਰੀਟ ਘੁੜੈਲੀ ਓਵਰਬ੍ਰਿਜ, ਜੋ ਕਿ ਲਗਭਗ ਤਿੰਨ ਸਾਲ ਪਹਿਲਾਂ ਤਿਆਰ ਕੀਤਾ ਗਿਆ ਸੀ, ਇਸ ਸਮੇਂ ਖੱਡਿਆਂ ਕਾਰਨ ਹਾਦਸਿਆਂ ਦਾ ਕੇਂਦਰ ਬਣਿਆ ਹੋਇਆ ਹੈ। ਸਾਡੇ ਪ੍ਰਤਿਨਿਧੀ ਵੱਲੋਂ ਮੌਕੇ 'ਤੇ ਜਾ ਕੇ ਕੀਤੀ ਗਈ ਜਾਂਚ ਦੌਰਾਨ ਸਾਹਮਣੇ ਆਇਆ ਕਿ ਇਸ ਸੜਕ 'ਤੇ ਦੋ ਤੋਂ ਤਿੰਨ ਵਾਰ ਪੈਚ ਵਰਕ ਕੀਤਾ ਜਾ ਚੁੱਕਾ ਹੈ, ਪਰ ਘਟੀਆ ਮਟੀਰੀਅਲ ਕਾਰਨ ਮੁਰੰਮਤ ਲੰਬੇ ਸਮੇਂ ਤੱਕ ਟਿਕ ਨਹੀਂ ਸਕੀ। ਸੜਕ ਉੱਪਰ ਪਾਈ ਗਈ ਬਜ਼ਰੀ ਬਾਹਰ ਨਿਕਲ ਚੁੱਕੀ ਹੈ ਅਤੇ ਵੱਡੇ-ਵੱਡੇ ਖੱਡੇ ਬਣ ਗਏ ਹਨ।ਇਸ ਰਾਹੀਂ ਦਿਨ-ਰਾਤ ਭਾਰੀ ਵਾਹਨ ਗੁਜ਼ਰਦੇ ਹਨ, ਜਿਸ ਨਾਲ ਸੜਕ ਦੀ ਹਾਲਤ ਹੋਰ ਵੀ ਖਰਾਬ ਹੋ ਰਹੀ ਹੈ। ਖਾਸ ਕਰਕੇ ਦੂਪਹੀਆ ਵਾਹਨ ਚਾਲਕਾਂ ਲਈ ਇਹ ਸਥਿਤੀ ਬਹੁਤ ਹੀ ਖਤਰਨਾਕ ਬਣ ਗਈ ਹੈ, ਕਿਉਂਕਿ ਉਹ ਕਿਸੇ ਵੀ ਵੇਲੇ ਖੱਡਿਆਂ ਵਿੱਚ ਫਸ ਕੇ ਹਾਦਸੇ ਦਾ ਸ਼ਿਕਾਰ ਹੋ ਸਕਦੇ ਹਨ।ਇਸ ਤੋਂ ਇਲਾਵਾ, ਹਾਈਵੇ 'ਤੇ ਸਟਰੀਟ ਲਾਈਟਾਂ ਦੀ ਕਮੀ ਕਾਰਨ ਰਾਤ ਦੇ ਸਮੇਂ ਹਾਦਸਿਆਂ ਦਾ ਖਤਰਾ ਕਈ ਗੁਣਾ ਵੱਧ ਜਾਂਦਾ ਹੈ। ਸਥਾਨਕ ਲੋਕਾਂ ਵੱਲੋਂ ਕਈ ਵਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਇਹ ਮਸਲਾ ਲਿਆਂਦਾ ਗਿਆ ਹੈ, ਪਰ ਅਜੇ ਤੱਕ ਕੋਈ ਢੁਕਵੀਂ ਕਾਰਵਾਈ ਨਹੀਂ ਕੀਤੀ ਗਈ। ਸਥਾਨਕ ਵਸਨੀਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜਲਦੀ ਤੋਂ ਜਲਦੀ ਸੜਕ ਦੀ ਮੁੜ ਮੁਰੰਮਤ ਕਰਵਾ ਕੇ ਲਾਈਟਾਂ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਸੰਭਾਵਿਤ ਹਾਦਸਿਆਂ ਤੋਂ ਬਚਿਆ ਜਾ ਸਕੇ।

# ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਕੋਟਕਪੂਰਾ ਦੇ ਵਿਕਾਸ ਪ੍ਰਾਜੈਕਟਾਂ ਦੀ ਪ੍ਰਗਤੀ ਦੀ ਸਮੀਖਿਆ



**ਕੋਟਕਪੂਰਾ, 15 ਅਪ੍ਰੈਲ (ਟਿੰਕੂ ਕੁਮਾਰ)** ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਧਾਨ ਸਭਾ ਦਫ਼ਤਰ ਵਿਖੇ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਕੋਟਕਪੂਰਾ ਦੇ ਵਿਕਾਸ ਨਾਲ ਜੁੜੇ ਵੱਖ-ਵੱਖ ਲੋਕ-ਪੱਖੀ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ,ਐਸ.ਡੀ.ਐਮ. ਕੋਟਕਪੂਰਾ ਸ. ਸੁਖਰਾਜ ਸਿੰਘ ਢਿੱਲੋਂ, ਡੀ.ਆਰ.ਓ ਮੈਡਮ ਲਵਪ੍ਰੀਤ ਕੌਰ ਤੋਂ ਇਲਾਵਾ ਹੋਰ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ। ਇਸ ਮੌਕੇ ਸਪੀਕਰ ਸੰਧਵਾਂ ਨੇ ਦੱਸਿਆ ਕਿ ਕੋਟਕਪੂਰਾ ਵਿਖੇ ਤਹਿਸੀਲ ਕੰਪਲੈਕਸ, ਨਵੇਂ ਬੱਸ ਸਟੈਂਡ ਅਤੇ ਨਗਰ ਕੌਂਸਲ ਦੀ ਇਮਾਰਤ ਦੀ ਉਸਾਰੀ ਲਈ ਪੰਜਾਬ ਮੰਡੀ ਬੋਰਡ ਤੋਂ ਜ਼ਮੀਨ ਪ੍ਰਾਪਤ ਕਰਨ ਸਬੰਧੀ ਚੱਲ ਰਹੀ ਪ੍ਰਕਿਰਿਆ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਮਹੱਤਵਪੂਰਨ ਪ੍ਰਾਜੈਕਟਾਂ ਨੂੰ ਤਰਜੀਹ ਦੇ ਆਧਾਰ 'ਤੇ ਸਮਾਂਬੱਧ ਢੰਗ ਨਾਲ ਪੂਰਾ ਕੀਤਾ ਜਾਵੇ, ਤਾਂ ਜੋ ਇਲਾਕਾ ਨਿਵਾਸੀਆਂ ਨੂੰ ਜਲਦੀ ਤੋਂ ਜਲਦੀ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਖਾਸ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਇਹ ਪ੍ਰਾਜੈਕਟ ਕੋਟਕਪੂਰਾ ਦੇ ਸਮੂਹਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਚੱਲ ਰਹੇ ਕੰਮ ਨੂੰ ਸਮੇਂ ਸਿਰ ਕਰਨਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਕੰਮ ਦੀ ਗੁਣਵੱਤਾ ਵੀ ਬਰਕਰਾਰ ਰੱਖੀ ਜਾਵੇ। ਉਨ੍ਹਾਂ ਡਿਪਟੀ ਕਮਿਸ਼ਨਰ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਦੀ ਚੱਲ ਰਹੇ ਕੰਮਾਂ ਦੀ ਨਿੱਜੀ ਤੌਰ ਤੇ ਨਿਗਰਾਨੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸਬੰਧਤ ਫਰਮਾਂ ਤੋਂ ਚੱਲ ਰਹੇ ਕੰਮ ਦੀ ਪ੍ਰਗਤੀ ਸਬੰਧੀ ਹਫਤਾਵਾਰੀ ਰਿਪੋਰਟ ਵੀ ਪ੍ਰਾਪਤ ਕੀਤੀ ਜਾਵੇ ਤਾਂ ਜੋ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਕੇ ਲੋਕਾਂ ਨੂੰ ਇਸ ਦਾ ਲਾਹਾ ਦਿੱਤਾ ਜਾ ਸਕੇ।

# ਸਰਕਾਰੀ ਹਾਈ ਸਕੂਲ ਬੜਵਾ ਦੀ ਵਿਦਿਆਰਥਣ ਪੂਰਵੀ ਧੀਮਾਨ ਨੇ ਅੱਠਵੀਂ ਜਮਾਤ ਦੀ ਮੈਰਿਟ ਸੂਚੀ ਵਿੱਚ ਪੰਜਾਬ ਵਿੱਚੋਂ 11ਵਾਂ ਸਥਾਨ ਪ੍ਰਾਪਤ ਕੀਤਾ

## ਸਕੂਲ ਸਟਾਫ, ਪਿੰਡ ਵਾਸੀਆਂ ਅਤੇ ਸਕੂਲ ਕਮੇਟੀ ਵਲੋਂ ਕੀਤਾ ਸ਼ਾਨਦਾਰ ਸਵਾਗਤ








**ਸ਼੍ਰੀ ਕੀਰਤਪੁਰ ਸਾਹਿਬ 15 ਅਪ੍ਰੈਲ (ਸੈਣੀ ਨਿੱਕੂਵਾਲ/ ਰਾਣਾ ਹਰੀਵਾਲ)** ਇਥੋਂ ਦੇ ਨਜਦੀਕੀ ਸਰਕਾਰੀ ਹਾਈ ਸਕੂਲ ਬੜਵਾ ਦੀ ਵਿਦਿਆਰਥਣ ਪੂਰਵੀ ਧੀਮਾਨ ਪੁੱਤਰੀ ਸ ਇੰਦਰਜੀਤ ਸਿੰਘ ਅਤੇ ਸ਼੍ਰੀਮਤੀ ਪਰਵੀਨ ਕੁਮਾਰੀ ਨੇ ਪਿਛਲੇ ਦਿਨੀਂ ਸਿੱਖਿਆ ਵਿਭਾਗ ਵਲੋਂ ਜਾਰੀ ਕੀਤੇ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਪੂਰੇ ਪੰਜਾਬ ਵਿਚੋਂ 11ਵਾਂ ਸਥਾਨ ਪ੍ਰਾਪਤ ਕੀਤਾ ਅਤੇ ਮੈਰਿਟ ਸੂਚੀ ਵਿੱਚ ਅਪਣਾ ਨਾਮ ਦਰਜ ਕਰਵਾਇਆ । ਇਹ ਪ੍ਰਾਪਤੀ ਜਿੱਥੇ ਉਸਦੇ ਮਾਤਾ ਪਿਤਾ, ਪੂਰੇ ਪਰਿਵਾਰ ਲਈ ਬਹੁਤ ਵੱਡੀ ਸੀ ਉਥੇ ਹੀ ਇਸ ਪ੍ਰਾਪਤੀ ਨੇ ਸਰਕਾਰੀ ਹਾਈ ਸਕੂਲ ਬੜਵਾ ਅਤੇ ਜ਼ਿਲ੍ਹਾ ਰੂਪਨਗਰ ਦਾ ਵੀ ਪੰਜਾਬ ਪੱਧਰ ਤੇ ਨਾਮ ਬਣਾਇਆ ਹੈ । ਅੱਜ ਦੇ ਪ੍ਰੋਗਰਾਮ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਮੁੱਖੀ ਸੁ ਕੁਮਾਰ ਨੇ ਦਸਿਆ ਕਿ ਸਾਲ 2025-26 ਵਿੱਚ ਸਿੱਖਿਆ ਵਿਭਾਗ ਵਲੋਂ ਲਈ ਗਈ ਅੱਠਵੀਂ ਜਮਾਤ ਦੀ ਪ੍ਰੀਖਿਆ ਵਿੱਚ ਇਸ ਸਕੂਲ ਦੀ ਵਿਦਿਆਰਥਣ ਪੂਰਵੀ ਧੀਮਾਨ ਨੇ 600 ਵਿੱਚੋ 589 ਅੰਕ ਪ੍ਰਾਪਤ ਕਰਕੇ ਪੂਰੇ ਪੰਜਾਬ ਵਿੱਚੋਂ 11ਵਾਂ ਸਥਾਨ ਪ੍ਰਾਪਤ ਕੀਤਾ ਹੈ । ਸਮਰਪ੍ਰੀਤ ਕੌਰ ਅਤੇ ਜੂਹੀ ਕੁਮਾਰੀ ਨੇ ਕ੍ਰਮਵਾਰ 93.83 ਅਤੇ 92.66 ਅੰਕ ਪ੍ਰਾਪਤ ਕਰਕੇ ਸਕੂਲ ਪੱਧਰ ਤੇ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ । ਬਾਕੀ ਸਾਰੇ ਵਿਦਿਆਰਥੀ ਵੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ। ਪੂਰਵੀ ਧੀਮਾਨ ਦੀ ਇਸ ਪ੍ਰਾਪਤੀ ਨੇ ਅਧਿਆਪਕਾਂ ਅਤੇ ਸਕੂਲ ਦਾ ਨਾਮ ਬਣਾਇਆ ਹੈ ਅਤੇ ਬਾਕੀ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ ਤੋਂ ਸੇਧ ਲੈਣ ਲਈ ਪਿੰਡ ਦੇ ਪੰਚਾਇਤ ਮੈਂਬਰਾਂ ਵੱਲੋਂ ਸਰਪੰਚ ਸ ਅਵਤਾਰ ਸਿੰਘ ਕੂਨਰ




ਦੀ ਅਗਵਾਈ ਵਿੱਚ ਸਕੂਲ ਮੈਨੇਜਮੈਂਟ ਕਮੇਟੀ ਮੈਂਬਰਾਂ ਅਤੇ ਸਕੂਲ ਸਟਾਫ ਦੇ ਸਹਿਯੋਗ ਨਾਲ ਅੱਜ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਰਪੰਚ ਸ ਅਵਤਾਰ ਸਿੰਘ ਕੂਨਰ ਵਲੋਂ ਆਪਣੇ ਸੰਬੋਧਨ ਦੌਰਾਨ ਜਿੱਥੇ ਪ੍ਰਾਪਤੀ ਕਰਨ ਵਾਲੀ ਵਿਦਿਆਰਥਣ ਅਤੇ ਉਸਦੇ ਮਾਪਿਆਂ ਨੂੰ ਵਧਾਈ ਦਿੱਤੀ ਉਥੇ ਹੀ ਸਮੂਹ ਸਟਾਫ ਦੀ ਮਿਹਨਤ ਨੂੰ ਵੀ ਸਲਾਮ ਕੀਤਾ ਜਿਨ੍ਹਾਂ ਦੀ ਪੜ੍ਹਾਈ ਸਦਕਾ ਇਹ ਪ੍ਰਾਪਤੀ ਹੋਈ ਹੈ ਅਤੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ। ਇਸ ਮੌਕੇ ਜਿੱਥੇ ਸਮੂਹ ਪੰਚਾਇਤ ਪਿੰਡ ਬੜਵਾ, ਸਕੂਲ ਮੈਨੇਜਮੈਂਟ ਕਮੇਟੀ ਮੈਂਬਰ ਸਰਕਾਰੀ ਹਾਈ ਸਕੂਲ ਬੜਵਾ ਅਤੇ ਸਕੂਲ ਸਟਾਫ ਵਲੋਂ ਪੂਰਵੀ ਧੀਮਾਨ ਦਾ ਸਨਮਾਨ ਕੀਤਾ ਗਿਆ ਉਥੇ ਹੀ ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੀਆ ਵਿਦਿਆਰਥਣਾਂ ਨੂੰ ਵੀ ਸਮਨਿਤ ਕੀਤਾ ਗਿਆ। ਇਸ ਸਾਰੇ ਪ੍ਰੋਗਰਾਮ ਦੌਰਾਨ ਲਖਵੀਰ ਸਿੰਘ ਕੰਪਿਊਟਰ ਅਧਿਆਪਿਕ ਵਲੋਂ ਸਟੇਜ ਸੰਭਾਲਿਆ ਗਿਆ। ਅਖੀਰ ਵਿੱਚ ਇਨ੍ਹਾਂ ਵਿਦਿਆਰਥਣਾਂ ਨੂੰ ਦੀ ਪ੍ਰਾਪਤੀ ਦਾ ਜਸ਼ਨ ਢੋਲ ਦੇ ਨਾਲ ਪੂਰੇ ਪਿੰਡ ਅੰਦਰ ਮਨਾਇਆ ਗਿਆ। ਜਿੱਥੇ ਸਮੂਹ ਪਿੰਡ ਵਾਸੀ ਵਿਦਿਆਰਥਣਾਂ ਦੀ ਪ੍ਰਾਪਤੀ ਲਈ ਉਹਨਾਂ ਨੂੰ ਵਧਾਈਆਂ ਦੇ ਰਹੇ ਸੀ ਉਥੇ ਹੀ ਸਰਕਾਰੀ ਸਕੂਲਾਂ ਅੰਦਰ ਖਾਸ ਕਰਕੇ ਸਰਕਾਰੀ ਹਾਈ ਸਕੂਲ ਬੜਵਾ ਦੇ ਸਮੂਹ ਸਟਾਫ ਵਲੋਂ ਕਰਵਾਈ ਜਾਂਦੀ ਮਿਹਨਤ ਦੀ ਵੀ ਪ੍ਰਸ਼ੰਸ਼ਾ ਕਰ ਰਹੇ ਸੀ। ਅੱਜ ਦੇ ਪ੍ਰੋਗਰਾਮ ਦੌਰਾਨ ਸਰਪੰਚ ਸ ਅਵਤਾਰ ਸਿੰਘ ਕੂਨਰ, ਇੰਦਰਜੀਤ ਸਿੰਘ, ਪਰਵੀਨ ਕੁਮਾਰੀ, ਸ ਕਿਸ਼ਨ ਸਿੰਘ ਪੂਰਵੀ ਧੀਮਾਨ ਦੇ ਦਾਦਾ ਜੀ, ਸ਼ਲਿੰਦਰ ਕੌਰ ਪੰਚਾਇਤ ਮੈਂਬਰ, ਸ਼੍ਰੀਮਤੀ ਜਸਵਿੰਦਰ ਕੋਰ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਸ਼੍ਰੀਮਤੀ ਜਸਬੀਰ ਕੌਰ ਵਾਈਸ ਚੇਅਰਮੈਨ, ਸ ਹਰਦਿਆਲ ਸਿੰਘ ਸਾਬਕਾ ਸਰਪੰਚ, ਬਲਵੰਤ ਰਾਏ ਲੰਬੜਦਾਰ, ਸੁਮੰਤ ਕੁਮਾਰ ਸਕੂਲ ਮੁੱਖ ਅਧਿਆਪਕ, ਲਖਬੀਰ ਸਿੰਘ, ਹਰਜਿੰਦਰ ਸਿੰਘ, ਕਰਤਾਰ ਸਿੰਘ, ਸੰਜੀਵ ਕੁਮਾਰ, ਗਗਨਦੀਪ ਸਿੰਘ, ਸਰਬਜੀਤ ਸਿੰਘ, ਬਲਵਿੰਦਰ ਸਿੰਘ, ਅਮਨਦੀਪ ਕੌਰ, ਬਨਿਤਾ ਕੁਮਾਰੀ, ਜਸਵਿੰਦਰ ਕੌਰ, ਰਜਿੰਦਰ ਕੌਰ, ਰਵੀਨਾ, ਕੁਲਵਿੰਦਰ ਕੌਰ, ਮੀਨਾਕਸ਼ੀ ਸ਼ਰਮਾ ਅਤੇ ਸਮੂਹ ਮਾਪੇ ਹਾਜਰ ਸਨ ।

# ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ, ਘੱਗਾ ਵਿੱਚ ਵਿਸਾਖੀ ਸਮਾਰੋਹ ਨੇ ਬੰਨ੍ਹਿਆ ਰੰਗ, ਸੱਭਿਆਚਾਰ, ਰੰਗਤ ਤੇ ਜੋਸ਼ ਦਾ ਸ਼ਾਨਦਾਰ ਮਿਲਾਪ



**ਪਾਤੜਾਂ, 15 ਅਪ੍ਰੈਲ (ਜਸਵਿੰਦਰ ਸਿੰਘ ਪਾਰਸ):** ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ, ਘੱਗਾ ਵਿੱਚ ਵਿਸਾਖੀ ਦਾ ਪਵਿੱਤਰ ਤਿਉਹਾਰ ਬੜੀ ਹੀ ਧੂਮ-ਧਾਮ, ਉਤਸ਼ਾਹ ਅਤੇ ਰਵਾਇਤੀ ਰੰਗਤ ਨਾਲ ਮਨਾਇਆ ਗਿਆ। ਸਕੂਲ ਪਰਿਸਰ ਵਿੱਚ ਖੁਸ਼ੀਆਂ ਦਾ ਮਾਹੌਲ ਇਸ ਕਦਰ ਛਾਇਆ ਹੋਇਆ ਸੀ ਕਿ ਹਰ ਪਾਸੇ ਪੰਜਾਬੀ ਸੱਭਿਆਚਾਰ ਦੀ ਮਹਿਕ ਮਹਿਸੂਸ ਹੋ ਰਹੀ ਸੀ। ਰੰਗ-ਬਿਰੰਗੀਆਂ ਪੋਸ਼ਾਕਾਂ ਨਾਲ ਸਜੇ ਨਿੱਕੇ-ਨਿੱਕੇ ਬੱਚਿਆਂ ਨੇ ਆਪਣੀਆਂ ਮਨਮੋਹਕ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਦਿਲ ਜਿੱਤ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸਕੂਲ ਸ਼ਬਦ ਨਾਲ ਕੀਤੀ ਗਈ, ਜਿਸ ਨੇ ਸਮਾਗਮ ਨੂੰ ਆਧਿਆਤਮਿਕ ਛੋਹ ਬਖ਼ਸ਼ੀ। ਇਸ ਤੋਂ ਬਾਅਦ ਬੱਚਿਆਂ ਵੱਲੋਂ ਵਿਸਾਖੀ ਦੇ ਮਹੱਤਵ 'ਤੇ ਆਧਾਰਿਤ ਕਵਿਤਾਵਾਂ ਨੇ ਸਮਾਗਮ ਵਿੱਚ ਗਿਆਨ ਅਤੇ ਸੱਭਿਆਚਾਰਕ ਗਹਿਰਾਈ ਜੋੜੀ।

ਪਹਿਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਦਾ ਰੰਗੀਲਾ ਨ੍ਰਿਤਯ ਪ੍ਰੋਗਰਾਮ ਦਾ ਖਾਸ ਆਕਰਸ਼ਣ ਬਣਿਆ, ਜਦਕਿ ਤੀਜੀ ਅਤੇ ਚੌਥੀ ਜਮਾਤ ਦੇ ਬੱਚਿਆਂ ਦੀ ਭਾਵਪੂਰਣ ਕਵਿਤਾ ਨੇ ਸਭ ਨੂੰ ਪ੍ਰਭਾਵਿਤ ਕੀਤਾ। ਵਿਦਿਆਰਥੀਆਂ ਵੱਲੋਂ ਕਿਸਾਨਾਂ ਦੀ ਸੰਘਰਸ਼ਮਈ ਜ਼ਿੰਦਗੀ ਨੂੰ ਦਰਸਾਉਂਦਾ ਨਾਟਕ ਬਹੁਤ ਹੀ ਸੰਵੇਦਨਸ਼ੀਲ ਅਤੇ ਸੋਚਣ 'ਤੇ ਮਜਬੂਰ ਕਰਨ ਵਾਲਾ ਰਿਹਾ।

ਸਮਾਗਮ ਦੀ ਚਰਮ ਸੀਮਾ ਉਸ ਵੇਲੇ ਆਈ ਜਦੋਂ ਵਿਦਿਆਰਥੀਆਂ ਨੇ ਜੋਸ਼ ਭਰਿਆ ਭੰਗੜਾ ਪੇਸ਼ ਕੀਤਾ, ਜਿਸ ਨਾਲ ਸਾਰਾ ਮਾਹੌਲ ਤਾੜੀਆਂ ਅਤੇ ਖੁਸ਼ੀ ਦੇ ਨਾਅਰਿਆਂ ਨਾਲ ਗੂੰਜ ਉੱਠਿਆ।

ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਵਿਸਾਖੀ ਦੇ ਇਤਿਹਾਸਕ, ਆਰਥਿਕ, ਸਭਿਆਚਾਰਕ ਅਤੇ ਧਾਰਮਿਕ ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਆਪਣੀ ਵਿਰਾਸਤ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।

ਸਮਾਗਮ ਵਿੱਚ ਸਕੂਲ ਦੇ ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਵੀ ਖਾਸ ਤੌਰ 'ਤੇ ਹਾਜ਼ਰੀ ਭਰੀ ਅਤੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ। ਪ੍ਰਿੰਸੀਪਲ ਵੱਲੋਂ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਵਿਸਾਖੀ ਦੀਆਂ ਦਿਲੋਂ ਵਧਾਈਆਂ ਦਿੱਤੀਆਂ ਗਈਆਂ।

ਇਸ ਰੰਗਾਰੰਗ ਅਤੇ ਯਾਦਗਾਰ ਸਮਾਗਮ ਵਿੱਚ ਸਕੂਲ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਮੌਜੂਦ ਰਹੇ।

# ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਵਿੱਚ ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਦਕਰ ਜੀ ਦਾ ਜਨਮ ਦਿਵਸ ਮਨਾਇਆ ਗਿਆ



**ਸ੍ਰੀ ਮੁਕਤਸਰ ਸਾਹਿਬ, 15 ਅਪ੍ਰੈਲ (ਲੱਕੀ ਚੜੇਵਾਨ)** ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਵਿੱਚ ਕਾਲਜ ਪ੍ਰਿੰਸੀਪਲ ਸ੍ਰੀਮਤੀ ਮੰਜੂ ਕਪੂਰ ਜੀ ਦੀ ਅਗਵਾਈ ਅਤੇ ਡਾ. ਹਾਰਦਵਿੰਦਰ ਸਿੰਘ ਬਰਾੜ ਵਾਈਸ ਪ੍ਰਿੰਸੀਪਲ ਦੇ ਯਤਨਾਂ ਸਦਕਾ ਕਾਲਜ ਦੇ ਐੱਨ.ਐੱਸ.ਐੱਸ ਯੂਨਿਟ ਦੁਆਰਾ 'ਭਾਰਤ ਰਤਨ' ਡਾ.ਭੀਮ ਰਾਓ ਅੰਬੇਡਕਰ ਜੀ ਦਾ ਜੀਵਨ ਦਿਹਾੜਾ ਮਨਾਇਆ ਗਿਆ ।ਜਿਸ ਵਿੱਚ ਮੁੱਖ ਬੁਲਾਰੇ ਦੇ ਤੌਰ ਤੇ ਪ੍ਰੋ.ਦੀਪਇੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਅੰਬੇਦਕਰ ਸਾਹਿਬ ਜੀ ਦੇ ਜੀਵਨ ਅਤੇ ਉਹਨਾਂ ਦੁਆਰਾ ਭਾਰਤੀ ਸੰਵਿਧਾਨ, ਰਾਜਨੀਤੀ, ਆਰਥਿਕ , ਸਮਾਜਿਕ ਅਤੇ ਸਿੱਖਿਆ ਦੇ ਖੇਤਰ ਵਿੱਚ ਦਿੱਤੇ ਵੱਡਮੁੱਲੇ ਯੋਗਦਾਨ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਐੱਨ ਐੱਨ ਐੱਸ ਇੰਚਾਰਜ ਪ੍ਰੋ. ਕੰਵਰਜੀਤ ਸਿੰਘ ਬਰਾੜ, ਪ੍ਰੋ. ਰਜਿੰਦਰ ਸਿੰਘ , ਪ੍ਰੋ. ਸ਼ਿੰਦਰਪਾਲ ਕੌਰ ਅਤੇ ਵਿਦਿਆਰਥੀ ਸ਼ਾਮਲ ਸਨ। ਪ੍ਰੋਗਰਾਮ ਵਿੱਚ ਮੰਚ ਸੰਚਾਲਨ ਪ੍ਰੋ. ਹਰਮੀਤ ਕੌਰ ਦੁਆਰਾ ਕੀਤਾ ਗਿਆ।

# ਝਾੜ ਸਾਹਿਬ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਗੁਰਮਤਿ ਸਮਾਗਮ ਮੌਕੇ ਸ਼ਮੂਲੀਅਤ

**ਮਾਛੀਵਾੜਾ ਸਾਹਿਬ 15 ਅਪ੍ਰੈਲ (ਮਾਸਟਰ ਸਤੀਸ਼ ਕੁਮਾਰ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਬਹਾਦਰਗੜ੍ਹ, ਪਟਿਆਲਾ ਦੇ ਪ੍ਰਬੰਧ ਅਧੀਨ ਚੱਲ ਰਹੇ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਦੀਆਂ ਧਾਰਮਿਕ ਗਤੀਵਿਧੀਆਂ ਦੀ ਪੇਸ਼ਕਾਰੀ ਅਤੇ ਪ੍ਰਦਰਸ਼ਨੀ 'ਖਾਲਸਾ ਸਾਜਨਾ ਦਿਵਸ' ਨੂੰ ਸਮਰਪਿਤ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਯੋਜਿਤ ਕੀਤੀ ਗਈ। ਸਮਾਗਮ ਵਿੱਚ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ, ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਦੀਆਂ ਵਿਦਿਆਰਥਣਾਂ ਅਤੇ ਸਟਾਫ ਵੱਲੋਂ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਵਿੱਚ ਸ਼ਮੂਲੀਅਤ ਕੀਤੀ ਗਈ ।ਕਾਲਜ ਵਿਦਿਆਰਥਣਾਂ ਵੱਲੋਂ ਦੀਵਾਨ ਹਾਲ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸੰਸਥਾ ਵੱਲੋਂ ਉਲੀਕੇ ਗੁਰਮਤਿ ਸਮਾਗਮ ਵਿੱਚ ਸ਼ਬਦ ਕੀਰਤਨ, ਕਵੀਸ਼ਰੀ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਧਾਰਮਿਕ ਕਵਿਤਾ ਰਾਹੀਂ ਹਾਜ਼ਰੀ ਲਗਵਾਈ ਗਈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਪ੍ਰੇਰਨਾ ਅਤੇ




ਉਤਸ਼ਾਹ ਸਦਕਾ ਗੁਰਬਾਣੀ ਵਿੱਚ ਵਰਣਿਤ ਪੌਦਿਆਂ ਅਤੇ ਹਵਾ ਦੀ ਸ਼ੁੱਧਤਾ ਰੱਖਣ ਵਾਲੇ ਪੌਦਿਆਂ ਦੀ ਪ੍ਰਦਰਸ਼ਨੀ ਵੀ ਵਿਸ਼ੇਸ਼ ਤੌਰ 'ਤੇ ਲਗਾਈ ਗਈ, ਜੋ ਕਿ ਤਖਤ ਸਾਹਿਬ ਤੇ ਨਤਮਸਤਕ ਹੋਣ ਲਈ ਆਈ ਸੰਗਤ ਲਈ ਖਿੱਚ ਦਾ ਕੇਂਦਰ ਬਣੀ ਰਹੀ। ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਆਪਣੇ ਗੌਰਵਮਈ ਇਤਿਹਾਸ ਅਤੇ ਸਿਧਾਤਾਂ ਨਾਲ ਜੋੜਨ ਦਾ ਇਹ ਯਤਨ ਭਵਿੱਖ ਵਿੱਚ ਵਧੀਆ ਨਤੀਜੇ ਲੈ ਕੇ ਆਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੀ ਇਸ ਸਮਾਗਮ ਵਿੱਚ ਖਾਸ ਤੌਰ ਤੇ ਪੁੱਜੇ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਟੀਚਾ ਵਿਦਿਆਰਥੀਆਂ ਨੂੰ ਦੁਨਿਆਵੀ ਸਿੱਖਿਆ ਦੇ ਨਾਲ ਧਰਮ ਅਤੇ ਵਿਰਸੇ ਨਾਲ ਜੋੜਨਾ ਅਤੇ ਸਿੱਖੀ ਸਿਧਾਂਤਾਂ ਵਿੱਚ ਪ੍ਰਪੱਕ ਕਰਨਾ ਵੀ ਹੈ। ਪ੍ਰਧਾਨ ਸਾਹਿਬ ਨੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਮਾਡਲਾਂ ਅਤੇ ਹੋਰ ਪੇਸ਼ਕਾਰੀਆਂ ਦੀ ਸ਼ਲਾਘਾ ਕਰਦੇ ਹੋਏ ਵਿਦਿਆਰਥੀਆਂ ਦੀ ਹੌਸਲਾ ਅਫ਼ਜਾਈ ਕੀਤੀ । ਸ਼੍ਰੋਮਣੀ ਕਮੇਟੀ ਦੇ ਵਿੱਦਿਆ ਸਕੱਤਰ ਇੰਜ. ਸੁਖਮਿੰਦਰ ਸਿੰਘ ਨੇ ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਕਾਲਜਾਂ ਨੂੰ ਵੱਖ-ਵੱਖ ਜੋਨਾਂ ਵਿੱਚ ਵੰਡ ਕੇ ਤਿੰਨੋਂ ਤਖ਼ਤ ਸਾਹਿਬਾਨ ਵਿਖੇ ਉਲੀਕੇ ਪ੍ਰੋਗਰਾਮਾਂ ਵਿੱਚ ਵਿਦਿਆਰਥੀਆਂ ਵੱਲੋਂ ਭਾਰੀ ਉਤਸ਼ਾਹ ਦਿਖਾਇਆ ਗਿਆ ਹੈ ।ਇਸ ਸਮਾਗਮ ਮੌਕੇ ਕਾਲਜ ਵਿਦਿਆਰਥਣਾਂ ਅਤੇ ਸਟਾਫ ਵੱਲੋਂ ਨੀਲੇ ਅਤੇ ਕੇਸਰੀ ਦੁਪੱਟੇ ਸਜਾਏ ਗਏ। ਬੀਬੀ ਹਰਜਿੰਦਰ ਕੌਰ ਮੈਂਬਰ ਅੰਤ੍ਰਿੰਗ ਕਮੇਟੀ ਸ਼੍ਰੋਮਣੀ ਗੁ.ਪ੍ਰ.ਕਮੇਟੀ, ਮੈਂਬਰ ਸਾਹਿਬਾਨ ਸ਼੍ਰੋਮਣੀ ਗੁ.ਪ੍ਰ.ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ, ਵੱਖ-ਵੱਖ ਸਕੂਲਾਂ/ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ, ਹੋਰ ਪ੍ਰਮੁੱਖ ਸ਼ਖ਼ਸੀਅਤਾਂ, ਅਧਿਆਪਕ ਸਾਹਿਬਾਨ, ਵਿਦਿਆਰਥੀ ਅਤੇ ਭਾਰੀ ਗਿਣਤੀ ਵਿੱਚ ਸੰਗਤ ਵੱਲੋਂ ਇਨ੍ਹਾਂ ਸਮਾਗਮਾਂ ਵਿੱਚ ਹਾਜ਼ਰੀ ਲਗਵਾ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਅਤੇ ਬਖਸ਼ਿਸ਼ਾਂ ਪ੍ਰਾਪਤ ਕੀਤੀਆਂ ਗਈਆਂ।

# ਬਹਾਵਲਪੁਰ ਸਭਾ ਵੱਲੋਂ ਵਿਸਾਖੀ ਮੌਕੇ ਸ਼ਾਨਦਾਰ ਬਹਾਵਲਪੁਰ ਦਿਵਸ ਮਨਾਇਆ

**ਭਵਾਨੀਗੜ੍ਹ, 15 ਅਪ੍ਰੈਲ (ਰਾਜ ਖੁਰਮੀ):** ਸਥਾਨਕ ਬਹਾਵਲਪੁਰ ਸਭਾ ਅਤੇ ਯੂਥ ਵਿੰਗ ਭਵਾਨੀਗੜ੍ਹ ਵੱਲੋਂ ਵਿਸਾਖੀ ਦੇ ਪਾਵਨ ਮੌਕੇ ਬਹਾਵਲਪੁਰ ਭਵਨ ਵਿੱਚ ਸ਼ਾਨਦਾਰ ਸਮਾਰੋਹ ਕਰਵਾ ਕੇ ਬਹਾਵਲਪੁਰ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਰੋਹ ਵਿੱਚ ਸ਼ਹਿਰ ਦੀ ਬਹਾਵਲਪੁਰ ਬਿਰਾਦਰੀ ਦੇ ਲਗਭਗ 700 ਤੋਂ ਵੱਧ ਮੈਂਬਰ ਪਰਿਵਾਰ ਸਮੇਤ ਸ਼ਾਮਲ ਹੋਏ। ਸਨਮਾਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਐਮ.ਐਲ.ਏ ਨਰਿੰਦਰ ਕੌਰ ਭਰਾਜ, ਸੀਨੀਅਰ ਆਗੂ ਅਰਵਿੰਦ ਖੰਨਾ, ਚੇਅਰਮੈਨ ਜ਼ਿਲਾ ਪਲਾਨਿੰਗ ਬੋਰਡ ਗੁਰਮੇਲ ਸਿੰਘ ਘਰਾਚੋਂ, ਸਾਬਕਾ ਐਮ.ਐਲ.ਏ ਪ੍ਰਕਾਸ਼ ਚੰਦ ਗਰਗ, ਰਾਸ਼ਟਰੀ ਬਹਾਵਲਪੁਰ ਮਹਾਸੰਘ ਦੇ ਚੇਅਰਮੈਨ ਜਗਦੀਸ਼ ਜੱਗਾ, ਕਾਰਜਕਾਰੀ ਪ੍ਰਧਾਨ ਰਾਮਚੰਦ ਰਾਮਾ, ਅਰੋੜਾ ਸਭਾ ਸੰਗਰੂਰ ਦੇ ਪ੍ਰਧਾਨ ਨਰੇਸ਼ ਜੁਨੇਜਾ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਨੇ ਹਾਜ਼ਰੀ ਭਰੀ।ਕਾਰਜਕ੍ਰਮ ਦੀ ਸ਼ੁਰੂਆਤ ਮੀਨੂ ਕੁਮਰਾ, ਰੁਪਾਲੀ ਕਾਲੜਾ, ਅਲਕਾ ਆਹੂਜਾ, ਗੀਤੂ ਸੁਖੀਜਾ ਅਤੇ ਸੁਨੀਤਾ ਅਰੋੜਾ ਵੱਲੋਂ ਰਾਧਾ-ਕ੍ਰਿਸ਼ਨ ਦੇ ਕੀਰਤਨ ਨਾਲ ਕੀਤੀ ਗਈ। ਇਸ ਮੌਕੇ ਮੈਂਬਰੀ ਕਮੇਟੀ ਵੱਲੋਂ ਲਾਲਾ ਪਰਮਾਨੰਦ ਪਬਰੇਜਾ ਅਤੇ ਲਾਲਾ ਨਰਾਇਣ ਦਾਸ ਸਚਦੇਵਾ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਮੁੱਖ ਮਹਿਮਾਨਾਂ ਨੇ ਬਹਾਵਲਪੁਰ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਇਹ ਦਿਨ ਭਾਈਚਾਰੇ, ਪਿਆਰ, ਸਹਿਯੋਗ ਅਤੇ ਏਕਤਾ ਦਾ ਪ੍ਰਤੀਕ ਹੈ। ਉਨ੍ਹਾਂ ਨੇ ਬਹਾਵਲਪੁਰ ਭਵਨ ਦੀ ਬਾਕੀ ਉਸਾਰੀ ਲਈ ਸਰਕਾਰੀ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਜਗਦੀਸ਼ ਜੱਗਾ ਵੱਲੋਂ ਭਵਨ ਦੀ ਉਸਾਰੀ ਲਈ ਆਪਣੀ ਕਮਾਈ ਵਿੱਚੋਂ 5 ਲੱਖ ਰੁਪਏ ਦੇ ਯੋਗਦਾਨ ਦਾ ਐਲਾਨ ਵੀ ਕੀਤਾ ਗਿਆ ਅਤੇ ਅਲਕਾ ਆਹੂਜਾ ਨੂੰ ਰਾਸ਼ਟਰੀ ਮਹਿਲਾ ਮੰਡਲ ਦੀ ਪ੍ਰਧਾਨ ਨਿਯੁਕਤ




ਕੀਤਾ ਗਿਆ।ਸਮਾਰੋਹ ਦੌਰਾਨ ਬਹਾਵਲਪੁਰ ਸਮਾਜ ਦੇ ਹੋਣਹਾਰ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਨੇ ਡਾਕਟਰੀ, ਇੰਜੀਨੀਅਰਿੰਗ, ਕਾਨੂੰਨ ਅਤੇ ਖੇਡਾਂ ਵਿੱਚ ਰਾਸ਼ਟਰੀ ਪੱਧਰ 'ਤੇ ਪ੍ਰਾਪਤੀਆਂ ਹਾਸਲ ਕਰਕੇ ਸਮਾਜ ਦਾ ਨਾਮ ਰੌਸ਼ਨ ਕੀਤਾ। ਇਸ ਤੋਂ ਇਲਾਵਾ ਸਮਾਜ ਸੇਵਾ ਵਿੱਚ ਯੋਗਦਾਨ ਪਾਉਣ ਵਾਲੀਆਂ ਮਹਿਲਾਵਾਂ ਅਤੇ ਸਦੱਸਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਯੂਥ ਵਿੰਗ ਦੇ ਪ੍ਰਧਾਨ ਰਜਿੰਦਰ ਕੁਮਾਰ ਸੁਖੀਜਾ ਨੇ ਕਿਹਾ ਕਿ ਬਹਾਵਲਪੁਰ ਸਭਾ ਵੱਲੋਂ ਭਵਿੱਖ ਵਿੱਚ ਧਾਰਮਿਕ ਅਤੇ ਸਮਾਜਿਕ ਗਤੀਵਿਧੀਆਂ ਦੇ ਨਾਲ-ਨਾਲ ਮੈਡੀਕਲ ਅਤੇ ਬਲੱਡ ਡੋਨੇਸ਼ਨ ਕੈਂਪ ਲਗਾ ਕੇ ਸਮਾਜ ਸੇਵਾ ਦੇ ਕੰਮ ਜਾਰੀ ਰੱਖੇ ਜਾਣਗੇ।ਅਖੀਰ ਵਿੱਚ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਉਮੀਦ ਜਤਾਈ ਗਈ ਕਿ ਬਹਾਵਲਪੁਰ ਭਵਨ ਦੀ ਬਾਕੀ ਉਸਾਰੀ ਜਲਦੀ ਪੂਰੀ ਕੀਤੀ ਜਾਵੇਗੀ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਮਾਜ ਦੇ ਸਦੱਸਾਂ ਅਤੇ ਮਹਿਲਾ ਮੰਡਲ ਨੇ ਪਰਿਵਾਰਾਂ ਸਮੇਤ ਹਾਜ਼ਰੀ ਲਗਵਾ ਕੇ ਪ੍ਰੋਗਰਾਮ ਨੂੰ ਚਾਰ ਚੰਦ ਲਾਏ। ਇਸ ਮੌਕੇ ਪਾਸ਼ੀ ਲਾਲ, ਧਰਮਪਾਲ ਅਹੂਜਾ, ਹਰਵਿੰਦਰ ਅਹੂਜਾ, ਨਰੇਸ਼ ਪਬਰੇਜਾ, ਸੰਜੇ ਥਰੇਜਾ, ਲਛਮਣ ਸਚਦੇਵਾ, ਰਾਮ ਸਚਦੇਵਾ, ਰਜਿੰਦਰ ਅਰੋੜਾ, ਜੋਨੀ ਕਾਲੜਾ, ਸ਼ਾਮ ਸਚਦੇਵਾ, ਮੋਹਿੰਦਰ ਗੋਗੀਆ, ਸੁਨੀਲ ਕਿੰਗਰ, ਐਡਵੋਕੇਟ ਯਸ਼ਪਾਲ ਬੁਸ਼ਰਾ, ਮੋਤੀ ਪਟਵਾਰੀ, ਸੁਸ਼ੀਲ ਸੁਖੀਜਾ, ਦਿਨੇਸ਼ ਸੁਖੀਜਾ, ਡਾ ਉਮੇਸ਼ ਪਾਹਵਾ, ਮਹੇਸ਼ ਵਰਮਾ, ਆਸ਼ੂ ਕੁਮਰਾ, ਨੀਲੂ ਕੁਮਰਾ, ਚਰਨਜੀਤ ਸਚਦੇਵਾ, ਕੇਸ਼ਵ ਪੋਪਲੀ, ਸੁਸ਼ੀਲ ਪੋਪਲੀ, ਡਾ. ਵਿਨੋਦ ਧਵਨ, ਦਰਸ਼ਨ ਚਾਵਲਾ, ਰਵਿੰਦਰ ਰਵੀ, ਰਾਜੇਸ਼ ਵਰਮਾ, ਵਿਜੈ ਰਬੜ, ਅਰਜਨ ਚਾਵਲਾ, ਨੀਟੂ ਤੁਲਾਨੀ, ਓਮ ਪ੍ਰਕਾਸ਼ ਵਰਮਾ, ਮੋਹਨ ਲਾਲ ਕਟਾਰੀਆ ਰਾਜੇਸ਼ ਸਚਦੇਵਾ, ਦੇਵਰਾਜ ਕਾਲੜਾ, ਰਮੇਸ਼ ਆਹੂਜਾ, ਰਜਿੰਦਰ ਸਚਦੇਵਾ, ਸੰਜੇ ਗੋਇਲ, ਨਰਿੰਦਰ ਸ਼ੈਲੀ, ਜੱਗੀ ਰਾਜਪੁਰਾ, ਅਤੇ ਮਹਿਲਾ ਮੰਡਲ ਵੱਲੋਂ ਗੀਤੂ ਸੁਖੀਜਾ, ਅਲਕਾ ਆਹੂਜਾ, ਮੀਨੂੰ ਆਹੂਜਾ, ਰੁਪਾਲੀ ਕਾਲੜਾ, ਸੁਨੀਤਾ ਅਰੋੜਾ,, ਸੋਨੀਆ ਚਾਵਲਾ, ਕਿਰਨ ਧਵਨ, ਰਾਜ ਸਚਦੇਵਾ ਆਦਿ ਹਾਜ਼ਰ ਸਨ।

# 8ਵੀਂ 'ਚੋਂ ਪੰਜਾਬ ਵਿੱਚੋਂ ਟਾਪਰ ਤਮੰਨਾ ਪ੍ਰਜਾਪਤੀ ਦਾ ਘਰ ਪਹੁੰਚ ਕੇ ਸੁਸਾਇਟੀ ਨੇ ਕੀਤਾ ਸਨਮਾਨ



**ਕੋਟਕਪੂਰਾ, 15 ਅਪ੍ਰੈਲ (ਟਿੰਕੂ ਕੁਮਾਰ)** ਪੰਜਾਬ ਵਿੱਚ ਪ੍ਰਜਾਪਤ ਸਮਾਜ ਦੀ ਉੱਘੀ ਸਮਾਜ ਸੇਵੀ ਸੰਸਥਾ 'ਪ੍ਰਜਾਪਤ ਸਮਾਜ ਸੇਵਾ ਸੁਸਾਇਟੀ ਮੋਗਾ' ਵੱਲੋਂ ਬੀਤੇ ਦਿਨੀਂ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ ਗਏ ਅੱਠਵੀਂ ਜਮਾਤ ਵਿੱਚ ਸੂਬੇ ਵਿੱਚੋਂ ਪਹਿਲਾਂ ਸਥਾਨ ਹਾਸਲ ਕਰਨ ਵਾਲੀ ਤਮੰਨਾ ਪ੍ਰਜਾਪਤੀ ਦਾ ਉਹਨਾਂ ਦੇ ਗ੍ਰਹਿ ਜੈਤੋ ਵਿਖੇ ਪਹੁੰਚ ਕੇ ਵਿਸ਼ੇਸ ਤੌਰ 'ਤੇ ਸਨਮਾਨ ਚਿੰਨ ਅਤੇ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਜੈ ਚੰਦ ਬੇਂਵਾਲ, ਲੀਗਲ ਐਡਵਾਈਜ਼ਰ ਐਡਵੋਕੇਟ ਅਜੀਤ ਵਰਮਾ, ਸਰਪ੍ਰਸਤ ਚੌਧਰੀ ਹੰਸ ਰਾਜ, ਮੁੱਖ ਸਕੱਤਰ ਅਸ਼ੋਕ ਕੁਮਾਰ ਅਤੇ ਵਿੱਤ ਸਕੱਤਰ ਅਰਜਨ ਰਾਮ ਆਦਿ ਵੀ ਵਿਸ਼ੇਸ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਐਡਵੋਕੇਟ ਅਜੀਤ ਵਰਮਾ ਨੇ ਦੱਸਿਆ ਕਿ ਵਿਦਿਆਰਥਣ ਤਮੰਨਾ ਸਾਡੇ ਪ੍ਰਜਾਪਤ ਸਮਾਜ ਨਾਲ ਹੀ ਸਬੰਧਤ ਹੈ ਅਤੇ ਇਸ ਲਈ ਸਮੂਹ ਪ੍ਰਜਾਪਤ ਸਮਾਜ ਲਈ ਮਾਣ ਦੀ ਗੱਲ ਹੈ ਕਿ ਤਮੰਨਾ ਨੇ ਸਾਰੇ ਦੇਸ਼ ਵਿਦੇਸ਼ ਵਿੱਚ ਬੈਠੇ ਪ੍ਰਜਾਪਤ ਸਮਾਜ ਦੇ ਲੋਕਾਂ ਵਿੱਚ ਸਾਡੇ ਸਮਾਜ ਦਾ ਨਾਮ ਰੌਸ਼ਨ ਕੀਤਾ ਹੈ। ਅੱਗੇ ਸੁਸਾਇਟੀ ਦੇ ਪ੍ਰਧਾਨ ਜੈ ਚੰਦ ਬੇਂਵਾਲ ਅਤੇ ਸਰਪ੍ਰਸਤ ਚੌਧਰੀ ਹੰਸ ਰਾਜ ਨੇ ਦੱਸਿਆ ਕਿ ਸੁਸਾਇਟੀ ਦਾ ਗਠਨ ਅੱਜ ਦੇ ਦਿਨ ਹੀ ਹੋਇਆ ਸੀ ਅਤੇ ਉਸ ਦਿਨ ਵੀ ਸੁਸਾਇਟੀ ਵੱਲੋਂ ਸਮਾਜ ਦੇ ਹੋਣਹਾਰ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ ਸੀ। ਅੱਜ ਤਿੰਨ ਸਾਲ ਬਾਅਦ ਸੰਯੋਗਵਸ਼ ਫਿਰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੇ ਜਨਮ ਦਿਵਸ ਮੌਕੇ ਪ੍ਰਜਾਪਤ ਸਮਾਜ ਦੀ ਟਾਪਰ ਬੇਟੀ ਨੂੰ ਸਨਮਾਨਿਤ ਕਰਨ ਦਾ ਸੁਨਹਿਰੀ ਮੌਕਾ ਮਿਲਿਆ ਹੈ। ਇਸ ਉਪਰੰਤ ਸੁਸਾਇਟੀ ਮੈਂਬਰ ਵੱਲੋ ਤਮੰਨਾ ਨੂੰ ਸਨਮਾਨ ਚਿੰਨ੍ਹ ਭੇਂਟ ਕਰਕੇ ਬੇਟੀ ਅਤੇ ਉਹਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਵਧਾਈਆਂ ਦਿੰਦਿਆਂ ਬੱਚੀ ਨੂੰ ਹੋਰ ਮਨ ਲਾ ਕੇ ਪੜ੍ਹਨ ਕਰਨ ਦੀ ਹੌਂਸਲਾ ਅਫਜਾਈ ਵੀ ਕੀਤੀ।

# ਰਿਸ਼ੂ ਸਿੰਗਲਾ ਕਾਂਗਰਸ ਕਮੇਟੀ ਪਟਿਆਲਾ ਦੇ ਦਿਹਾਤੀ ਦੇ ਜਨਰਲ ਸਕੱਤਰ ਨਿਯੁਕਤ



**ਸਮਾਣਾ, 15 ਅਪ੍ਰੈਲ (ਹਰਜਿੰਦਰ ਸਿੰਘ)** ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਸ. ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਤੇ ਪਟਿਆਲਾ ਜ਼ਿਲਾ ਦਿਹਾਤੀ ਦੀ ਪ੍ਰਧਾਨ ਮੈਡਮ ਗੁਰਸ਼ਰਨ ਕੌਰ ਰੰਧਾਵਾ ਵੱਲੋਂ ਸ੍ਰੀ ਰਿਸ਼ੂ ਸਿੰਗਲਾ ਕਰਹਾਲੀ ਨੂੰ ਜ਼ਿਲਾ ਕਾਂਗਰਸ ਕਮੇਟੀ ਪਟਿਆਲਾ ਦਿਹਾਤੀ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ।

ਇਸ ਨਿਯੁਕਤੀ ਨਾਲ ਪਾਰਟੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ ਹੈ। ਕਾਂਗਰਸ ਕਮੇਟੀ ਪਟਿਆਲਾ ਰੂਰਲ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਰਿਸ਼ੂ ਕਰਹਾਲੀ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਦਿਲੋਂ ਵਧਾਈਆਂ ਦਿੱਤੀਆਂ ਗਈਆਂ।

ਪਾਰਟੀ ਆਗੂਆਂ ਨੇ ਕਿਹਾ ਕਿ ਰਿਸ਼ੂ ਕਰਹਾਲੀ ਦੀ ਇਹ ਨਿਯੁਕਤੀ ਸੰਗਠਨ ਲਈ ਮਾਣ ਵਾਲੀ ਗੱਲ ਹੈ ਅਤੇ ਉਮੀਦ ਜਤਾਈ ਕਿ ਉਹ ਆਪਣੀ ਮੇਹਨਤ, ਨਿਸ਼ਠਾ ਅਤੇ ਲੀਡਰਸ਼ਿਪ ਦੇ ਨਾਲ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਗੇ।

ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਰਵੀਨਾ ਰਾਣੀ ਨੇ ਪੁਸ਼ਪਕ ਪ੍ਰਿੰਟਰ, ਚੱਕ ਰੋਡ ਨੇੜੇ ਖਾਲਸਾ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਮਾਲਵਾ ਬਾਣੀ ਦਫਤਰ, ਖੱਡੀਆਂ ਵਾਲੀ ਗਲੀ, ਹਾਊਸ ਨੰਬਰ 1740 , ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਰਵੀਨਾ ਰਾਣੀ
Rni.PUNPUN/2022/85964

# ਹਰਪਾਲ ਸਿੰਘ (ਨੀਟਾ) ਸੋਢੀ ਕਾਂਗਰਸ ਪਾਰਟੀ ਦੇ ਬਲਾਕ ਮਮਦੋਟ ਦੇ ਪ੍ਰਧਾਨ ਨਿਯੁਕਤ

## ਹਰਪਾਲ ਸੋਢੀ ਪਿਛਲੇ 8 ਸਾਲ ਤੋਂ ਨਿਭਾ ਰਹੇ ਹਨ ਪ੍ਰੈਸ ਕਲੱਬ ਮਮਦੋਟ ਦੇ ਚੇਅਰਮੈਨ ਵਜੋਂ ਸੇਵਾਵਾਂ

**ਮਮਦੋਟ, 15 ਅਪ੍ਰੈਲ (ਗੁਰਪ੍ਰੀਤ ਸਿੰਘ ਸੰਧੂ)** ਪੰਜਾਬ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋ ਜਾਰੀ ਕੀਤੀ ਗਈ ਬਲਾਕ ਪ੍ਰਧਾਨਾ ਦੀ ਲਿਸਟ ਚ ਹਲਕਾ ਫਿਰੋਜਪੁਰ ਦਿਹਾਤੀ ਦੇ ਬਲਾਕ ਮਮਦੋਟ ਤੋ ਸੀਨੀਅਰ, ਟਕਸਾਲੀ ਮਿਹਨਤੀ ਤੇ ਇਮਾਨਦਾਰ ਕਾਂਗਰਸੀ ਆਗੂ ਹਰਪਾਲ ਸਿੰਘ ਨੀਟਾ ਸੋਢੀ ਨੂੰ ਬਲਾਕ ਮਮਦੋਟ ਦੇ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ. ਹਰਪਾਲ ਸੋਢੀ ਨੂੰ ਬਲਾਕ ਮਮਦੋਟ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਵਰਕਰਾਂ ਵਿਚ ਖੁਸ਼ੀ ਦਾ ਮਹੌਲ ਹੈ। ਹਾਈ ਕਮਾਂਡ ਵੱਲੋ ਕੀਤੇ ਐਲਾਨ ਤੋਂ ਬਾਦ ਕਾਂਗਰਸੀ ਵਰਕਰਾ ਵੱਲੋ ਹਰਪਾਲ ਸੋਢੀ ਦੇ ਘਰ ਵਧਾਈਆ ਦੇਣ ਵਾਲਿਆ ਦਾ ਤਾਤਾ ਲੱਗਾ ਹੋਇਆ ਹੈ। ਇਸ ਨਿਯੁਕਤੀ ਤੇ ਫਿਰੋਜਪੁਰ ਦਿਹਾਤੀ ਤੋਂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਡਾ: ਅਮਰਦੀਪ ਸਿੰਘ ਆਸ਼ੂ ਬੰਗੜ ਅਤੇ ਬੀਬਾ ਬਲਜੀਤ ਕੌਰ ਬੰਗੜ ਵੱਲੋ ਹਰਪਾਲ ਸਿੰਘ ਨੀਟਾ ਸੋਢੀ ਦੇ ਬਲਾਕ ਮਮਦੋਟ ਦੇ ਸ਼ਹਿਰੀ ਪ੍ਰਧਾਨ ਬਣਨ ਤੇ ਵਧਾਈ ਦਿੰਦਿਆ ਕਿਹਾ ਹੈ ਕਿ ਇਸ ਨਿਯੁਕਤੀ ਨਾਲ ਹਲਕੇ ਚ ਕਾਂਗਰਸ ਪਾਰਟੀ ਪਹਿਲਾ ਨਾਲੋਂ ਹੋਰ ਮਜਬੂਤ ਹੋਵੇਗੀ । ਜਿਕਰਯੋਗ ਹੈ ਹਰਪਾਲ ਸਿੰਘ ਸੋਢੀ ਜੋ ਕਿ ਇਲਾਕੇ ਵਿਚ ਨੀਟਾ ਸੋਢੀ ਦੇ ਨਾਮ ਨਾਲ ਜਾਣੇ ਜਾਂਦੇ ਹਨ ਪਿਛਲੇ ਕਰੀਬ 30 ਸਾਲਾ ਤੋਂ ਕਾਂਗਰਸ ਪਾਰਟੀ ਦੇ ਸਿਪਾਹੀ ਵਾਗ ਸੇਵਾ ਕਰ ਰਹੇ ਹਨ । ਇਸ ਮੌਕੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਨਵ ਨਿਯੁਕਤ ਪ੍ਰਧਾਨ ਹਰਪਾਲ ਸਿੰਘ ਨੀਟਾ ਨੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ,



ਜਿਲਾ ਪ੍ਰਧਾਨ ਕੁਲਬੀਰ ਸਿੰਘ ਜੀਰਾ, ਹਲਕਾ ਇੰਚਾਰਜ ਆਸ਼ੂ ਬੰਗੜ ਤੇ ਜਿਲਾ ਵਾਈਸ ਪ੍ਰਧਾਨ ਬਲਜੀਤ ਕੌਰ ਬੰਗੜ ਦਾ ਧੰਨਵਾਦ ਕਰਦਿਆ ਵਿਸ਼ਵਾਸ ਦੁਆਇਆ ਪਾਰਟੀ ਬੁਲੰਦੀਆਂ ਤੇ ਪਹੁੰਚਣ ਲਈ ਦਿਨ-ਰਾਤ ਮਿਹਨਤ ਕਰਨਗੇ। ਜਿਕਰਯੋਗ ਹੈ ਕਿ ਨੀਟਾ ਸੋਢੀ ਪਿਛਲੇ ਕਰੀਬ 8 ਸਾਲ ਤੋਂ ਪ੍ਰੈਸ ਕਲੱਬ ਮਮਦੋਟ ਦੇ ਚੇਅਰਮੈਨ ਵਜੋਂ ਵੀ ਬਾਖੂਬੀ ਸੇਵਾਵਾਂ ਨਿਭਾ ਰਹੇ ਹਨ।

ਪ੍ਰੈਸ ਕਲੱਬ ਮਮਦੋਟ ਰਜਿ: ਦੇ ਪ੍ਰਧਾਨ ਤਜਿੰਦਰ ਢੀਂਗੜਾ, ਪੱਤਰਕਾਰ ਸਾਥੀ ਗੁਰਪ੍ਰੀਤ ਸਿੰਘ ਸੰਧੂ, ਜਗਿੰਦਰ ਸਿੰਘ ਭੋਲਾ, ਰਵਿੰਦਰ ਸਿੰਘ ਕਾਲਾ, ਰਜਿੰਦਰ ਹਾਂਡਾ, ਬਲਦੇਵ ਰਾਜ ਸ਼ਰਮਾ, ਜਸਬੀਰ ਸਿੰਘ ਕੰਬੋਜ, ਭੁਪਿੰਦਰ ਨਰੂਲਾ, ਹਰਪ੍ਰੀਤ ਸਿੰਘ, ਸੰਜੀਵ ਮਦਾਨ, ਪੱਤਰਕਾਰ ਸੰਦੀਪ ਸੋਨੀ ਕਮਲ ਸੋਨੂੰ ਗਿੱਲ, ਨਿਸ਼ਾਨ ਸਿੰਘ ਖਾਲਸਾ, ਗੁਰਭੇਜ ਸਿੰਘ ਟਿੱਬੀ ਚੈਅਰਮੈਨ ਮਿਲਕ ਫੈਡ, ਸੁੱਖਵਿੰਦਰ ਸਿੰਘ (ਸੁੱਖਾ) ਜੋਧਪੁਰ, ਗੋਰਾ ਮੁਰਕ ਵਾਲਾ, ਦਵਿੰਦਰ ਸਿੰਘ ਰਹੀਮੇ ਕੇ, ਮਨਪ੍ਰੀਤ ਸਿੰਘ ਸੋਢੀ, ਦਲਬੀਰ ਸਿੰਘ ਵਾਹਕੇ, ਤਰਸੇਮ ਸਿੰਘ ਸਦਰ ਕੇ, ਆਸਾ ਸਿੰਘ ਟਿੱਬੀ ਖੁਰਦ, ਗੁਰਸੇਵਕ ਸਿੰਘ ਭੂਰੇ ਕਲਾ, ਪਸ਼ਵਿੰਦਰ ਸਿੰਘ, ਜਗਜੀਤ ਸਿੰਘ ਜੋਧਪੁਰ, ਬਲਕਾਰ ਸਿੰਘ ਜਾਮਾ ਰੱਖਈਆ, ਦੀਦਾਰ ਸਿੰਘ ਸਾਬਕਾ ਸਰਪੰਚ, ਪਿੱਪਲ ਸਿੰਘ ਸੰਧੂ ਮਮਦੋਟ, ਕਿੱਕਰ ਸਿੰਘ ਸੰਧੂ ਮਮਦੋਟ, ਕਾਲੀ ਮੰਨਚੰਦਾ, ਗੁਰਦੇਵ ਸਿੰਘ ਸਾਬਕਾ ਸਰਪੰਚ, ਬਿੱਟੂ ਮੈਨੀ, ਸੁੱਚਾ ਸਿੰਘ ਟਿੱਬੀ, ਜੰਡ ਸਿੰਘ ਸਰਪੰਚ, ਖੰਡਾ ਸਿੰਘ ਰਾਊ ਕੇ, ਕਾਰਜ ਸਿੰਘ ਚੱਕ ਭੰਗੇਵਾਲਾ ਸ਼ਰਮਾ ਸਿੰਘ ਜਾਮਾ ਰਖਈਆ, ਬੋਹੜ ਸਿੰਘ ਮੱਤੜ ਅਤੇ ਕੁਲਵੰਤ ਸਿੰਘ ਮੱਤੜ, ਸਮੇਤ ਵੱਡੀ ਗਿਣਤੀ ਵਿੱਚ ਆਗੂਆਂ ਨੇ ਹਰਪਾਲ ਸੋਢੀ ਦੀ ਇਸ ਨਿਯੁਕਤੀ ਤੇ ਖੁਸ਼ੀ ਦਾ ਪ੍ਰਗਟਾਵਾਂ ਕਰਦੇ ਹੋਏ ਵਧਾਈਆਂ ਦਿੱਤੀਆਂ.ਇਸ ਮੌਕੇ ਗੱਲਬਾਤ ਕਰਦਿਆਂ ਨਵ ਨਿਯੁਕਤ ਪ੍ਰਧਾਨ ਸੋਢੀ ਨੇ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਜਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ।

# ਮਮਦੋਟ ਦੀ ਅਨਾਜ਼ ਮੰਡੀ ਵਿਖ਼ੇ ਵਿਧਾਇਕ ਰਜਨੀਸ਼ ਦਹੀਆ ਵੱਲੋਂ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ



**ਮਮਦੋਟ 15 ਅਪ੍ਰੈਲ (ਗੁਰਪ੍ਰੀਤ ਸਿੰਘ ਸੰਧੂ)** ਮਮਦੋਟ ਦੀ ਅਨਾਜ਼ ਮੰਡੀ 'ਚ ਅੱਜ ਕਣਕ ਦੀ ਖਰੀਦ ਦੀ ਸ਼ੁਰੂਆਤ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਐਡਵੋਕੇਟ ਰਜਨੀਸ਼ ਕੁਮਾਰ ਦਹੀਆ ਵੱਲੋ ਕੀਤੀ ਗਈ। ਇਸ ਮੌਕੇ ਉਹਨਾਂ ਨਾਲ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਸੈਕਟਰੀ ਬਿਕਰਮਜੀਤ ਸਿੰਘ ਸੰਧੂ ਆਦਿ ਵੀ ਹਾਜ਼ਿਰ ਸਨ। ਇਸ ਮੌਕੇ ਵਿਧਾਇਕ ਦਹੀਆ ਨੇ ਮੰਡੀ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਫਸਲ ਦੀ ਸਮੇਂ-ਸਿਰ ਖਰੀਦ ਅਤੇ ਕਿਸਾਨਾਂ ਨੂੰ ਉਚਿਤ ਕੀਮਤ ਦੇਣ ਲਈ ਪੂਰਾ ਇੰਤਜ਼ਾਮ ਕੀਤਾ ਗਿਆ ਹੈ। ਉਨ੍ਹਾਂ ਨੇ ਮੰਡੀ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਕਿਸੇ ਵੀ ਕਿਸਾਨ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ। ਉਹਨਾਂ ਨੇ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਖਰੀਦ ਦੀ ਪੂਰੀ ਪ੍ਰਕਿਰਿਆ ਪਾਰਦਰਸ਼ੀ ਅਤੇ ਨਿਯਮਾਂ ਅਨੁਸਾਰ ਹੋਏਗੀ। ਉਨ੍ਹਾਂ ਕਿਹਾ ਕਿ ਮਾਪ-ਤੋਲ ਤੋਂ ਲੈ ਕੇ ਭੁਗਤਾਨ ਤੱਕ ਹਰੇਕ ਕਦਮ 'ਤੇ ਧਿਆਨ ਦਿੱਤਾ ਜਾਵੇਗਾ।ਇਸ ਮੌਕੇ ਯਸ਼ਪਾਲ ਗਾਬਾ ਪ੍ਰਧਾਨ ਆੜਤੀਆਂ ਯੂਨੀਅਨ, ਹਰਪ੍ਰੀਤ ਸਿੰਘ ਸੋਢੀ ਆੜਤੀਆਂ, ਨਗਰ ਪੰਚਾਇਤ ਦੇ ਪ੍ਰਧਾਨ ਉਪਿੰਦਰ ਸਿੰਘ ਸਿੰਧੀ, ਦਲਜੀਤ ਸਿੰਘ ਬਾਬਾ, ਐਮਸੀ, ਐਮ ਸੀ ਸੁਰਿੰਦਰ ਕੁਮਾਰ ਸੋਨੂ ਸੇਠੀ, ਤਰਸੇਮ ਸਿੰਘ ਸੋਨੂੰ ਛੱਪੜ, ਚੇਅਰਮੈਨ ਬਲਵਿੰਦਰ ਸਿੰਘ ਰਾਊ ਕੇ, ਸਰਪੰਚ ਗੁਰਨਾਮ ਸਿੰਘ ਹਜਾਰਾ ਸਿੰਘ ਵਾਲਾ, ਬਲਵਿੰਦਰ ਸਿੰਘ ਲੱਡੂ ਸਰਪੰਚ ਹਜਾਰਾ ਸਿੰਘ ਵਾਲਾ, ਸਰਪੰਚ ਸੁਖਦੇਵ ਸਿੰਘ ਸੋਢੀ, ਸਾਜਨ ਐਮ ਸੀ, ਰਣਬੀਰ ਸਿੰਘ ਮਿੱਠਾ ਹਸਨੇ ਵਾਲਾ, ਸੁਭਾਸ਼ ਬੱਤਾ, ਜਸਬੀਰ ਸਿੰਘ ਚੇਅਰਮੈਨ, ਗੁਰਪ੍ਰੀਤ ਸਿੰਘ ਐਮ,ਸੀ ਡਾਕਟਰ ਸੁਰਿੰਦਰ ਕੁਮਾਰ, ਬਲਵੀਰ ਸਿੰਘ ਫੱਤੇ ਵਾਲਾ, ਬਲਵੀਰ ਸਿੰਘ ਜਲੋ ਕੇ, ਸੰਦੀਪ ਸੋਨੀ, ਅਕਾਊਂਟੈਂਟ ਕੁਲਵਿੰਦਰ ਸਿੰਘ ਮਾਰਕੀਟ ਕਮੇਟੀ ਮਮਦੋਟ, ਮੰਡੀ ਸੁਪਰਵਾਈਜ਼ਰ ਸੰਦੀਪ ਸਿੰਘ, ਸੰਜੈ ਗੁਪਤਾ, ਪੂਰਨ ਸਿੰਘ, ਅੰਗਰੇਜ਼ ਸਿੰਘ, ਨਵਦੀਪ ਸਿੰਘ, ਕੁਲਦੀਪ ਸਿੰਘ ਆਦਿ ਵੀ ਮੌਜੂਦ ਸਨ।

# ਛਾਉਣੀ ਬਾਬਾ ਬੰਦਾ ਸਿੰਘ ਬਹਾਦਰ ਵਿਖੇ ਖਾਲਸਾ ਸਾਜਨਾ ਦਿਵਸ ਬੜੀ ਸ਼ਰਧਾ ਨਾਲ ਮਨਾਇਆ




**ਅੰਮ੍ਰਿਤਸਰ, 15 ਅਪ੍ਰੈਲ (ਸੋਨੂ ਨਰੂਲਾ)**- ਖਾਲਸੇ ਦਾ ਸਾਜਨਾ ਦਿਵਸ ਛਾਉਣੀ ਬਾਬਾ ਬੰਦਾ ਸਿੰਘ ਬਹਾਦਰ ਲੋਪੋਕੇ, ਰੋਡ ਚੋਗਾਵਾਂ ਵਿਖੇ ਬਾਬਾ ਰਾਜਨ ਸਿੰਘ ਮੌੜੇ ਕਲਾਂ ਦੀ ਅਗਵਾਈ ਹੇਠ ਮਨਾਇਆ ਗਿਆ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਸਜੇ ਸੁੰਦਰ ਦੀਵਾਨ ਵਿੱਚ ਭਾਈ ਸੰਤੋਖ ਸਿੰਘ ਚੋਗਾਵਾਂ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਕੀਰਤਨ ਤੇ ਗੁਰਮਤ ਵਿਚਾਰਾਂ ਨਾਲ ਨਿਹਾਲ ਕੀਤਾ। ਇਸ ਮੌਕੇ ਬਾਬਾ ਰਾਜਨ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ। ਇਸ ਮੌਕੇ ਚਾਹ ਪਕੌੜਿਆਂ ਸਮੇਤ ਗੁਰੂ ਕੇ ਲੰਗਰ ਅਤੁੱਟ ਵਰਤੇ। ਇਸ ਮੌਕੇ ਸਰਪੰਚ ਦਲਜੀਤ ਸਿੰਘ ਜੀਤ ਜੌਹਲ, ਸਾਬਕਾ ਸਰਪੰਚ ਹਰਦੀਪ ਸਿੰਘ, ਸਾਬਕਾ ਸਰਪੰਚ ਗੁਰਮੀਤ ਸਿੰਘ, ਸੱਜਣ ਸਿੰਘ, ਪਰਮਜੀਤ ਸਿੰਘ ਖਾਲਸਾ ਸਰੀਏ ਵਾਲੇ, ਬਾਬਾ ਨਿਰਮਲ ਸਿੰਘ ਨਿਹੰਗ, ਬਾਬਾ ਸ਼ਿਵਰਾਜ ਸਿੰਘ, ਮਨਵੀਰ ਸਿੰਘ ਭਰਤਪੁਰੀਆ, ਸਤਨਾਮ ਸਿੰਘ, ਅਜੇ ਪ੍ਰਤਾਪ ਸਿੰਘ, ਰਣਜੀਤ ਸਿੰਘ ਟਪਿਆਲਾ, ਕੁਲਵੰਤ ਸਿੰਘ ਭਿੱਟੇਵੱਡ, ਸਤਨਾਮ ਸਿੰਘ ਤੇ ਹਰਪਾਲ ਸਿੰਘ ਠੱਠਾ, ਬਲਦੇਵ ਸਿੰਘ ਠੱਠਾ, ਗੁਰਜੀਤ ਸਿੰਘ ਠੱਠਾ, ਬਾਬਾ ਭੁਪਿੰਦਰ ਸਿੰਘ ਸੌੜੀਆਂ, ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਪਿੰਡ ਮੱਖਣਵਿੰਡੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਯਾਤਰੀਆਂ ਦੀ ਬੱਸ ਨੂੰ ਰਵਾਨਾ ਕੀਤਾ






**ਜੰਡਿਆਲਾ ਗੁਰੂ/ਅੰਮ੍ਰਿਤਸਰ, 15 ਅਪ੍ਰੈਲ (ਸੋਨੂ ਨਰੂਲਾ)** – ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮੱਖਣਵਿੰਡੀ ਤੋਂ "ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ" ਅਧੀਨ ਯਾਤਰੀਆਂ ਦੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਕਿਹਾ ਕਿ ਇਹ ਸਿਰਫ਼ ਇੱਕ ਆਮ ਯਾਤਰਾ ਨਹੀਂ, ਸਗੋਂ ਸਾਡੇ ਵੱਡੇ-ਵਡੇਰਿਆਂ ਦੀ ਸ਼ਰਧਾ, ਭਗਤੀ ਅਤੇ ਆਤਮਿਕ ਸ਼ਾਂਤੀ ਨਾਲ ਜੁੜਿਆ ਇਕ ਪਵਿੱਤਰ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਯੋਜਨਾ ਰਾਹੀਂ ਬਜ਼ੁਰਗਾਂ ਨੂੰ ਵੱਖ-ਵੱਖ ਧਾਰਮਿਕ ਤੀਰਥ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਯੋਜਨਾਵਾਂ ਸਾਡੇ ਸਮਾਜਿਕ ਅਤੇ ਧਾਰਮਿਕ ਮੁੱਲਾਂ ਨੂੰ ਮਜ਼ਬੂਤ ਕਰਦੀਆਂ ਹਨ ਅਤੇ ਬਜ਼ੁਰਗਾਂ ਨੂੰ ਆਦਰ ਦੇਣ ਦੀ ਸੱਭਿਆਚਾਰਕ ਪਰੰਪਰਾ ਨੂੰ ਹੋਰ ਮਜ਼ਬੂਤੀ ਮਿਲਦੀ ਹੈ। ਇਸ ਮੌਕੇ ਉਨ੍ਹਾਂ ਅਰਦਾਸ ਕੀਤੀ ਕਿ ਇਹ ਯਾਤਰਾ ਸਾਰੇ ਯਾਤਰੀਆਂ ਲਈ ਸੁਖਦ, ਸੁਰੱਖਿਅਤ ਅਤੇ ਆਤਮਿਕ ਸੰਤੁਸ਼ਟੀ ਨਾਲ ਭਰਪੂਰ ਹੋਵੇ। ਇਸ ਦੌਰਾਨ ਪਿੰਡ ਵਾਸੀਆਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਯਾਤਰਾ ਦੀ ਸੁਚੱਜੀ ਵਿਵਸਥਾ ਲਈ ਪੂਰੇ ਪ੍ਰਬੰਧ ਕੀਤੇ ਗਏ ਸਨ।

# ਗ੍ਰਾਫਿਕ ਡਿਜ਼ਾਈਨਿੰਗ ਕੋਰਸ ਸਫਲਤਾਪੂਰਵਕ ਸੰਪੰਨ



**ਸ਼੍ਰੀ ਚਮਕੌਰ ਸਾਹਿਬ 15 ਅਪ੍ਰੈਲ (ਅਮਰਜੀਤ ਸਿੰਘ ਕਲਸੀ)** ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ "ਕੈਨਵਾ ਰਾਹੀਂ ਗ੍ਰਾਫਿਕ ਡਿਜ਼ਾਈਨਿੰਗ"ਵਿਸ਼ੇ ਉੱਤੇ ਐਡ-ਆਨ ਸਰਟੀਫਿਕੇਟ ਕੋਰਸ ਸਫਲਤਾਪੂਰਵਕ ਸੰਪੰਨ ਕੀਤਾ ਗਿਆ। ਇਸ ਕੋਰਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਵੀਂ ਤਕਨਾਲੋਜੀ ਨਾਲ ਜੋੜਨਾ, ਉਨ੍ਹਾਂ ਨੂੰ ਆਧੁਨਿਕ ਡਿਜ਼ਿਟਲ ਹੁਨਰ ਪ੍ਰਦਾਨ ਕਰਨਾ ਅਤੇ ਰੋਜ਼ਗਾਰ ਯੋਗ ਬਣਾਉਣਾ ਸੀ। ਇਸ ਕੋਰਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਕੈਨਵਾ ਦੀ ਵਰਤੋਂ ਕਰਕੇ ਗ੍ਰਾਫਿਕ ਡਿਜ਼ਾਇਨਿੰਗ ਦੇ ਪ੍ਰਯੋਗਾਤਮਕ ਪੱਖ ਸਿੱਖੇ। ਕੋਰਸ ਰਾਹੀਂ ਵਿਦਿਆਰਥੀਆਂ ਨੂੰ ਡਿਜ਼ਿਟਲ ਪੋਸਟਰ, ਬੈਨਰ, ਸੋਸ਼ਲ ਮੀਡੀਆ ਡਿਜ਼ਾਇਨ ਅਤੇ ਹੋਰ ਰਚਨਾਤਮਕ ਸਮੱਗਰੀ ਤਿਆਰ ਕਰਨ ਦੀ ਸਿਖਲਾਈ ਦਿੱਤੀ ਗਈ। ਇਸਦੇ ਨਾਲ ਹੀ ਵਿਦਿਆਰਥੀਆਂ ਨੇ ਆਕਰਸ਼ਕ ਰਿਜ਼ਿਊਮੇ ਤਿਆਰ ਕਰਨ ਦੀ ਕਲਾ ਵੀ ਸਿੱਖੀ, ਜੋ ਉਨ੍ਹਾਂ ਦੀ ਭਵਿੱਖੀ ਨੌਕਰੀ ਪ੍ਰਾਪਤੀ ਲਈ ਬਹੁਤ ਲਾਭਕਾਰੀ ਸਾਬਤ ਹੋਵੇਗੀ। ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਡਾ. ਅੰਮ੍ਰਿਤਾ ਨੇ ਕਿਹਾ ਕਿ ਇਹ ਕੋਰਸ ਨੈਸ਼ਨਲ ਐਸੈਸਮੈਂਟ ਐਂਡ ਐਕ੍ਰੈਡਿਟੇਸ਼ਨ ਕੌਂਸਲ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਉਨ੍ਹਾਂ ਨੇ ਦੱਸਿਆ ਕਿ ਆਈ.ਟੀ. ਉਦਯੋਗ ਵਿੱਚ ਇਸ ਕੋਰਸ ਦੀ ਵੱਧ ਮੰਗ ਨੂੰ ਧਿਆਨ ਵਿੱਚ ਰੱਖਦਿਆਂ, ਇਹ ਵਿਦਿਆਰਥੀਆਂ ਦੇ ਤਕਨੀਕੀ ਹੁਨਰਾਂ ਨੂੰ ਹੋਰ ਨਿਖਾਰੇਗਾ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨਾਲ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਅਤੇ ਸਿੱਖਿਆ ਦੀ ਗੁਣਵੱਤਾ ਵਿੱਚ ਵਾਧਾ ਹੁੰਦਾ ਹੈ। ਇਸ ਮੌਕੇ ਤੇ ਪ੍ਰਿੰਸੀਪਲ ਡਾ. ਬਲਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਯਤਨਾਂ ਦੀ ਭਰਪੂਰ ਸਰਾਹਨਾ ਕੀਤੀ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਕੋਰਸ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵਧੀਆ ਰੋਜ਼ਗਾਰ ਦੇ ਮੌਕੇ ਪ੍ਰਾਪਤ ਕਰਨ ਵਿੱਚ ਮਦਦਗਾਰ ਸਾਬਤ ਹੁੰਦੇ ਹਨ।

# ਡਿਪਸ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



**ਗਿੱਦੜਬਾਹਾ, 15 ਅਪ੍ਰੈਲ (ਕੁਲਭੂਸ਼ਣ ਗਰਗ)** ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਰੌਣਕ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਵਿੱਚ ਖਾਸ ਸਵੇਰ ਦੀ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵਿਸਾਖੀ ਦੇ ਮਹੱਤਵ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਵਿਦਿਆਰਥੀਆਂ ਵੱਲੋਂ ਰੰਗ-ਬਿਰੰਗੇ ਪੰਜਾਬੀ ਪਹਿਰਾਵੇ ਪਹਿਨ ਕੇ ਸਕੂਲ ਦਾ ਮਾਹੌਲ ਰੰਗਲਾ ਬਣਾਇਆ ਗਿਆ। ਬੱਚਿਆਂ ਨੇ ਕਵਿਤਾਵਾਂ, ਭਾਸ਼ਣਾਂ ਅਤੇ ਗਿੱਧਾ-ਭੰਗੜਾ ਪ੍ਰਸਤੁਤ ਕਰਕੇ ਸਭ ਦਾ ਮਨ ਮੋਹ ਲਿਆ। ਇਸ ਮੌਕੇ 'ਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸਕ ਅਤੇ ਸਾਂਸਕ੍ਰਿਤਿਕ ਮਹੱਤਵ ਬਾਰੇ ਜਾਣਕਾਰੀ ਦਿੱਤੀ ਅਤੇ ਸਭ ਨੂੰ ਇਸ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ। ਸਕੂਲ ਦੇ ਪ੍ਰਿੰਸੀਪਲ ਮੈਡਮ ਨੇ ਵੀ ਇਸ ਪ੍ਰੋਗਰਾਮ ਦੀ ਸਰਾਹਨਾ ਕੀਤੀ ਅਤੇ ਵਿਦਿਆਰਥੀਆਂ ਨੂੰ ਅੱਗੇ ਵੀ ਇਸ ਤਰ੍ਹਾਂ ਦੇ ਤਿਉਹਾਰਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।



# ਭਗਤ ਧੰਨਾ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਤਿੰਨ ਰੋਜ਼ਾ ਧਾਰਮਿਕ ਸਮਾਗਮ 17 ਅਪ੍ਰੈਲ ਤੋਂ ਸ਼ੁਰੂ

**ਤਪਾ ਮੰਡੀ, 15 ਅਪ੍ਰੈਲ (ਮੇਸੀ ਤਪਾ, ਬੰਟੀ ਦੀਕਸ਼ਿਤ)**: ਭਗਤ ਧੰਨਾ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਿੰਨ ਰੋਜ਼ਾ ਧਾਰਮਿਕ ਸਮਾਗਮਾਂ ਦਾ ਆਗਾਜ਼ 17 ਅਪ੍ਰੈਲ ਤੋਂ ਗੁਰਦੁਆਰਾ ਸਾਹਿਬ ਬਾਬਾ ਨਾਮਦੇਵ ਤਪਾ ਵਿਖੇ ਸ਼ਰਧਾ ਅਤੇ ਭਾਵਨਾ ਨਾਲ ਕੀਤਾ ਜਾਵੇਗਾ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬਾਬਾ ਨਾਮਦੇਵ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜੋਗਿੰਦਰ ਸਿੰਘ ਮੋਗਾ ਨੇ ਦੱਸਿਆ ਕਿ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਸੰਗਤ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ 17 ਅਪ੍ਰੈਲ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦਾ ਪ੍ਰਕਾਸ਼ ਕੀਤਾ ਜਾਵੇਗਾ, ਜਿਨ੍ਹਾਂ ਦੇ ਭੋਗ 19 ਅਪ੍ਰੈਲ ਨੂੰ ਪਾਏ ਜਾਣਗੇ।ਇਸ ਮੌਕੇ ਉਪਰੰਤ ਰਾਗੀ ਸਿੰਘਾਂ ਵੱਲੋਂ ਰਸਭਿੰਨਾ ਕੀਰਤਨ ਕੀਤਾ ਜਾਵੇਗਾ, ਜਿਸ ਨਾਲ ਹਾਜ਼ਰ ਸੰਗਤ ਗੁਰੂ ਘਰ ਦੀ ਬਾਣੀ ਨਾਲ ਜੁੜ ਕੇ ਆਤਮਕ ਅਨੰਦ ਪ੍ਰਾਪਤ ਕਰੇਗੀ।ਇਸ ਸਮਾਗਮ ਵਿੱਚ ਇਲਾਕੇ ਦੀ ਸੰਗਤ ਵੱਡੀ ਗਿਣਤੀ ਵਿੱਚ ਸ਼ਿਰਕਤ ਕਰੇਗੀ ਅਤੇ ਗੁਰਬਾਣੀ ਕੀਰਤਨ ਅਤੇ ਲੰਗਰ ਦੀ ਸੇਵਾ ਦਾ ਲਾਭ ਲਵੇਗੀ।ਕਮੇਟੀ ਦੇ ਮੈਂਬਰਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਧਾਰਮਿਕ ਸਮਾਗਮ ਦਾ ਹਿੱਸਾ ਬਣਨ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਸਾਂਝੀਆਂ ਕਰਨ।ਇਸ ਮੌਕੇ ਚਰਨਜੀਤ ਸਿੰਘ ਪੁਰਬਾ, ਬਲਦੇਵ ਸਿੰਘ, ਹਰਦੀਪ ਪੁਰਬਾ, ਸੁਖਵਿੰਦਰ ਸਿੰਘ ਰਾਜਸਥਾਨੀ, ਜਗਤਾਰ ਜੇਠੂਕੇ, ਬਲਵੰਤ ਸਿੰਘ ਸਰੋਏ, ਮਨਪ੍ਰੀਤ ਸਿੰਘ ਪੁਰਬਾ, ਮਾਸਟਰ ਗਜਿੰਦਰ ਸਿੰਘ, ਨਾਜਰ ਸਿੰਘ, ਬਿੱਕਰ ਸਿੰਘ, ਸੁਰਜੀਤ ਸਿੰਘ ਪੁਰਬਾ ਆਦਿ ਕਮੇਟੀ ਮੈਂਬਰ ਵੀ ਹਾਜ਼ਰ ਰਹੇ।

# ਹਲਕਾ ਵਿਧਾਇਕ ਨੇ 90 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪਾਰਕਾਂ ਦਾ ਕੰਮ ਕਰਵਾਇਆ ਸ਼ੁਰੂ





**ਸਮਾਣਾ 15 ਅਪ੍ਰੈਲ (ਹਰਜਿੰਦਰ ਸਿੰਘ)** ਹਲਕਾ ਵਿਧਾਇਕ ਚੇਤਨ ਸਿੰਘ ਜੋੜਾਮਾਜਰਾ ਨੇ ਸ਼ਹਿਰ ਦੇ ਰਾਮਲੀਲਾ ਗਰਾਊਂਡ ਅਤੇ ਵਾਰਡ ਨੰਬਰ 12 ਵਿੱਚ ਦੋ ਆਧੁਨਿਕ ਪਾਰਕਾਂ ਦਾ ਟੱਕ ਲਗਾ ਕੇ ਕੰਮ ਸ਼ੁਰੂ ਕਰਵਾਇਆ। ਇਸ ਮੌਕੇ ਹਲਕਾ ਵਿਧਾਇਕ ਚੇਤਨ ਸਿੰਘ ਜੋੜਾਮਾਜਰਾ ਨੇ ਦੱਸਿਆ ਕਿ ਇਹ ਆਧੁਨਿਕ ਪਾਰਕ ਕਰੀਬ 90 ਲੱਖ ਰੁਪਏ ਦੀ ਲਾਗਤ ਨਾਲ ਛੇ ਮਹੀਨਿਆਂ ਵਿੱਚ ਤਿਆਰ ਹੋ ਜਾਣਗੇ। ਪਾਰਕ ਵਿੱਚ ਯੋਗਾ ਕਰਨ ਵਾਲੀਆਂ ਮਸ਼ੀਨਾਂ ਤੇ ਹੋਰ ਹਰਬਲ ਦੇ ਦਰਖਤ ਲਗਾਏ ਜਾਣਗੇ। ਜਿਸ ਨਾਲ ਸੈਰ ਕਰਨ ਵਾਲੇ ਲੋਕਾਂ ਨੂੰ ਸਿਹਤ ਦੀ ਤੰਦਰੁਸਤੀ ਲਈ ਵੱਡੀ ਰਾਹਤ ਮਿਲੇਗੀ। ਇਸ ਮੌਕੇ ਕਾਰਜ ਸਾਧਕ ਅਫਸਰ ਅਪਰਅਪਾਰ ਸਿੰਘ ਨੇ ਦੱਸਿਆ ਕਿ ਰਾਮਲੀਲਾ ਗਰਾਊਂਡ ਵਾਲੇ ਪਾਰਕ ਤੇ 49 ਲੱਖ 99 ਹਜਾਰ ਅਤੇ ਵਾਰਡ ਨੰਬਰ 12 ਅਮਾਮਗੜ੍ਹ ਵਾਲੇ ਪਾਰਕ ਵਿੱਚ ਕਰੀਬ 40 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਅਗਰਵਾਲ ਧਰਮਸ਼ਾਲਾ ਪ੍ਰਧਾਨ ਡਾ: ਮਦਨ ਮਿੱਤਲ, ਵਿਸ਼ਾਲ ਜਿੰਦਲ, ਰਾਜ ਕੁਮਾਰ ਸੱਚਦੇਵਾ, ਹੀਰਾ ਜੈਨ, ਸੰਜੇ ਮੰਤਰੀ, ਰਾਜੂ ਛਾਵੜਾ, ਰੰਮੀ ਸ਼ਰਮਾ, ਸੋਨੂ ਕਲਿਆਣ, ਹਰਪ੍ਰੀਤ ਕੂਕਾ, ਗੋਪਾਲ ਕ੍ਰਿਸ਼ਨ ਬਿੱਟੂ, ਬੱਬੂ ਲਾਹੌਰੀਆ, ਜਤਿਨ ਵਰਮਾ ਆਦਿ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਕਹਾਣੀਕਾਰ ਵਰਿਆਮ ਸੰਧੂ ਅਤੇ ਬਵੰਜਾ ਕਵੀਆਂ ਦਾ ਸਨਮਾਨ ਸਮਾਰੋਹ 19 ਅਪ੍ਰੈਲ ਨੂੰ

**ਤਪਾ ਮੰਡੀ, 15 ਅਪ੍ਰੈਲ (ਬੰਟੀ ਦੀਕਸ਼ਿਤ)**: ਸੰਤ ਅਤਰ ਸਿੰਘ ਘੁੰਨਸ ਯਾਦਗਾਰੀ ਸਾਹਿਤਕ ਟਰੱਸਟ ਘੁੰਨਸ ਵੱਲੋਂ ਪ੍ਰਸਿੱਧ ਕਹਾਣੀਕਾਰ ਵਰਿਆਮ ਸਿੰਘ ਅਤੇ ਜ਼ਿਲ੍ਹਾ ਬਰਨਾਲਾ ਦੇ ਬਵੰਜਾ ਕਵੀਆਂ ਦਾ ਸਨਮਾਨ ਸਮਾਰੋਹ 19 ਅਪ੍ਰੈਲ ਨੂੰ ਸਵੇਰੇ 10 ਵਜੇ ਗੁਰਦੁਆਰਾ ਤਪ ਅਸਥਾਨ ਘੁੰਨਸ ਵਿਖੇ ਕਰਵਾਇਆ ਜਾ ਰਿਹਾ ਹੈ।ਜਾਣਕਾਰੀ ਦਿੰਦਿਆਂ ਟਰੱਸਟ ਦੇ ਚੇਅਰਮੈਨ, ਸਾਬਕਾ ਸੰਸਦੀ ਸਕੱਤਰ ਪੰਜਾਬ ਸਰਕਾਰ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸੰਤ ਬਲਵੀਰ ਸਿੰਘ ਘੁੰਨਸ ਨੇ ਦੱਸਿਆ ਕਿ



ਸਨਮਾਨਤ ਕੀਤੇ ਜਾਣ ਵਾਲੇ ਕਵੀਆਂ ਦੇ ਨਾਵਾਂ ਦੀ ਸੂਚੀ ਟਰੱਸਟ ਦੇ ਜਨਰਲ ਸਕੱਤਰ ਅਤੇ ਬਹੁਪੱਖੀ ਲੇਖਕ ਬੂਟਾ ਸਿੰਘ ਚੌਹਾਨ ਨੇ ਸਲਾਹਕਾਰ ਕਮੇਟੀ ਦੇ ਮੈਂਬਰ ਤੇਜਾ ਸਿੰਘ ਤਿਲਕ, ਸ਼ਾਇਰ ਤਰਸੇਮ ਅਤੇ ਡਾ.ਅਮਨਦੀਪ ਸਿੰਘ ਟੱਲੇਵਾਲੀਆ ਨਾਲ ਹਮ ਮਸ਼ਵਰਾ ਹੋ ਕੇ ਮੁਕੰਮਲ ਕਰ ਲਈ ਹੈ ਅਤੇ ਇਸ ਵਿਸ਼ਾਲ ਸਮਾਰੋਹ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ।ਸੰਤ ਘੁੰਨਸ ਨੇ ਕਿਹਾ ਕਿ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਵੱਜੋਂ 1991ਵਿਚ ਹੋਂਦ ਵਿਚ ਲਿਆਂਦੇ ਇਸ ਟਰੱਸਟ ਵੱਲੋਂ ਹੁਣ ਤੱਕ ਜਸਵੰਤ ਸਿੰਘ ਕੰਵਲ, ਸੋਹਣ ਸਿੰਘ ਸੀਤਲ, ਗੁਰਦਿਆਲ ਸਿੰਘ, ਦਲੀਪ ਕੌਰ ਟਿਵਾਣਾ, ਸੰਤੋਖ ਸਿੰਘ ਧੀਰ, ਰਾਮ ਸਰੂਪ ਅਣਖੀ ਅਤੇ ਗੁਰਬਚਨ ਸਿੰਘ ਭੁੱਲਰ ਸਮੇਤ ਪੰਜਾਹ ਤੋਂ ਵੱਧ ਲੇਖਕਾਂ ਨੂੰ ਸਨਮਾਨਿਤ ਕਰ ਚੁੱਕਿਆ ਹੈ।

# ਜ਼ਿਲ੍ਹਾ ਸੰਗਰੂਰ ਵਿੱਚ ਅੱਠਵੇਂ ਰਾਊਂਡ ਦੀ ਮੁਫਤ ਮੂੰਹ ਖੁਰ ਵੈਕਸੀਨੇਸ਼ਨ ਮੁਹਿੰਮ ਦੀ ਕੀਤੀ ਸ਼ੁਰੂਆਤ




**ਸੰਗਰੂਰ 15 ਅਪ੍ਰੈਲ (ਸ਼ਰਮਾ)** ਜਿਲਾ ਸੰਗਰੂਰ ਵਿੱਚ ਪਸ਼ੂ ਧਨ ਨੂੰ ਲਾਗ ਦੀ ਖਤਰਨਾਕ ਬਿਮਾਰੀ ਮੂੰਹ ਖੁਰ ਤੋਂ ਬਚਾਉਣ ਲਈ ਅੱਠਵੇਂ ਰਾਊਂਡ ਦੀ ਟੀਕਾਕਰਨ ਮੁਹਿੰਮ ਦਾ ਅਗਾਜ਼ ਗਊਸ਼ਾਲਾ ਬੇਸਹਾਰਾ ਪਸ਼ੂ ਭਲਾਈ ਸੰਸਥਾ ਉਬਾਵਾਲ ਰੋਡ ਸੰਗਰੂਰ ਤੋਂ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਸੁਖਵਿੰਦਰ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਸੰਗਰੂਰ ਨੇ ਦੱਸਿਆ ਕਿ ਸਰਦਾਰ ਗੁਰਮੀਤ ਸਿੰਘ ਖੁਡੀਆਂ ਕੈਬਨਟ ਮੰਤਰੀ ਪਸ਼ੂ ਪਾਲਣ ਅਤੇ ਰਾਹੁਲ ਭੰਡਾਰੀ ਜੀ ਪ੍ਰਮੁੱਖ ਸਕੱਤਰ ਪਸ਼ੂ ਪਾਲਣ ਪੰਜਾਬ ਸਰਕਾਰ ਜੀ ਦੀਆਂ ਹਦਾਇਤਾਂ ਮੁਤਾਬਕ ਇਸ ਅੱਠਵੇਂ ਰਾਊਂਡ ਤਹਿਤ ਮੂੰਹ ਖੁਰ ਦੀ ਬਿਮਾਰੀ ਤੋਂ ਪਸ਼ੂ ਧਨ ਨੂੰ ਬਚਾਉਣ ਲਈ ਜਿਲ੍ਹੇ ਭਰ ਵਿੱਚ 65 ਟੀਮਾਂ ਦਾ ਗਠਨ ਕੀਤਾ ਗਿਆ ਹੈ ਜੋ ਘਰ ਘਰ ਜਾ ਕੇ 505600 ਪਸ਼ੂਆਂ ਦੇ ਟੀਕਾਕਰਨ ਨੂੰ ਯਕੀਨੀ ਬਣਾਉਣਗੇ।ਇਹ ਮੁਹਿੰਮ 15 ਅਪ੍ਰੈਲ ਤੋਂ 29 ਮਈ ਤੱਕ ਚਲੇਗੀ। ਇਹ ਟੀਕਾਕਰਨ ਬਿਲਕੁਲ ਮੁਫਤ ਕੀਤਾ ਜਾਏਗਾ ਅਤੇ ਇਸਦੀ ਰਜਿਸਟਰੇਸ਼ਨ ਭਾਰਤ ਪਸ਼ੂਧਨ ਪੋਰਟਲ ਤੇ ਨਾਲੋ ਨਾਲ ਕੀਤੀ ਜਾਵੇਗੀ। ਇਸ ਮੌਕੇ ਡਿਪਟੀ ਡਾਇਰੈਕਟਰ ਨੇ ਪਸ਼ੂ ਪਾਲਕਾਂ ਨੂੰ ਇਸ ਮੁਹਿੰਮ ਤਹਿਤ 100% ਟੀਕਾਕਰਨ ਕਰਵਾਉਣ ਦੀ ਅਪੀਲ ਕੀਤੀ। ਸਮੂਹ ਪੰਚਾਇਤਾਂ ਸਮਾਜ ਭਲਾਈ ਕਲੱਬਾਂ, ਸੰਸਥਾਵਾਂ ਨੂੰ ਇਸ ਕੰਮ ਵਿੱਚ ਭਰਪੂਰ ਸਹਿਯੋਗ ਦੀ ਅਪੀਲ ਕੀਤੀ ਗਈ ਤਾਂ ਕਿ ਅਸੀਂ ਆਪਣੇ ਪਸ਼ੂ ਧਨ ਨੂੰ ਲਾਗ ਦੀ ਖਤਰਨਾਕ ਬਿਮਾਰੀ ਤੋਂ ਬਚਾ ਸਕੀਏ ਅਤੇ ਜਿਲਾ ਸੰਗਰੂਰ ਨੂੰ ਐਫਐਮਡੀ ਮੁਕਤ ਜੋਨ ਬਣਾਉਣ ਵਿੱਚ ਆਪਣਾ ਯੋਗਦਾਨ ਪਾਈਏ। ਗਊਸ਼ਾਲਾ ਦੇ ਪ੍ਰਧਾਨ ਸ੍ਰੀ ਨਰੇਸ਼ ਕੁਮਾਰ ਜੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਇਸ ਮੌਕੇ ਡਾ. ਪਰਮਿੰਦਰਜੀਤ ਸਿੰਘ, ਡਾ. ਅਨੁਰਾਧਾ, ਸ੍ਰੀ ਗੁਰਪ੍ਰੀਤ ਸਿੰਘ ਸ੍ਰੀ ਕੁਲਦੀਪ ਸਿੰਘ, ਅਤੇ ਗਊਸ਼ਾਲਾ ਦੇ ਪ੍ਰਬੰਧਕ ਹਾਜ਼ਰ ਰਹੇ।

## ਪੰਜਾਬੀ ਫਿਲਮ ਮਿੰਦੋ ਵਣਜਾਰਨ ਗੱਡੀਆ ਵਾਲੀ-4 ਦੀ ਸ਼ੂਟਿੰਗ ਮੁਕੰਮਲ - ਛਿੰਦਾ ਧਾਲੀਵਾਲ

ਪੰਜਾਬੀ ਫਿਲਮ ਮਿੰਦੋ ਵਣਜਾਰਨ ਗੱਡੀਆ ਵਾਲੀ ਦੇ ਪਹਿਲੇ ਤਿੰਨ ਭਾਗਾ ਦੀ ਅਪਾਰ ਸਫਲਤਾ ਤੋ ਬਾਅਦ, ਪੰਜਾਬੀ ਫਿਲਮ ਮਿੰਦੋ ਵਣਜਾਰਨ ਗੱਡੀਆ ਵਾਲੀ-4 ਦੀ ਸ਼ੂਟਿੰਗ ਮਲੋਟ, ਗਿਦੜਬਾਹਾ ਦੇ ਆਸ ਪਾਸ ਮੁਕੰਮਲ ਕੀਤੀ ਗਈ, ਇਸ ਫਿਲਮ ਦੇ, ਲੇਖਕ ਅਤੇ ਨਿਰਮਾਤਾ ਛਿੰਦਾ ਧਾਲੀਵਾਲ ਕੁਰਾਈ ਵਾਲਾ ਨੇ ਦੱਸਿਆ ਇਸ ਫਿਲਮ ਵਿੱਚ ਪੰਜਾਬੀ ਲੋਕ ਗਾਇਕ ਭਿੰਦੇਸ਼ਾਹ ਰਾਜੋ ਵਾਲੀਆ, ਗਾਇਕਾ ਅਤੇ ਅਦਾਕਾਰਾ ਹਰਮੀਤ ਜੱਸੀ, ਰਮਨ ਮੱਟੂ, ਹੈਪੀ



ਭੁਪਾਲ, ਹੈਪੀ ਔਲਖ, ਕੇ ਐਸ ਬਾਦੀਆ, ਜਗਦੇਵ ਭੂੰਦੜ ਚੰਡੀਗੜ੍ਹ, ਡੀ ਗਿੱਲ, ਹਰਮੀਤ ਲਖਮੀਰੇ ਆਣਾ, ਮੰਦਰ ਬੀਹਲੇ ਵਾਲਾ, ਕੇ ਡੀ ਸਿੰਘ, ਆਦਿ ਕਲਾਕਾਰ ਕੰਮ ਕੀਤਾ ਹੈ, ਇਸ ਫਿਲਮ ਦੇ ਵੀਡੀਓ ਡਾਇਰੈਕਟਰ ਸਤਵੰਤ ਸਿੰਘ ਭੁੱਲਰ ਹਨ, ਇਸ ਫਿਲਮ ਦੇ ਸਹਿ ਡਾਇਰੈਕਟਰ ਹੈਪੀ ਭੁਪਾਲ ਜੀ ਹਨ, ਇਸ ਫਿਲਮ ਦਾ ਸੰਗੀਤ ਨਾਮਵਰ ਮਿਊਜਕ ਡਾਇਰੈਕਟਰ ਡੀ ਗਿੱਲ ਦੁਆਰਾ ਤਿਆਰ ਕੀਤਾ ਜਾਵੇਗਾ, ਇਸ ਫਿਲਮ ਦੀ ਸੂਟਿੰਗ ਮੁਕੰਮਲ ਕੀਤੀ ਗਈ ਹੈ, ਇਸ ਫਿਲਮ ਨੂੰ ਜਲਦੀ ਪੁੱਤ ਪੰਜਾਬ ਦਾ ਚੈਨਲ ਉਤੇ ਰਿਲੀਜ ਕੀਤਾ ਜਾਵੇਗਾ।

**ਛਿੰਦਾ ਧਾਲੀਵਾਲ ਕੁਰਾਈ ਵਾਲਾ**
75082-54006

# ਬਲਾਕ ਪ੍ਰਧਾਨਾਂ ਦੀਆਂ ਨਿਯੁਕਤੀਆਂ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਇਕ ਸਾਬਤ ਹੋਣਗੀਆਂ



**ਤਪਾ ਮੰਡੀ, 15 ਅਪ੍ਰੈਲ (ਬੰਟੀ ਦੀਕਸ਼ਿਤ)**: ਪੰਜਾਬ ਕਾਂਗਰਸ ਪਾਰਟੀ ਵੱਲੋਂ ਹਲਕਾ ਭਦੌੜ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਮੱਦੇਨਜ਼ਰ ਨਵੇਂ ਬਲਾਕ ਅਤੇ ਸ਼ਹਿਰੀ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ ਹੈ। ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਜ਼ਿਲ੍ਹਾ ਬਰਨਾਲਾ ਦੇ ਕਾਂਗਰਸ ਪ੍ਰਧਾਨ ਤੇ ਹਲਕਾ ਬਰਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਵੱਲੋਂ ਹਲਕੇ ਦੇ ਮਿਹਨਤੀ ਅਤੇ ਜੁਝਾਰੂ ਕਾਰਕੁਨਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਨਿਯੁਕਤੀਆਂ ਕੀਤੀਆਂ ਗਈਆਂ। ਕੁਲਵਿੰਦਰ ਸਿੰਘ ਧੌਲਾ ਨੂੰ ਬਲਾਕ ਪ੍ਰਧਾਨ (ਧੌਲਾ), ਗੁਰਤੇਜ ਸਿੰਘ ਸੰਧੂ ਨੂੰ ਬਲਾਕ ਪ੍ਰਧਾਨ (ਸਹਿਣਾ), ਇੰਦਰ ਸਿੰਘ ਭਿੰਦਾ ਨੂੰ ਸ਼ਹਿਰੀ ਪ੍ਰਧਾਨ (ਭਦੌੜ), ਹਰਿੰਦਰ ਸਿੰਘ ਗੋਗੀ ਨੂੰ ਸ਼ਹਿਰੀ ਪ੍ਰਧਾਨ (ਤਪਾ)ਨਿਯੁਕਤ ਕੀਤਾ ਗਿਆ ਹੈ। ਇਨ੍ਹਾਂ ਨਿਯੁਕਤੀਆਂ 'ਤੇ ਹਲਕਾ ਭਦੌੜ ਦੇ ਸਾਬਕਾ ਵਿਧਾਇਕ ਪਿਰਮਲ ਸਿੰਘ ਧੌਲਾ, ਹਲਕਾ ਭਦੌੜ ਦੇ ਕਾਂਗਰਸੀ ਰਾਜਵਿੰਦਰ ਸਿੰਘ ਸ਼ੀਤਲ, ਹਲਕਾ ਭਦੌੜ ਦੇ ਅਮਨਦੀਪ ਸਿੰਘ ਸਾਹੋਕੇ, ਕਾਂਗਰਸੀ ਗੁਰਪ੍ਰੀਤ ਲੱਕੀ ਪੱਖੋ, ਹਲਕਾ ਭਦੌੜ ਕਾਂਗਰਸੀ ਬੀਬੀ ਸੁਰਿੰਦਰ ਕੌਰ ਬਾਲੀਆਂ, ਜਗਸੀਰ ਜੱਗਾ ਰੂੜੇਕੇ (ਕਨੇਡਾ), ਕੌਰ ਸਿੰਘ ਰੂੜੇਕੇ ਕਲਾਂ, ਬਲਵਿੰਦਰ ਸਿੰਘ ਖੀਪਲ, ਬੇਅੰਤ ਸਿੰਘ ਮੌੜ, ਮਹਿੰਦਰ ਪਾਲ ਸ਼ਰਮਾ ਪੱਖੋ, ਮੱਖਣ ਸਿੰਘ ਨੈਣੇਵਾਲੇ, ਸੁਖਵਿੰਦਰ ਸਿੰਘ ਸਹਿਣਾ, ਮਲਕੀਤ ਕੌਰ ਸਹੋਤਾ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਸ਼ਵਨੀ ਆਸ਼ੂ ਭੂਤ, ਅਸ਼ੋਕ ਕੁਮਾਰ ਸੌਕੀ ਭੂਤ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਤਪਾ, ਸੰਜੀਵ ਗਰਗ ਟਿੰਡੋ ਭੂਤ, ਸੰਜੀਵ ਕੁਮਾਰ ਟਾਡਾ ਪ੍ਰਧਾਨ ਸੈਲਰ ਐਸੋਸਈਸਨ ਤਪਾ ਮੰਡੀ, ਸਟੇਟ ਐਵਾਰਡੀ ਪਵਨ ਬਤਾਰਾ, ਮਨੋਜ ਮੌਜੀ ਪੂਨੀਆ, ਵਿਨੋਦ ਗੋਗੀ, ਨਰਿੰਦਰ ਨਿੰਦੀ, ਮਿੰਟਾ ਤਾਜੋਕੇ, ਗੁਰਮੀਤ ਤਾਜੋਕੇ, ਸੁਖਪਾਲ ਸੋਨੀ ਰੂੜੇਕੇ, ਮੋਹਨਾ ਤਾਜੋਕੇ ਅਤੇ ਗੁਰਕੀਰਤ ਸਿੰਘ ਧੂਰਕੋਟ ਸਮੇਤ ਕਈ ਆਗੂਆਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਸਾਰੇ ਆਗੂਆਂ ਨੇ ਸੂਬਾ ਪੱਧਰੀ ਹਾਈਕਮਾਂਡ, ਸੂਬਾ ਪ੍ਰਧਾਨ ਰਾਜਾ ਵੜਿੰਗ, ਕੈਪਟਨ ਸੰਦੀਪ ਸੰਧੂ ਅਤੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਢਿੱਲੋਂ ਦਾ ਧੰਨਵਾਦ ਕੀਤਾ ਅਤੇ ਉਮੀਦ ਜਤਾਈ ਕਿ ਇਹ ਨਿਯੁਕਤੀਆਂ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਇਕ ਸਾਬਤ ਹੋਣਗੀਆਂ।

# ਸਰਕਾਰੀ ਮਿਡਲ ਸਮਾਰਟ ਸਕੂਲ ਬੇਗੋਵਾਲ ਦੇ ਵਿਦਿਆਰਥੀਆਂ ਨੇ ਬੋਰਡ ਪ੍ਰੀਖਿਆਵਾਂ ਵਿੱਚ ਗੱਡੇ ਸਫ਼ਲਤਾ ਦੇ ਝੰਡੇ

## *16 ਵਿਦਿਆਰਥੀਆਂ ਨੇ ਹਾਸਲ ਕੀਤੇ 85% ਤੋਂ ਵੱਧ ਅੰਕ*







**ਮਾਲੇਰਕੋਟਲਾ 15 ਅਪ੍ਰੈਲ (ਸ਼ਰਮਾ)** ਸਿੱਖਿਆ ਦੇ ਖੇਤਰ ਵਿੱਚ ਸਰਕਾਰੀ ਸਕੂਲਾਂ ਦੇ ਵਧਦੇ ਮਿਆਰ ਦੀ ਮਿਸਾਲ ਪੇਸ਼ ਕਰਦਿਆਂ ਸਰਕਾਰੀ ਮਿਡਲ ਸਮਾਰਟ ਸਕੂਲ ਬੇਗੋਵਾਲ ਦਾ ਸਾਲਾਨਾ ਬੋਰਡ ਨਤੀਜਾ ਬੇਹੱਦ ਸ਼ਾਨਦਾਰ ਰਿਹਾ ਹੈ। ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਅੰਕ ਹਾਸਲ ਕਰਕੇ ਨਾ ਸਿਰਫ਼ ਆਪਣੇ ਮਾਪਿਆਂ ਦਾ ਸਿਰ ਉੱਚਾ ਕੀਤਾ, ਸਗੋਂ ਪੂਰੇ ਇਲਾਕੇ ਵਿੱਚ ਸਕੂਲ ਦਾ ਨਾਮ ਰੁਸ਼ਨਾਇਆ ਹੈ। ਨਤੀਜਿਆਂ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਗਿਆ ਕਿ ਵਿਦਿਆਰਥੀ ਗੁਰਜਾਪ ਸਿੰਘ ਨੇ 539 ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਯੁਵਰਾਜ ਸਿੰਘ ਨੇ 534 ਅੰਕਾਂ ਨਾਲ ਦੂਸਰਾ ਅਤੇ ਆਸੀ ਆਨਾ ਨੇ 533 ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਰੁਕਸਾਰ ਨੇ 530 ਅੰਕ ਲੈ ਕੇ ਚੌਥਾ ਅਤੇ ਅਕਸਾ ਨੇ 523 ਅੰਕਾਂ ਨਾਲ ਪੰਜਵਾਂ ਸਥਾਨ ਮੱਲਿਆ। ਸਕੂਲ ਦੇ ਮੁੱਖ ਅਧਿਆਪਕ ਸ੍ਰੀ ਅਵਤਾਰ ਸਿੰਘ ਬਾਲੇਵਾਲ ਨੇ ਇਸ ਇਤਿਹਾਸਕ ਸਫ਼ਲਤਾ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਸਕੂਲ ਦੇ 16 ਵਿਦਿਆਰਥੀਆਂ ਨੇ 85 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ। ਉਹਨਾਂ ਕਿਹਾ ਕਿ ਸਮਾਰਟ ਸਕੂਲ ਬਣਨ ਤੋਂ ਬਾਅਦ ਜਿੱਥੇ ਸਕੂਲ ਦੀਆਂ ਸਹੂਲਤਾਂ ਵਿੱਚ ਵਾਧਾ ਹੋਇਆ ਹੈ, ਉੱਥੇ ਹੀ ਅਧਿਆਪਕਾਂ ਦੀ ਸੁਚੱਜੀ ਅਗਵਾਈ ਅਤੇ ਬੱਚਿਆਂ ਦੀ ਦਿਨ-ਰਾਤ ਦੀ ਮਿਹਨਤ ਸਦਕਾ ਅਜਿਹੇ ਮਾਣਮੱਤੇ ਨਤੀਜੇ ਸਾਹਮਣੇ ਆ ਰਹੇ ਹਨ। ਇਸ ਮੌਕੇ ਮੈਡਮ ਹਰਜਿੰਦਰ ਕੌਰ, ਮੈਡਮ ਸਲੋਨੀ ਰਾਣੀ, ਮੈਡਮ ਗਰੀਮਾ ਅਤੇ ਮੈਡਮ ਨਸਰੀਨ ਨੇ ਜੇਤੂ ਵਿਦਿਆਰਥੀਆਂ ਨੂੰ ਮਠਿਆਈ ਖੁਆ ਕੇ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਇਹ ਬੱਚੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਫ਼ਲਤਾ ਦੀਆਂ ਬੁਲੰਦੀਆਂ ਨੂੰ ਛੂਹਣਗੇ। ਪਿੰਡ ਦੇ ਪਤਵੰਤੇ ਸੱਜਣਾਂ ਅਤੇ ਮਾਪਿਆਂ ਨੇ ਵੀ ਸਕੂਲ ਦੀ ਇਸ ਮਹਾਨ ਪ੍ਰਾਪਤੀ ਲਈ ਸਮੂਹ ਸਟਾਫ਼ ਦੀ ਭਰਪੂਰ ਸ਼ਲਾਘਾ ਕੀਤੀ ਹੈ।

# ਵਿਸਾਖੀ ਮੌਕੇ ਬੇਅਦਬੀ ਖ਼ਿਲਾਫ਼ ਇਤਿਹਾਸਕ ਕਾਨੂੰਨ ਸਰਬਸੰਮਤੀ ਨਾਲ ਪਾਸ : ਡਾ. ਹਰਪਾਲ ਢਿੱਲਵਾਂ

**ਕੋਟਕਪੂਰਾ, 15 ਅਪ੍ਰੈਲ (ਟਿੰਕੂ ਕੁਮਾ)** ਬੀਤੇ ਦਿਨੀਂ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਇੱਕ ਇਤਿਹਾਸਕ ਫੈਸਲਾ ਲੈਂਦਿਆਂ 'ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧਨਾ) ਬਿੱਲ, 2026' ਨੂੰ ਸਦਨ ਵੱਲੋਂ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ। ਇਹ ਕਾਨੂੰਨ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਦੇਸ਼ ਦੇ ਸਭ ਤੋਂ ਸਖ਼ਤ ਕਾਨੂੰਨਾਂ ਵਿੱਚੋਂ ਇੱਕ ਮੰਨਿਆ ਜਾ ਰਿਹਾ ਹੈ। ਇਸ ਮੌਕੇ ਡਾ. ਹਰਪਾਲ ਸਿੰਘ ਢਿੱਲਵਾਂ, ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ, ਨੈਸ਼ਨਲ ਐਵਾਰਡੀ ਅਤੇ ਜ਼ਿਲ੍ਹਾ ਸਕੱਤਰ ਆਮ ਆਦਮੀ ਪਾਰਟੀ ਫ਼ਰੀਦਕੋਟ ਨੇ ਇਸ ਫੈਸਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਦੀ ਰੱਖਿਆ ਲਈ ਇੱਕ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਕਦਮ ਹੈ, ਜੋ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਵਿੱਚ



ਮਹੱਤਵਪੂਰਨ ਭੂਮਿਕਾ ਨਿਭਾਏਗਾ। ਉਨ੍ਹਾਂ ਇਹ ਵੀ ਕਿਹਾ ਕਿ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਮੌਕੇ 'ਤੇ ਲਿਆ ਗਿਆ ਇਹ ਫੈਸਲਾ ਸਿੱਖ ਪੰਥ ਲਈ ਇੱਕ ਇਤਿਹਾਸਕ ਦਿਨ ਹੈ ਅਤੇ ਇਹ ਕਾਨੂੰਨ ਸਮਾਜ ਵਿੱਚ ਅਮਨ-ਸ਼ਾਂਤੀ ਅਤੇ ਧਾਰਮਿਕ ਸਤਿਕਾਰ ਨੂੰ ਹੋਰ ਮਜ਼ਬੂਤ ਕਰੇਗਾ। ਮੁੱਖ ਮੰਤਰੀ ਭਗਵੰਤ ਮਾਨ ਨੇ ਸਦਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਨਵਾਂ ਕਾਨੂੰਨ ਪਿਛਲੀਆਂ ਸਰਕਾਰਾਂ ਦੀਆਂ ਕਮੀਆਂ ਨੂੰ ਦੂਰ ਕਰਦਾ ਹੈ ਅਤੇ ਬੇਅਦਬੀ ਦੇ ਮਾਮਲਿਆਂ ਵਿੱਚ ਤੇਜ਼ ਅਤੇ ਪ੍ਰਭਾਵਸ਼ਾਲੀ ਕਾਰਵਾਈ ਨੂੰ ਯਕੀਨੀ ਬਣਾਉਂਦਾ ਹੈ। ਇਸ ਅਧੀਨ ਅਪਰਾਧਾਂ ਨੂੰ ਗੈਰ-ਜ਼ਮਾਨਤੀ ਕਰਾਰ ਦਿੱਤਾ ਗਿਆ ਹੈ ਅਤੇ ਦੋਸ਼ੀਆਂ ਲਈ ਪੰਜ ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਖ਼ਤ ਸਜ਼ਾ ਦੇ ਨਾਲ 20 ਲੱਖ ਰੁਪਏ ਤੱਕ ਜੁਰਮਾਨੇ ਦੀ ਵੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਮੂਹ ਮਨੁੱਖਤਾ ਦੇ ਸਾਂਝੇ ਗੁਰੂ ਹਨ ਅਤੇ ਉਨ੍ਹਾਂ ਦੀ ਬੇਅਦਬੀ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਕਾਨੂੰਨ ਨਾਲ ਪੰਜਾਬ ਵਿੱਚ ਬੇਅਦਬੀ ਦੀਆਂ ਘਟਨਾਵਾਂ 'ਤੇ ਵੱਡੀ ਰੋਕ ਲੱਗੇਗੀ ਅਤੇ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਮਿਲਣਗੀਆਂ। ਜ਼ਿਕਰਯੋਗ ਹੈ ਕਿ ਇਹ ਬਿੱਲ ਸਦਨ ਵਿੱਚ ਸਾਰੀਆਂ ਰਾਜਨੀਤਿਕ ਪਾਰਟੀਆਂ ਦੀ ਸਹਿਮਤੀ ਨਾਲ ਸਰਬਸੰਮਤੀ ਰਾਹੀਂ ਪਾਸ ਹੋਇਆ, ਜਿਸਨੂੰ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਇਤਿਹਾਸਕ ਮੋੜ ਵਜੋਂ ਦੇਖਿਆ ਜਾ ਰਿਹਾ ਹੈ।

# ਇੰਟਰਨੈਸ਼ਨਲ ਮਿਲੇਨੀਅਮ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ







**ਕੋਟਕਪੂਰਾ, 15 ਅਪ੍ਰੈਲ (ਟਿੰਕੂ ਕੁਮਾਰ)** ਪੰਜਗਰਾਈਂ ਕਲਾਂ ਪਿੰਡ ਨੇੜੇ ਸਥਿੱਤ ਇੰਟਰਨੈਸ਼ਨਲ ਮਿਲੇਨੀਅਮ ਸਕੂਲ ਦੇ ਵਿਦਿਆਰਥੀਆਂ ਨੇ ਵਿਸਾਖੀ ਦਾ ਪਵਿੱਤਰ ਤਿਉਹਾਰ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ। ਇਸ ਮੌਕੇ ਸਕੂਲ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਬੱਚਿਆਂ ਨੇ ਭੰਗੜਾ ਅਤੇ ਗਿੱਧਾ ਪੇਸ਼ ਕੀਤਾ, ਜਿਸ ਵਿੱਚ ਪੰਜਾਬੀ ਸੱਭਿਆਚਾਰ ਦੀ ਇੱਕ ਜੀਵੰਤ ਝਲਕ ਪੇਸ਼ ਕੀਤੀ ਗਈ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸ ਅਤੇ ਖਾਲਸਾ ਪੰਥ ਦੀ ਸਥਾਪਨਾ ਤੋਂ ਜਾਣੂ ਕਰਵਾਇਆ, ਨਾਲ ਹੀ ਇਸ ਦਿਨ ਦੀ ਮਹੱਤਤਾ ਬਾਰੇ ਵੀ ਦੱਸਿਆ। ਵਿਦਿਆਰਥੀਆਂ ਨੇ ਰੰਗੀਨ ਰਵਾਇਤੀ ਪਹਿਰਾਵੇ ਵਿੱਚ ਸਜ ਕੇ ਤਿਉਹਾਰਾਂ ਨੂੰ ਹੋਰ ਰੌਸ਼ਨ ਕੀਤਾ। ਸਕੂਲ ਪ੍ਰਸ਼ਾਸਨ ਵੱਲੋਂ ਚੇਅਰਮੈਨ ਵਾਸੂ ਸ਼ਰਮਾ, ਡਾਇਰੈਕਟਰ ਸੀਮਾ ਸ਼ਰਮਾ, ਚੇਅਰਪਰਸਨ ਰਕਸ਼ੰਦਾ ਸ਼ਰਮਾ, ਡੀਨ ਆਫ਼ ਅਕਾਦਮਿਕ ਵਿਨੋਦ ਵਰਮਾ, ਪ੍ਰਿੰਸੀਪਲ ਨੀਲਮ ਵਰਮਾ ਅਤੇ ਸਮੁੱਚੇ ਸਟਾਫ਼ ਨੇ ਵਿਦਿਆਰਥੀਆਂ, ਸਟਾਫ਼ ਅਤੇ ਮਾਪਿਆਂ ਨੂੰ ਵਿਸਾਖੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ, ਇਹ ਨੋਟ ਕਰਦੇ ਹੋਏ ਕਿ ਅਜਿਹੇ ਤਿਉਹਾਰ ਬੱਚਿਆਂ ਵਿੱਚ ਆਪਣੀ ਸੱਭਿਆਚਾਰ ਅਤੇ ਪਰੰਪਰਾਵਾਂ ਪ੍ਰਤੀ ਜਾਗਰੂਕਤਾ ਪੈਦਾ ਕਰਦੇ ਹਨ। ਅੰਤ ਵਿੱਚ, ਸਾਰੇ ਸਟਾਫ਼ ਮੈਂਬਰ ਅਤੇ ਵਿਦਿਆਰਥੀ ਇਕੱਠੇ ਹੋ ਕੇ ਖੁਸ਼ੀ ਸਾਂਝੀ ਕੀਤੀ ਅਤੇ ਇਸ ਸ਼ੁਭ ਤਿਉਹਾਰ ਨੂੰ ਸੱਚਮੁੱਚ ਯਾਦਗਾਰੀ ਮੌਕਾ ਬਣਾਇਆ। ਸਕੂਲ ਸਟਾਫ਼ ਅਤੇ ਵਿਦਿਆਰਥੀ ਇਸ ਸਮਾਗਮ ਨੂੰ ਦੇਖਣ ਲਈ ਮੌਜੂਦ ਸਨ।

ਮਾਲਵਾ ਬਾਣੀ



# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਖਾਲਸਾ ਸਾਜਨਾ ਦਿਵਸ ਮਨਾਇਆ



ਸ੍ਰੀ ਅਨੰਦਪੁਰ ਸਾਹਿਬ 15 ਅਪ੍ਰੈਲ (ਸੈਣੀ ਨਿੱਕੂਵਾਲ/ ਰਾਣਾ ਹਰੀਵਾਲ) ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ ਖਾਲਸਾ ਸਾਜਨਾ ਦਿਵਸ ਸਬੰਧੀ ਲੈਕਚਰ, ਕਵਿਤਾਵਾਂ ਅਤੇ ਕਵੀਸ਼ਰੀ ਦੀ ਪੇਸ਼ਕਾਰੀ ਕੀਤੀ ਗਈ। ਅਰਦਾਸ ਉਪਰੰਤ ਦੇਗ ਵਰਤਾਈ ਗਈ। ਇਸ ਮੌਕੇ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਖਾਲਸਾ ਸਾਜਨਾ ਦਿਵਸ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ 1699 ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਅਨੰਦਪੁਰ ਸਾਹਿਬ ਵਿਖੇ ਖਾਲਸਾ ਪੰਥ ਦੀ ਸਥਾਪਨਾ ਕੀਤੀ ਗਈ ਸੀ। ਉਨ੍ਹਾਂ ਨੇ ਕਿਹਾ ਕਿ ਗੁਰੂ ਜੀ ਨੇ ਪੰਜ ਪਿਆਰਿਆਂ ਦੀ ਸਾਜਨਾ ਕਰਕੇ ਮਨੁੱਖਤਾ ਨੂੰ ਸੱਚਾਈ, ਬਹਾਦਰੀ, ਸਮਾਨਤਾ ਅਤੇ ਧਰਮ ਦੀ ਰੱਖਿਆ ਕਰਨ ਦਾ ਸੰਦੇਸ਼ ਦਿੱਤਾ। ਖਾਲਸਾ ਪੰਥ ਦੀ ਸਿਰਜਣਾ ਦਾ ਮਕਸਦ ਜ਼ੁਲਮ ਦੇ ਖ਼ਿਲਾਫ ਖੜ੍ਹਾ ਹੋਣਾ ਅਤੇ ਨਿਆਂ ਦੀ ਰੱਖਿਆ ਕਰਨਾ ਸੀ। ਇਸ ਦਿਨ ਤੋਂ ਸਿੱਖਾਂ ਨੂੰ ਇੱਕ ਨਵੀਂ ਪਹਿਚਾਣ ਮਿਲੀ

ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਉਹ ਗੁਰੂ ਸਾਹਿਬ ਦੇ ਦਰਸਾਏ ਰਸਤੇ 'ਤੇ ਚੱਲਣ, ਸੱਚ ਬੋਲਣ, ਮਿਹਨਤ ਕਰਨ ਅਤੇ ਸਮਾਜ ਦੀ ਭਲਾਈ ਲਈ ਯੋਗਦਾਨ ਪਾਉਣ। ਧਾਰਮਿਕ ਅਧਿਆਪਿਕਾ ਮੈਡਮ ਬਲਦੀਪ ਕੌਰ ਨੇ ਵਿਦਿਆਰਥੀਆਂ ਨੂੰ ਖਾਲਸਾ ਸਾਜਨਾ ਦਿਵਸ ਦੇ ਇਤਿਹਾਸ ਬਾਰੇ ਵਿਸਥਾਰ ਨਾਲ ਦੱਸਿਆ। ਇਸ ਮੌਕੇ ਮੈਡਮ ਬਲਦੀਪ ਕੌਰ, ਮੈਡਮ ਆਂਸੂ, ਮੈਡਮ ਸਪਨਾ ਰਾਣੀ, ਮੈਡਮ ਜਸਪ੍ਰੀਤ ਕੌਰ ਤੋਂ ਇਲਾਵਾ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਸਰਕਾਰੀ ਹਾਈ ਸਕੂਲ ਰੜ੍ਹ ਦੀ ਖੁਸ਼ਪ੍ਰੀਤ ਕੌਰ ਨੇ ਪੰਜਾਬ ਦੀ ਮੈਰਿਟ ਸੂਚੀ ਵਿੱਚ 12ਵਾਂ ਤੇ ਜਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ

### ਪਿੰਡ ਵਾਸੀਆਂ ਤੇ ਸਟਾਫ ਵੱਲੋਂ ਵਿਦਿਆਰਥਣ ਦੇ ਸਨਮਾਨ ਲਈ ਕੱਢੀ ਰੈਲੀ, ਸਮੂਹ ਸਟਾਫ ਵੱਲੋਂ 5100 ਦੀ ਨਕਦ ਰਾਸ਼ੀ ਨਾਲ ਕੀਤਾ ਸਨਮਾਨ





ਮਾਨਸਾ, 15 ਅਪ੍ਰੈਲ (ਗੋਪਾਲ ਅਕਲੀਆ): ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ ਜਮਾਤ ਦੀ ਪ੍ਰੀਖਿਆ ਦੇ ਐਲਾਨੇ ਗਏ ਨਤੀਜੇ ਵਿੱਚੋਂ ਸਰਕਾਰੀ ਹਾਈ ਸਕੂਲ ਰੜ੍ਹ ਦੀ ਵਿਦਿਆਰਥਣ ਨੇ ਪੰਜਾਬ ਦੀ ਮੈਰਿਟ ਸੂਚੀ ਵਿੱਚ 12ਵਾਂ ਸਥਾਨ ਹਾਸਲ ਕਰਕੇ ਇਸ ਸਕੂਲ ਅਤੇ ਇਲਾਕੇ ਦਾ ਨਾਮ ਪੂਰੇ ਪੰਜਾਬ ਵਿੱਚ ਚਮਕਾਇਆ ਹੈ। ਪੀ.ਟੀ.ਆਈ. ਸਮਰਜੀਤ ਸਿੰਘ ਬੱਬੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਪੁੱਤਰੀ ਗੁਰਜੀਤ ਸਿੰਘ ਨੇ ਅੱਠਵੀਂ ਜਮਾਤ ਦੀ ਬੋਰਡ ਪ੍ਰੀਖਿਆ ਵਿੱਚ 600 ਅੰਕਾਂ ਵਿੱਚੋਂ 588 (98 ਫੀਸਦੀ) ਅੰਕ ਪ੍ਰਾਪਤ ਕਰਕੇ ਪੰਜਾਬ ਦੀ ਮੈਰਿਟ ਸੂਚੀ ਵਿੱਚ 12ਵਾਂ ਸਥਾਨ ਅਤੇ ਜਿਲ੍ਹਾ ਮਾਨਸਾ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਨੇ ਅੱਗੇ ਦੱਸਿਆ ਕਿ ਸਮੁੱਚੇ ਪਿੰਡ ਵਾਸੀਆਂ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਇਸ ਵਿਦਿਆਰਥਣ ਲਈ ਪਿੰਡ ਵਿੱਚ ਇੱਕ ਸਨਮਾਨ ਰੈਲੀ ਕੱਢੀ ਗਈ। ਰੈਲੀ ਦੌਰਾਨ ਖੁੱਲ੍ਹੀ ਜੀਪ ਵਿੱਚ ਸਵਾਰ ਵਿਦਿਆਰਥਣ ਖੁਸ਼ਪ੍ਰੀਤ ਕੌਰ ਦਾ ਪਿੰਡ ਵਾਸੀਆਂ ਵੱਲੋਂ ਹਾਰ ਪਾ ਕੇ ਸਨਮਾਨ ਕੀਤਾ ਗਿਆ ਅਤੇ ਚੰਗੇਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਸਕੂਲ ਸਟਾਫ ਵੱਲੋਂ ਮੈਰਿਟ ਵਿੱਚ ਆਈ ਵਿਦਿਆਰਥਣ ਦਾ 5100 ਰੁਪਏ ਦੀ ਨਕਦ ਰਾਸ਼ੀ ਅਤੇ ਟਰਾਫੀ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਸਕੂਲ ਇੰਚਾਰਜ ਮਨਦੀਪ ਸਿੰਘ, ਸਮਰਜੀਤ ਸਿੰਘ ਬੱਬੀ, ਡਾ. ਕੁਲਵਿੰਦਰ ਸਿੰਘ, ਹਰਦੀਪ ਸਿੰਘ, ਬਲਕਰਨ ਸਿੰਘ, ਰਾਜੇਸ਼ ਕੁਮਾਰ, ਸੁਖਵਿੰਦਰ ਕੌਰ, ਸੁਖਦੀਪ ਕੌਰ, ਸਰਬਜੀਤ ਕੌਰ, ਅੰਗਰੇਜ ਸਿੰਘ, ਦਰਸ਼ਨ ਸਿੰਘ, ਸਿਹਤ ਇੰਸਪੈਕਟਰ ਜਗਦੀਸ਼ ਸਿੰਘ ਪੱਖੋ, ਸੀਨੀਅਰ ਆਗੂ ਸਾਬਕਾ ਬਲਦੇਵ ਸਿੰਘ ਰੜ੍ਹ , ਕਾਲਾ ਸਿੰਘ ਰੜ੍ਹ ਨੇ ਇਸ ਪ੍ਰਾਪਤੀ ਲਈ ਖੁਸ਼ਪ੍ਰੀਤ ਕੌਰ ਨੂੰ ਵਧਾਈ ਦਿੰਦਿਆਂ ਉਮੀਦ ਕੀਤੀ ਕਿ ਇਹ ਵਿਦਿਆਰਥਣ ਭਵਿੱਖ ਵਿੱਚ ਵੀ ਹੋਰ ਵੱਡੀਆਂ ਪ੍ਰਾਪਤੀਆਂ ਕਰਕੇ ਇਸ ਸਕੂਲ ਅਤੇ ਆਪਣੇ ਮਾਤਾ-ਪਿਤਾ ਨਾਮ ਰੌਸ਼ਨ ਕਰਦੀ ਰਹੇਗੀ। ਇਸ ਮੌਕੇ ਵਿਦਿਆਰਥਣ ਦੇ ਪਰਿਵਾਰਕ ਮੈਂਬਰ, ਸਰਕਾਰੀ ਹਾਈ ਸਕੂਲ ਰੜ੍ਹ, ਸਰਕਾਰੀ ਪ੍ਰਾਇਮਰੀ ਸਕੂਲ ਰੜ੍ਹ ਦੇ ਸਮੁੱਚੇ ਸਟਾਫ ਸਮੇਤ ਪਿੰਡ ਵਾਸੀ ਅਤੇ ਵਿਦਿਆਰਥੀ ਮੌਜੂਦ ਸਨ।

# ਜਿਲ੍ਹੇ ਦੇ ਲੋਕਾਂ ਨੂੰ ਡੇਂਗੂ ਤੋਂ ਬਚਾਉਣ ਲਈ ਸਿਹਤ ਵਿਭਾਗ ਵਲੋਂ ਲਗਾਤਾਰ ਕੀਤੀਆ ਜਾ ਰਹੀਆਂ ਹਨ ਗਤੀਵਿਧੀਆਂ



ਸ੍ਰੀ ਮੁਕਤਸਰ ਸਾਹਿਬ, 15 ਅਪ੍ਰੈਲ (ਲੱਕੀ ਚੜੇਵਾਨ) ਸਿਹਤ ਵਿਭਾਗ ਸ੍ਰੀ ਮੁਕਤਸਰ ਸਾਹਿਬ ਵਲੋਂ ਲੋਕਾਂ ਨੂੰ ਡੇਂਗੂ ਤੋਂ ਬਚਾਉਣ ਅਗੇਤੇ ਪ੍ਰਬੰਧ ਕਰਨ ਸ਼ੁਰੂ ਕਰਨ ਦਿੱਤੇ ਗਏ ਹਨ। ਜਿਸ ਦੇ ਤਹਿਤ ਸਿਹਤ ਵਿਭਾਗ ਵਲੋਂ ਡੇਂਗੂ ਦੀ ਬੀਮਾਰੀ ਤੋਂ ਲੋਕਾਂ ਨੂੰ ਬਚਾਉਣ ਲਈ ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ ਹਨ ਜੋ ਕਿ ਸ਼ਹਿਰ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਵਿਚ ਘਰ ਘਰ ਜਾ ਕੇ ਡੇਂਗੂ ਦੇ ਫੈਲਣ ਤੋਂ ਬਚਾਅ ਸਬੰਧੀ ਗਤੀਵਿਧੀਆਂ ਕਰ ਰਹੀਆਂ ਹਨ ਅਤੇ ਲੋਕਾਂ ਨੂੰ ਜਾਗਰੂਕ ਕਰ ਰਹੀਆਂ ਹਨ। ਇਸ ਇਸ ਸਬੰਧ ਵਿਚ ਡਾ ਸੁਨੀਲ ਬਾਂਸਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਗਰਮੀ ਦਾ ਮੌਸਮ ਸ਼ੁਰੂ ਹੋ ਚੁੱਕਿਆ ਹੈ ਇਸ ਕਰਕੇ ਮੱਛਰਾਂ ਦੀ ਪੈਦਾਇਸ਼ ਵਿਚ ਵਾਧਾ ਹੋ ਸਕਦਾ ਹੈ ਜਿਸ ਨਾਲ ਡੇਂਗੂ ਵਰਗੀਆਂ ਭਿਆਨਕ ਬੀਮਾਰੀਆਂ ਫੈਲਣ ਦਾ ਖਤਰਾ ਬਣ ਜਾਂਦਾ ਹੈ ।ਇਸ ਲਈ ਸਿਹਤ ਵਿਭਾਗ ਵਲੋਂ ਡੈਂਗੂ ਦੇ ਫੈਲ਼ਣ ਤੋਂ ਬਚਾਅ ਲਈ ਅਗੇਤੇ ਪ੍ਰਬੰਧ ਸ਼ੁਰੂ ਕਰ ਦਿੱਤੇ ਗਏ ਹਨ, ਜਿਸ ਦੇ ਤਹਿਤ ਸਿਹਤ ਵਿਭਾਗ ਵਲੋਂ ਟੀਮਾਂ ਬਣਾਈਆਂ ਗਈਆਂ ਹਨ ਜੋ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਵਿਚ ਵੱਖ ਵੱਖ ਏਰੀਏ ਵਿਚ ਘਰ ਘਰ ਜਾ ਕੇ ਡੇਂਗੂ ਦੇ ਫੈਲਣ ਤੋਂ ਬਚਾਅ ਸਬੰਧੀ ਗਤੀਵਿਧੀਆਂ ਕਰ ਰਹੀਆ ਹਨ ਅਤੇ ਇਹ ਗਤੀਵਿਧੀਆ ਹੁਣ ਲਗਾਤਾਰ ਜਾਰੀ ਰਹਿਣਗੀਆਂ। ਉਨ੍ਹਾ ਕਿਹਾ ਕਿ ਅੱਜ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਵਿਚ ਟੀਮਾਂ ਵਲੋਂ ਅਬੋਹਰ ਰੋਡ, ਗੋਨੇਆਣਾ ਰੋਡ, ਬੱਸ ਸਟੈਂਡ ਦੇ ਨੇੜੇ ਦਾ ਏਰੀਏ ਵਿਚ ਜਾ ਕੇ ਡੇਂਗੂ ਵਿਰੋਧੀ ਗਤੀਵਿਧੀਆਂ ਕੀਤੀਆਂ ਗਈਆਂ ਅਤੇ ਖੜੇ ਪਾਣੀ ਵਿੱਚ ਲਾਰਵਾ ਵਿਰੋਧੀ ਸਪਰੇਅ ਕੀਤਾ ਗਿਆ ਅਤੇ ਲੋਕਾਂ ਨੂੰ ਡੇਂਗੂ ਪ੍ਰਤੀ ਜਾਣਕਾਰੀ ਦਿੱਤੀ ਅਤੇ ਘਰਾਂ ਵਿੱਚ ਖੜੇ ਪਾਣੀ ਵਿੱਚ ਪੈਦਾ ਹੋ ਰਹੇ ਮੱਛਰਾਂ ਦੇ ਲਾਰਵੇ ਨੂੰ ਮੌਕੇ ਤੇ ਨਸ਼ਟ ਕਰਵਾਇਆ ਗਿਆ।ਉਨ੍ਹਾ ਕਿਹਾ ਕਿ ਡੇਂਗੂ ਦੀ ਬੀਮਾਰੀ ਤੋਂ ਬਚਣ ਲਈ ਕੁਝ ਸਾਵਧਾਨੀਆਂ ਵਰਤਣ ਦੀ ਜਰੂਰਤ ਹੈ। ਡੇਂਗੂ ਦੇ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਏ.ਐਮ.ਓ. ਵਿਨੋਦ ਕੁਮਾਰ, ਲਾਲ ਚੰਦ ਹੈਲਥ ਇੰਸਪੈਕਟਰ, ਸਿਹਤ ਵਰਕਰ ਸ਼ਮਸ਼ੇਰ ਸਿੰਘ, ਮਨੀਸ਼ ਕੁਮਾਰ, ਅਮਨਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਵਕੀਲ ਸਿੰਘ ਅਤੇ ਬ੍ਰੀਡਿੰਗ ਚੈਕਰ ਹਾਜਰ ਸਨ।

# ਐਸ.ਡੀ.ਐਮ. ਸ੍ਰੀ ਮੁਕਤਸਰ ਸਾਹਿਬ ਨੇ ਕਣਕ ਦੀ ਪਰਾਲੀ ਦੀ ਸੁਚੱਜੀ ਸੰਭਾਲ ਲਈ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



ਸ੍ਰੀ ਮੁਕਤਸਰ ਸਾਹਿਬ, 15 ਅਪ੍ਰੈਲ (ਮਾਲਵਾ ਬਾਣੀ) ਅਮਿਤ ਕੁਮਾਰ ਪੰਚਾਲ ਮਾਣਯੋਗ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਅਤੇ ਜਗਸੀਰ ਸਿੰਘ ਮੁੱਖ ਖੇਤੀਬਾੜੀ ਅਫਸਰ ਦੀ ਯੋਗ ਅਗਵਾਈ ਹੇਠ ਕਣਕ ਦੀ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਲਈ ਬਲਾਕ ਸ੍ਰੀ ਮੁਕਤਸਰ ਸਾਹਿਬ ਵੱਲੋਂ ਇੱਕ ਜਾਗਰੂਕਤਾ ਵੈਨ ਚਲਾਈ ਗਈ। ਇਸ ਵੈਨ ਨੂੰ ਗੁਰਕਿਰਨਦੀਪ ਸਿੰਘ ਸਿੱਧੂ, ਐਸ.ਡੀ.ਐਮ. ਸ੍ਰੀ ਮੁਕਤਸਰ ਸਾਹਿਬ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਜਾਗਰੂਕਤਾ ਵੈਨ ਬਲਾਕ ਦੇ ਸਾਰੇ ਪਿੰਡਾਂ ਵਿੱਚ ਪਹਿਲਾਂ ਤੋਂ ਤਿਆਰ ਪ੍ਰੋਗਰਾਮ ਅਨੁਸਾਰ ਦੌਰਾ ਕਰੇਗੀ ਅਤੇ ਸਪੀਕਰ ਰਾਹੀਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਇਸ ਦੇ ਸੁਚੱਜੇ ਪ੍ਰਬੰਧ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਮੌਕੇ ਐਸ.ਡੀ.ਐਮ. ਗੁਰਕਿਰਨਦੀਪ ਸਿੰਘ ਸਿੱਧੂ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਸਰਕਾਰ ਵੱਲੋਂ ਚਲਾਈ ਗਈ ਇਸ ਮਹੱਤਵਪੂਰਨ ਮੁਹਿੰਮ ਵਿੱਚ ਭਾਗੀਦਾਰ ਬਣਨ ਅਤੇ ਮਨੁੱਖੀ ਸਿਹਤ, ਮਿੱਟੀ ਦੀ ਉਪਜਾਊ ਸ਼ਕਤੀ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਵਾਤਾਵਰਣ ਪ੍ਰਦੂਸ਼ਣ ਵੱਧਦਾ ਹੈ ਅਤੇ ਇਸ ਨਾਲ ਸਿਹਤ ਤੇ ਖੇਤੀਬਾੜੀ ਦੋਹਾਂ 'ਤੇ ਨੁਕਸਾਨਦਾਇਕ ਅਸਰ ਪੈਂਦਾ ਹੈ।

ਇਸ ਮੌਕੇ ਸਹਾਇਕ ਪੌਦਾ ਸੁਰੱਖਿਆ ਅਫਸਰ ਰਾਜਵਿੰਦਰ ਸਿੰਘ ਵੱਲੋਂ ਵੀ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਮੋਬਾਈਲ ਫੋਨਾਂ ਵਿੱਚ "ਆਈ-ਖੇਤ ਐਪ"ਡਾਊਨਲੋਡ ਕਰਨ ਅਤੇ ਆਪਣੇ ਇਲਾਕੇ ਵਿੱਚ ਉਪਲਬਧ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਦੇ ਹੋਏ ਕਣਕ ਦੀ ਪਰਾਲੀ ਦੀ ਰਹਿੰਦ-ਖੂਹਦ ਨੂੰ ਜ਼ਮੀਨ ਵਿੱਚ ਮਿਲਾਇਆ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਤੋਂ ਪੂਰੀ ਤਰ੍ਹਾਂ ਪਰਹੇਜ਼ ਕੀਤਾ ਜਾਵੇ ਤਾਂ ਜੋ ਅਸੀਂ ਆਪਣੀ ਸਿਹਤ ਦੀ ਰੱਖਿਆ ਕਰ ਸਕੀਏ ਅਤੇ ਆਉਣ ਵਾਲੀ ਪੀੜ੍ਹੀ ਨੂੰ ਸਿਹਤਮੰਦ ਧਰਤੀ ਦੇ ਸਕੀਏ। ਇਸ ਮੌਕੇ ਅਰਿੰਦਰਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ, ਸਬ ਇੰਸਪੈਕਟਰ ਹੈਰੀ, ਜੂਨੀਅਰ ਟੈਕਨੀਸ਼ੀਅਨ ਦਿਨੇਸ਼ ਕੁਮਾਰ, ਬਲਜਿੰਦਰ ਸਿੰਘ, ਦੀਪਕ ਕੁਮਾਰ , ਕਿਸਾਨ ਵੀਰ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਸੇਂਟ ਜ਼ੇਵੀਅਰਜ ਸਕੂਲ 'ਚ ਮਨਾਇਆ ਵਿਸਾਖੀ ਦਾ ਤਿਉਹਾਰ




ਰਾਮਪੁਰਾ ਫੂਲ, 15 ਅਪ੍ਰੈਲ (ਮਨਪ੍ਰੀਤ ਮਿੰਟੂ) ਸੇਂਟ ਜ਼ੇਵੀਅਰਜ ਸਕੂਲ ਰਾਮਪੁਰਾ ਫੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਪੂਜਣ ਕਰਕੇ ਕੀਤੀ ਗਈ। ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਰਾਹੀਂ ਪ੍ਰਮਾਤਮਾ ਨੂੰ ਧਿਆਇਆ ਤੇ ਪੰਡਾਲ ਵਿੱਚ ਬੈਠੇ ਸਾਰੇ ਸਰੋਤਿਆਂ ਨੂੰ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਪ੍ਰੋਗਰਾਮ ਨੂੰ ਅੱਗੇ ਵਧਾਉਂਦੇ ਹੋਏ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਗੀਤ ਪੇਸ਼ ਕੀਤਾ। ਗੀਤ ਰਾਹੀਂ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਦੀ ਤਸਵੀਰ ਹਰ ਇੱਕ ਦੇ ਮਨ ਵਿੱਚ ਉਜਾਗਰ ਕਰ ਦਿੱਤੀ। ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬ ਦੇ ਇਸ ਦਿਨ ਦੇ ਇਤਿਹਾਸ ਨੂੰ ਦਰਸਾਉਂਦਾ ਇੱਕ ਨਾਟਕ ਪੇਸ਼ ਕੀਤਾ। ਜਿਸ ਰਾਹੀਂ ਵਿਦਿਆਰਥੀਆਂ ਨੇ ਜਲਿਆਂਵਾਲੇ ਬਾਗ ਦੀ ਘਟਨਾ ਨੂੰ ਹੂਬਹੂ ਪੇਸ਼ ਕਰਕੇ ਸ਼ਹੀਦਾਂ ਨੂੰ ਨਮਨ ਕੀਤਾ । ਸਕੂਲ ਦੇ ਮੈਨੇਜਰ ਫਾਦਰ ਆਂਦਰੇ ਫਰਨਾਂਡਿਜ ਨੇ ਆਪਣੇ ਪ੍ਰੇਰਣਾਦਾਇਕ ਭਾਸ਼ਣ ਰਾਹੀ ਵਿਦਿਆਰਥੀਆਂ ਨੂੰ ਵਿਸਾਖੀ ਦੀ ਮਹੱਹਤਾ, ਗੁਰੂਆਂ , ਪੰਜਾਬੀ ਸੱਭਿਆਚਾਰ, ਕਿਰਸਾਨੀ ਜੀਵਨ, ਵੀਰਤਾ ਤੇ ਨਵੇਂ ਸਾਲ ਦੀ ਸ਼ੁਰੂਆਤ ਬਾਰੇ ਦੱਸਿਆ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂਆਂ ਦੀਆਂ ਦਿੱਤੀਆਂ ਸਿੱਖਿਆਵਾਂ ਤੇ ਚੱਲਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਪਵਿੱਤਰ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਗੁਰੂਆਂ ਦੀਆਂ ਸਿੱਖਿਆਵਾਂ ਨੂੰ ਅਪਣਾ ਕੇ ਆਪਣਾ ਜੀਵਨ ਸਫ਼ਲ ਬਣਾਉਣ ਦਾ ਨਿੱਘਾ ਸੱਦਾ ਦਿੱਤਾ।ਕੋਆਰਡੀਨੇਟਰ ਮੈਡਮ ਪ੍ਰੇਮ ਲਤਾ ਨੇ ਆਪਣੇ ਭਾਸ਼ਣ ਰਾਹੀਂ ਵਿਦਿਆਰਥੀਆਂ ਨੂੰ ਚੰਗੇ ਨਾਗਰਿਕ ਬਨਣ ਤੇ ਦੇਸ ਦੀ ਸੇਵਾ ਕਰਨ ਲਈ ਪ੍ਰੇਰਿਆ। ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਕੀਤੀ ਗਈ।

# ਐਸਐਸਐਮ ਕਾਲਜ ਨੇ ਐਮਏ ਹਿੰਦੀ ਦੇ ਰਿਜ਼ਲਟ 'ਚ ਮਾਰੀਆਂ ਮੱਲਾਂ, ਪਹਿਲੇ ਤੇ ਤੀਸਰੇ ਸਮੈਸਟਰ ਦਾ ਨਤੀਜਾ ਰਿਹਾ ਸ਼ਾਨਦਾਰ

### ਪ੍ਰਿੰਸੀਪਲ ਡਾ. ਆਰ.ਕੇ. ਤੁਲੀ ਨੇ ਚੰਗੇ ਰਿਜ਼ਲਟ ਲਈ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਦਿੱਤੀ ਵਧਾਈ



ਦੀਨਾਨਗਰ/ਗੁਰਦਾਸਪੁਰ, 15 ਅਪ੍ਰੈਲ (ਸਰਬਜੀਤ ਸਾਗਰ) - ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਐਮਏ ਹਿੰਦੀ ਪਹਿਲਾ ਤੇ ਤੀਸਰਾ ਸਮੈਸਟਰ ਦੇ ਨਤੀਜੇ ਵਿੱਚ ਐਸਐਸਐਮ ਕਾਲਜ ਦੀਨਾਨਗਰ ਦੇ ਵਿਦਿਆਰਥੀਆਂ ਨੇ ਮੱਲਾਂ ਮਾਰਦਿਆਂ ਸ਼ਾਨਦਾਰ ਨਤੀਜਾ ਹਾਸਲ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਆਰ.ਕੇ. ਤੁਲੀ ਨੇ ਦੱਸਿਆ ਕਿ ਐਮਏ ਹਿੰਦੀ ਪਹਿਲਾ ਸਮੈਸਟਰ ਵਿੱਚ ਵਿਦਿਆਰਥਣ ਅੰਜਲੀ ਨੇ 7.00 ਐਸਜੀਪੀਏ ਦੇ ਨਾਲ ਯੂਨੀਵਰਸਿਟੀ ਵਿੱਚੋਂ 6ਵਾਂ ਸਥਾਨ ਪ੍ਰਾਪਤ ਕੀਤਾ ਹੈ ਜਦਕਿ ਵਰੁਣ ਅਤੇ ਮਨਪ੍ਰੀਤ ਨੇ 6.80 ਐਸਜੀਪੀਏ ਦੇ ਨਾਲ ਯੂਨੀਵਰਸਿਟੀ ਵਿੱਚੋਂ 7ਵਾਂ ਸਥਾਨ ਲਿਆ ਹੈ। ਇਸੇ ਤਰ੍ਹਾਂ ਨਵਜੋਤ ਨੇ 6.80 ਐਸਜੀਪੀਏ ਨਾਲ 8ਵਾਂ ਸਥਾਨ, ਜਸ਼ਨਦੀਪ ਕੌਰ, ਦੀਪਿਕਾ, ਨਵਕਿਰਨ ਨੇ 6.40 ਐਸਜੀਪੀਏ ਦੇ ਨਾਲ 9ਵਾਂ ਸਥਾਨ ਹਾਸਲ ਕੀਤਾ ਹੈ।

ਇਸ ਤੋਂ ਇਲਾਵਾ ਐਮਏ ਹਿੰਦੀ ਤੀਸਰਾ ਸਮੈਸਟਰ ਦੇ ਨਤੀਜੇ ਵਿੱਚ ਵਿਦਿਆਰਥਣ ਸੁਮਿਤੀ ਨੇ 8.20 ਐਸਜੀਪੀਏ ਦੇ ਨਾਲ ਯੂਨੀਵਰਸਿਟੀ ਵਿੱਚੋਂ ਤੀਸਰਾ ਸਥਾਨ, ਮੀਨਾਕਸ਼ੀ ਅਤੇ ਸ਼ੈਲੀ ਦੇਵੀ ਨੇ 7.60 ਐਸਜੀਪੀਏ ਦੇ ਨਾਲ 8ਵਾਂ ਸਥਾਨ, ਨੀਲਮ, ਨੇਹਾ, ਦੀਕਸ਼ਾ, ਵੰਦਨਾ ਨੇ 7.40 ਐਸਜੀਪੀਏ ਦੇ ਨਾਲ ਯੂਨੀਵਰਸਿਟੀ ਵਿੱਚੋਂ 7ਵਾਂ ਸਥਾਨ, ਪ੍ਰੀਤੀ, ਪ੍ਰਿਯੰਕਾ ਤੇ ਆਰਤੀ ਨੇ 7.00 ਐਸਜੀਪੀਏ ਦੇ ਨਾਲ 9ਵਾਂ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਮ ਰੋਸ਼ਨ ਕੀਤਾ ਹੈ। ਇਸ ਸ਼ਾਨਦਾਰ ਨਤੀਜੇ ਲਈ ਪ੍ਰਿੰਸੀਪਲ ਡਾ. ਆਰ.ਕੇ. ਤੁਲੀ ਨੇ ਵਿਭਾਗ ਦੇ ਅਧਿਆਪਕਾਂ ਪ੍ਰੋਫੈਸਰ ਕੰਵਲਜੀਤ ਕੌਰ, ਪ੍ਰੋਫੈਸਰ ਸੁਬੀਰ ਰਗਬੋਤਰਾ, ਪ੍ਰੋਫੈਸਰ ਅਮਨਜੀਤ ਕੌਰ ਅਤੇ ਪ੍ਰੋਫੈਸਰ ਨਵਿਤਾ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਮੇਹਨਤ ਨੂੰ ਸਲਾਹਿਆ। ਪ੍ਰਿੰਸੀਪਲ ਨੇ ਇਸ ਦੌਰਾਨ ਵਿਦਿਆਰਥੀਆਂ ਨੂੰ ਹੋਰ ਮੇਹਨਤ ਕਰਨ ਲਈ ਪ੍ਰੇਰਿਆ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਹੈ।

# ਸਿਵਲ ਸਰਜਨ ਵਲੋਂ ਆਮ ਆਦਮੀ ਕਲੀਨਿਕਾਂ ਲਈ ਇੱਕ ਹੋਰ ਡਾਕਟਰ ਨੂੰ ਦਿੱਤਾ ਗਿਆ ਨਿਯੁਕਤੀ ਪੱਤਰ

### ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਆਮ ਆਦਮੀ ਕਲੀਨਿਕ ਲੋਕਾਂ ਲਈ ਹੋ ਰਹੇ ਹਨ ਵਰਦਾਨ ਸਾਬਿਤ: ਡਾ ਸੁਨੀਲ ਬਾਂਸਲ



ਸ੍ਰੀ ਮੁਕਤਸਰ ਸਾਹਿਬ, 15 ਅਪ੍ਰੈਲ (ਜਸਪ੍ਰੀਤ ਸਿੰਘ) ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਵਧੀਆ ਅਤੇ ਘਰਾਂ ਦੇ ਨਜ਼ਦੀਕ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਸ਼ੁਰੂ ਕੀਤੇ ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ। ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਚ ਆਮ ਆਦਮੀ ਕਲੀਨਿਕਾਂ ਲਈ ਇਕ ਹੋਰ ਨਵੇਂ ਡਾਕਟਰ ਭਰਤੀ ਕੀਤੇ ਗਏ ਹਨ । ਇਸ ਭਰਤੀ ਕੀਤੇ ਗਏ ਡਾਕਟਰ ਨੂੰ ਅੱਜ ਡਾ. ਸੁਨੀਲ ਬਾਂਸਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਵਲੋਂ ਦਫਤਰ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਵਿਖੇ ਨਿਯੁਕਤੀ ਪੱਤਰ ਸੌਂਪਿਆ ਗਿਆ ਅਤੇ ਉਨ੍ਹਾ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰਨ ਲਈ ਪ੍ਰੇਰਨਾ ਦਿੱਤੀ।ਇਸ ਮੌਕੇ ਉਨ੍ਹਾਂ ਡਾਕਟਰਾਂ ਨੂੰ ਆਮ ਲੋਕਾਂ ਨਾਲ ਵਧੀਆ ਵਿਵਹਾਰ ਕਰਨ, ਪੂਰਾ ਸਮਾਂ ਡਿਊਟੀ ਕਰਨ ਅਤੇ ਵਧੀਆ ਇਲਾਜ ਕਰਨ ਲਈ ਕਿਹਾ ਤਾਂ ਜੋ ਆਮ ਲੋਕ ਸਰਕਾਰ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਸੁਨੀਲ ਬਾਂਸਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਡਾਕਟਰਅਰਪਣ ਸਿੱਧੂ ਆਮ ਆਦਮੀ ਭਾਈਕਾ ਕੇਰਾ ਵਿਖੇ ਆਪਣੀ ਸੇਵਾਵਾਂ ਨਿਭਾਉਣਗੇ। ਉਨ੍ਹਾ ਕਿਹਾ ਕਿ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਚ 24 ਆਮ ਆਦਮੀ ਕਲੀਨਿਕ ਸਫਲਤਾ ਪੂਰਵਕ ਚੱਲ ਰਹੇ ਹਨ ਅਤੇ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ। ਇਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿਚ ਕੁੱਤਿਆਂ ਦੇ ਕੱਟੇ ਮਰੀਜਾਂ ਲਈ ਐਂਟੀ ਰੈਬਿਜ਼ ਵੈਕਸੀਨ ਵੀ ਲਗਾਈ ਜਾ ਰਹੀ ਹੈ ਜਿਸ ਨਾਲ ਲੋਕਾਂ ਨੂੰ ਇਹ ਸਹੂਲਤ ਘਰਾਂ ਦੇ ਨੇੜੇ ਅਤੇ ਮੁਫਤ ਉਪਲੱਬਧ ਹੋ ਗਈ ਹੈ ਉਨ੍ਹਾ ਲੋਕਾਂ ਨੂੰ ਆਮ ਆਦਮੀ ਕਲੀਨਿਕਾਂ ਵਿਚ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਅਪੀਲ ਕੀਤੀ । ਇਸ ਮੌਕੇ ਡਾ ਹਰਕੀਰਤਨ ਸਿੰਘ ਜਿਲ੍ਹਾ ਐਪੀਡੀਮੋਲੋਜਿਸਟ, ਗੁਰਚਰਨ ਸਿੰਘ ਫਾਰਮੇਸੀ ਅਫਸਰ, ਭੁਪਿੰਦਰ ਸਿੰਘ ਸੀਨੀਅਰ ਸਹਾਇਕ, ਲੱਕੀ ਕੁਮਾਰ ਕਲਰਕ, ਪਵਿੱਤਰ ਸਿੰਘ ਐਮ.ਐਲ.ਟੀ., ਗੁਰਪ੍ਰੀਤ ਸਿੰਘ ਪੀ.ਏ. ਹਾਜ਼ਰ ਸਨ।

# ਪੰਜਾਬ ਦਾ ਸਰਬਪੱਖੀ ਵਿਕਾਸ ਮਾਨ ਸਰਕਾਰ ਦੀ ਸੱਚੀ ਨੀਅਤ ਦਾ ਪ੍ਰਮਾਣ: ਮਿੰਕੂ ਜਵੰਧਾ

ਭਵਾਨੀਗੜ੍ਹ, 15 ਅਪ੍ਰੈਲ (ਰਾਜ ਖੁਰਮੀ) ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਹੈ ਕਿ ਸੂਬੇ ਵਿੱਚ ਹੋ ਰਿਹਾ ਹਰ ਖੇਤਰ ਦਾ ਵਿਕਾਸ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਲੋਕ-ਹਿਤੈਸ਼ੀ ਸੋਚ ਅਤੇ ਸੱਚੀ ਨੀਅਤ ਦਾ ਸਪਸ਼ਟ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਘੱਟ ਸਮੇਂ ਵਿੱਚ ਉਹ ਕੰਮ ਕਰਕੇ ਵਿਖਾਏ ਹਨ, ਜਿਨ੍ਹਾਂ ਬਾਰੇ ਪਹਿਲੀਆਂ ਸਰਕਾਰਾਂ ਸਿਰਫ਼ ਦਾਅਵੇ ਹੀ ਕਰਦੀਆਂ



ਰਹੀਆਂ।ਡਾ. ਜਵੰਧਾ ਨੇ ਦੱਸਿਆ ਕਿ ਬਿਜਲੀ ਦੇ ਖੇਤਰ ਵਿੱਚ ਇਤਿਹਾਸਕ ਕਦਮ ਚੁੱਕਦੇ ਹੋਏ ਅੱਜ ਪੰਜਾਬ ਦੇ 90 ਫੀਸਦੀ ਤੋਂ ਵੱਧ ਘਰਾਂ ਨੂੰ ਜ਼ੀਰੋ ਬਿਜਲੀ ਬਿੱਲ ਮਿਲ ਰਿਹਾ ਹੈ, ਜਿਸ ਨਾਲ ਮੱਧਵਰਗੀ ਅਤੇ ਗਰੀਬ ਪਰਿਵਾਰਾਂ ਨੂੰ ਵੱਡੀ ਰਾਹਤ ਪ੍ਰਾਪਤ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਰੁਜ਼ਗਾਰ ਦੇ ਮੌਕੇ ਪੈਦਾ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਵਿਦੇਸ਼ਾਂ ਵੱਲ ਜਾਣ ਤੋਂ ਰੋਕਣ ਲਈ ਢੁਕਵੇਂ ਉਪਰਾਲੇ ਕੀਤੇ ਗਏ ਹਨ ਅਤੇ ਹੁਣ ਤੱਕ 65 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਪਾਰਦਰਸ਼ੀ ਢੰਗ ਨਾਲ ਯੋਗ ਉਮੀਦਵਾਰਾਂ ਨੂੰ ਦਿੱਤੀਆਂ ਜਾ ਚੁੱਕੀਆਂ ਹਨ।ਖੇਤੀਬਾੜੀ ਖੇਤਰ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਨਹਿਰੀ ਪਾਣੀ ਨੂੰ ਖੇਤਾਂ ਦੇ ਆਖਰੀ ਟੇਲ ਤੱਕ ਪਹੁੰਚਾ ਕੇ ਕਿਸਾਨਾਂ ਲਈ ਵੱਡੀ ਸਹੂਲਤ ਯਕੀਨੀ ਬਣਾਈ ਹੈ। ਇਸ ਨਾਲ ਜਿੱਥੇ ਧਰਤੀ ਹੇਠਲੇ ਪਾਣੀ ਦੀ ਬਚਤ ਹੋ ਰਹੀ ਹੈ, ਉੱਥੇ ਹੀ ਫਸਲਾਂ ਦੀ ਪੈਦਾਵਾਰ ਵਿੱਚ ਵੀ ਵਾਧਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਨੂੰ ਲਾਭਕਾਰੀ ਧੰਦਾ ਬਣਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ।ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਸਿੱਖਿਆ, ਸਿਹਤ ਅਤੇ ਬੁਨਿਆਦੀ ਢਾਂਚੇ ਵਿੱਚ ਹੋ ਰਹੇ ਸੁਧਾਰਾਂ ਨਾਲ "ਰੰਗਲਾ ਪੰਜਾਬ"ਦਾ ਸੁਪਨਾ ਹਕੀਕਤ ਬਣਦਾ ਜਾ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇਸ਼ ਦੇ ਅਗੇਅਨ ਸੂਬਿਆਂ ਵਿੱਚ ਸ਼ਾਮਲ ਹੋਵੇਗਾ। ਅੰਤ ਵਿੱਚ ਉਨ੍ਹਾਂ ਵਿਰੋਧੀ ਪਾਰਟੀਆਂ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਉਹ ਬਿਨਾਂ ਕਿਸੇ ਮੁੱਦੇ ਦੇ ਗੁੰਮਰਾਹਕੁੰਨ ਪ੍ਰਚਾਰ ਕਰ ਰਹੀਆਂ ਹਨ, ਜਦਕਿ ਸੂਬੇ ਦੇ ਲੋਕ ਹੁਣ ਜਾਗਰੂਕ ਹੋ ਚੁੱਕੇ ਹਨ ਅਤੇ ਵਿਕਾਸ ਕਰਨ ਵਾਲੀ ਸਰਕਾਰ ਦੇ ਨਾਲ ਡੱਟ ਕੇ ਖੜ੍ਹੇ ਹਨ।

# ਬਲਾਕ ਕਾਂਗਰਸ ਕਮੇਟੀ ਨੇ ਬਾਬਾ ਸਾਹਿਬ ਦੇ ਜਨਮ ਦਿਨ ਤੇ ਸ਼ਰਧਾ ਦੇ ਫੁੱਲ ਭੇਂਟ ਕੀਤੇ



ਮਾਛੀਵਾੜਾ ਸਾਹਿਬ 15 ਅਪ੍ਰੈਲ (ਮਾਸਟਰ ਸਤੀਸ਼ ਕੁਮਾਰ) ਸੰਵਿਧਾਨ ਨਿਰਮਾਤਾ, ਦੱਬੇ ਕੁਚਲੇ ਲੋਕਾਂ ਦੇ ਮਸੀਹਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਨ ਪੂਰੇ ਵਿਸ਼ਵ ਅੰਦਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ । ਇਸੇ ਤਹਿਤ ਮਾਛੀਵਾੜਾ ਸਾਹਿਬ ਵਿਖੇ ਬਲਾਕ ਕਾਂਗਰਸ ਕਮੇਟੀ ਵੱਲੋਂ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਨ ਤੇ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ਅਤੇ ਲੱਡੂ ਵੰਡੇ ਗਏ। ਡਾਕਟਰ ਭੀਮ ਰਾਓ ਅੰਬੇਡਕਰ ਚੌਂਕ ਕੁਹਾੜਾ ਰੋਡ ਮਾਛੀਵਾੜਾ ਵਿਖੇ ਉਨਾਂ ਦੀ ਮੂਰਤੀ ਤੇ ਫੁੱਲ ਮਾਦਾਵਾਂ ਭੇਂਟ ਕਰਨ ਉਪਰੰਤ ਕਾਂਗਰਸ ਬਲਾਕ ਮੀਡੀਆ ਇੰਚਾਰਜ ਵਨੀਤ ਕੁਮਾਰ ਝੜੌਦੀ ਨੇ ਕਿਹਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਜਿਨਾਂ ਨੇ ਦੇਸ਼ ਦਾ ਸੰਵਿਧਾਨ ਲਿਖਿਆ ਉਹਨਾਂ ਨੇ ਹਰ ਇੱਕ ਨਾਗਰਿਕ ਨੂੰ ਬਰਾਬਰ ਦਾ ਹੱਕ ਦਿੱਤਾ ਨੇ ਔਰਤਾਂ ਨੂੰ ਬਰਾਬਰ ਕਰਕੇ ਉਹਨਾਂ ਨੂੰ ਆਪਣੇ ਪੈਰਾਂ ਤੇ ਖੜਾ ਕਰ ਦਿੱਤਾ ਹੈ ।ਉਹਨਾਂ ਦੀ ਬਦੌਲਤ ਹੀ ਅੱਜ ਧੀਆਂ ਵੱਡੇ ਮੁਕਾਮ ਹਾਸਲ ਕਰ ਰਹੀਆਂ ਹਨ । ਡਾਕਟਰ ਸਾਹਿਬ ਨੇ ਆਪਣੇ ਜੀਵਨ ਵਿੱਚ ਅਨੇਕਾਂ ਹੀ ਦੁੱਖ ਝੱਲਕੇ ਪੜ੍ਹਾਈ ਕੀਤੀ ਅਤੇ ਵੱਡੀਆਂ ਡਿਗਰੀਆਂ ਪ੍ਰਾਪਤ ਕੀਤੀਆਂ। ਬਾਬਾ ਕੇ ਵੱਡੀ ਜ਼ਿੰਮੇਵਾਰੀ ਨਾਲ ਭਾਰਤ ਦਾ ਸੰਵਿਧਾਨ ਲਿਖਿਆ, ਜੋ ਦੇਸ਼ ਦੇ ਹਰ ਇੱਕ ਨਾਗਰਿਕ ਨੂੰ ਬਰਾਬਰਤਾ ਦਾ ਹੱਕ ਦਿੰਦਾ ਹੈ। ਪਰ ਦੇਸ਼ ਅੰਦਰ ਕੁਝ ਇਹੋ ਜਿਹੇ ਲੋਕ ਹਨ ਜੋ ਬਾਬਾ ਸਾਹਿਬ ਦੇ ਸੰਵਿਧਾਨ ਨੂੰ ਤੋੜਨ ਦੀਆਂ ਗੱਲਾਂ ਕਰਦੇ ਹਨ ਤੇ ਕਈ ਥਾਵਾਂ ਤੇ ਬਾਬਾ ਸਾਹਿਬ ਦੇ ਬੁੱਤਾਂ ਉੱਪਰ ਵੀ ਹਮਲਾ ਕੀਤਾ ਜਾਂਦਾ ਹੈ ਜੋ ਕਿ ਅਤਿ ਨਿੰਦਣਯੋਗ ਹੈ। ਉਹ ਅੱਜ ਵੀ ਲੋਕਾਂ ਦੇ , ਦਿਲਾਂ ਵਿੱਚ ਵਸਦੇ ਹਨ ।ਸਾਨੂੰ ਬਾਬਾ ਸਾਹਿਬ ਦੇ ਬਣਾਏ ਹੋਏ ਸੰਵਿਧਾਨ ਤੋਂ ਸੇਧ ਲੈਣੀ ਚਾਹੀਦੀ ਹੈ ।ਉਹਨਾਂ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਨ ਤੇ ਸਾਰੇ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ ਦਿੱਤੀਆਂ। ਇਸ ਮੌਕੇ ਮੰਡਲ ਪ੍ਰਧਾਨ ਨੰਦ ਕਿਸ਼ੋਰ, ਰਕੇਸ਼ ਕੁਮਾਰ ਸਿੰਦੂ, ਯੁਵਰਾਜਜੀਤ ਸਿੰਘ ਰਾਏ, ਅਰੁਣ ਸੁਭਾਸ਼ ਬੀਟਨ, ਅਮਰਜੀਤ ਸਿੰਘ ਕਾਲਾ, ਅੰਮ੍ਰਿਤ ਸਿੰਘ ਆਦਿ ਹਾਜ਼ਰ ਸਨ।